Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 137 Chief Editor : Chowdhary Prabhjit Singh, Editor : Chhatarpal Singh 98146-32807, Sunday 15 November 2026 Price : 2 Rs. Page : 6

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਫਤਹਿਗੜ੍ਹ ਸਾਹਿਬ ਵਿਖੇ 'ਸ਼ਹੀਦੀ ਸਭਾ' ਦੌਰਾਨ ਵਿਆਪਕ ਪ੍ਰਬੰਧਾਂ ਨੂੰ ਅੰਤਿਮ ਰੂਪ ਦੇਣ ਲਈ ਉੱਚ ਪੱਧਰੀ ਮੀਟਿੰਗ

ਫ਼ਤਹਿਗੜ੍ਹ ਸਾਹਿਬ, 14 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨੂੰ ਆਗਾਮੀ 'ਸ਼ਹੀਦੀ ਸਭਾ' ਦੌਰਾਨ ਸ੍ਰੀ ਫਤਿਹਗੜ੍ਹ ਸਾਹਿਬ ਆਉਣ ਵਾਲੀ ਸੰਗਤ ਲਈ ਵਿਆਪਕ ਪ੍ਰਬੰਧ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ 'ਸ਼ਹੀਦੀ ਸਭਾ' ਨੂੰ ਸ਼ਾਂਤਮਈ, ਸਤਿਕਾਰਯੋਗ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੋਈ ਕਸਰ ਬਾਕੀ ਨਹੀਂ ਛੱਡੇਗੀ। ਤਿਆਰੀਆਂ ਦਾ ਜਾਇਜ਼ਾ ਲੈਣ ਲਈ ਇੱਕ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸ਼ਹੀਦੀ ਸਭਾ ਸਿਰਫ਼ ਇੱਕ ਸਾਲਾਨਾ ਧਾਰਮਿਕ ਇਕੱਠ ਹੀ ਨਹੀਂ, ਸਗੋਂ ਛੋਟੇ ਸਾਹਿਬਜ਼ਾਦਿਆਂ - ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਕੁਰਬਾਨੀ ਨੂੰ ਨਮਨ ਕਰਨ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਦਾ ਪਵਿੱਤਰ ਮੌਕਾ ਹੈ। ਧਰਮ, ਸੱਚਾਈ ਅਤੇ ਮਨੁੱਖੀ ਕਦਰਾਂ-ਕੀਮਤਾਂ ਦੀ ਰਾਖੀ ਲਈ ਦਿੱਤੀ ਗਈ ਉਨ੍ਹਾਂ ਦੀ ਲਾਸਾਨੀ ਸ਼ਹਾਦਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਮੇਸ਼ਾ ਪ੍ਰੇਰਿਤ ਕਰਦੀ ਰਹੇਗੀ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀ ਸ਼ਹੀਦੀ ਸਭਾ ਦੌਰਾਨ ਇਤਿਹਾਸਕ ਨਗਰੀ ਦੇ ਦਰਸ਼ਨਾਂ ਲਈ ਲਗਭਗ 80 ਲੱਖ ਸੰਗਤ ਆਈ ਸੀ ਅਤੇ ਉਨ੍ਹਾਂ ਨੇ ਸਾਰੇ ਵਿਭਾਗਾਂ ਨੂੰ ਸੰਗਤਾਂ ਦੀ ਸੰਭਾਵਿਤ ਵੱਡੀ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਨੇੜਿਓਂ ਤਾਲਮੇਲ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, ਸ੍ਰੀ ਫਤਿਹਗੜ੍ਹ ਸਾਹਿਬ ਨੂੰ ਜਾਣ



ਵਾਲੀਆਂ ਸਾਰੀਆਂ ਸੜਕਾਂ ਦੀ ਜੰਗੀ ਪੱਧਰ 'ਤੇ ਮੁਰੰਮਤ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਸੰਗਤ ਨੂੰ ਪਵਿੱਤਰ ਨਗਰੀ ਦੀ ਯਾਤਰਾ ਦੌਰਾਨ ਕਿਸੇ ਵੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਕਿਹਾ ਕਿ ਇਸ ਦੌਰਾਨ ਟ੍ਰੈਫਿਕ ਦੀ ਸੁਚਾਰੂ ਆਵਾਜਾਈ ਲਈ ਪੁਖਤਾ ਪ੍ਰਬੰਧ ਕੀਤੇ ਜਾਣਗੇ ਅਤੇ ਖਾਸ ਕਰਕੇ ਐਕਸਪ੍ਰੈਸਵੇਅ ਅਤੇ ਹੋਰ ਪ੍ਰਮੁੱਖ ਪਹੁੰਚ ਸੜਕਾਂ ਦੇ ਨਾਲ-ਨਾਲ ਪਛਾਣੇ ਗਏ ਡਾਇਵਰਸ਼ਨ ਪੁਆਇੰਟਾਂ ਨੂੰ ਵਿਸ਼ੇਸ਼ ਤੌਰ 'ਤੇ ਦਰਸਾਇਆ ਜਾਵੇਗਾ। ਉਨ੍ਹਾਂ ਐਲਾਨ ਕੀਤਾ, ਸ਼ਹੀਦੀ ਸਭਾ ਦੌਰਾਨ ਪਿੰਡਾਂ ਅਤੇ ਨਾਲ ਲੱਗਦੇ ਖੇਤਰਾਂ ਤੋਂ ਆਉਣ ਵਾਲੀ ਸੰਗਤ ਦੀ ਸਹੂਲਤ ਲਈ 200 ਸ਼ਟਲ ਬੱਸਾਂ ਚੱਲਣਗੀਆਂ। ਬਜ਼ੁਰਗਾਂ ਅਤੇ ਲੰਬੀ ਦੂਰੀ ਤੱਕ ਤੁਰਨ ਤੋਂ ਅਸਮਰੱਥ ਲੋਕਾਂ ਲਈ ਈ-ਰਿਕਸ਼ਾ ਦੀ ਗਿਣਤੀ ਵੀ ਵਧਾਈ ਜਾਵੇਗੀ ਤਾਂ ਜੋ ਸੁਵਿਧਾਜਨਕ ਸੰਪਰਕ ਯਕੀਨੀ ਬਣਾਇਆ ਜਾ ਸਕੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੰਗਤਾਂ ਨੂੰ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਲਈ 20 ਆਮ ਆਦਮੀ ਕਲੀਨਿਕ ਕਾਰਜਸ਼ੀਲ ਕੀਤੇ ਜਾਣਗੇ। ਪ੍ਰਸ਼ਾਸਨ ਵੱਲੋਂ ਸੰਗਤ ਦੀ ਰਾਤ ਵੇਲੇ ਰਿਹਾਇਸ਼ ਲਈ ਵੀ ਪ੍ਰਬੰਧ ਕੀਤੇ ਜਾਣਗੇ, ਜਦੋਂ ਕਿ ਵੱਖ-ਵੱਖ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨਾਲ ਤਾਲਮੇਲ ਕਰਕੇ ਸੰਗਤ ਲਈ ਢੁਕਵੀਂ ਰਿਹਾਇਸ਼ ਸਹੂਲਤਾਂ ਯਕੀਨੀ ਬਣਾਈਆਂ ਜਾਣਗੀਆਂ। ਪਵਿੱਤਰ ਨਗਰੀ ਵਿੱਚ ਸਫਾਈ ਬਣਾਈ ਰੱਖਣ ਲਈ, ਉਨ੍ਹਾਂ ਨੇ ਨਗਰ ਕੌਂਸਲ ਦੇ ਕਰਮਚਾਰੀਆਂ ਤੋਂ ਇਲਾਵਾ 50 ਵਾਧੂ ਵਲੰਟੀਅਰਾਂ ਦੀ ਤਾਇਨਾਤੀ ਦੇ ਨਿਰਦੇਸ਼ ਦਿੱਤੇ। ਸਾਫ਼-ਸਫ਼ਾਈ ਦੇ ਵਿਆਪਕ ਪ੍ਰਬੰਧਾਂ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਯਮਤ ਸਫ਼ਾਈ, ਰਹਿੰਦ-ਖੂੰਹਦ ਦੇ ਸੁਚੱਜੇ ਨਿਪਟਾਰੇ ਅਤੇ ਜਨਤਕ ਸਹੂਲਤਾਂ ਦੀ ਦੇਖਭਾਲ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਨੇ ਸੰਗਤ ਦੀ ਵਧੇਰੇ ਆਮਦ ਵਾਲੇ ਦਿਨਾਂ ਦੌਰਾਨ ਨਿਰਵਿਘਨ ਸੰਪਰਕ ਨੂੰ ਯਕੀਨੀ ਬਣਾਉਣ ਲਈ ਵਾਧੂ ਮੋਬਾਈਲ ਟਾਵਰਾਂ ਰਾਹੀਂ ਮੋਬਾਈਲ ਨੈੱਟਵਰਕ ਸਮਰੱਥਾ ਵਧਾਉਣ ਦੇ ਵੀ ਆਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨਾਲ ਜੁੜਿਆ ਇੱਕ ਸਮਰਪਿਤ ਕੰਟਰੋਲ ਰੂਮ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨ ਅਤੇ ਐਮਰਜੈਂਸੀ ਪ੍ਰਤੀਕਿਰਿਆਵਾਂ ਲਈ ਦਿਨ-ਰਾਤ ਕਾਰਜਸ਼ੀਲ ਰਹੇਗਾ। ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਪੁਲਿਸ ਵਿਭਾਗ ਨੂੰ ਸੁਰੱਖਿਆ ਦੇ ਪੁਖਤਾ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਸੰਗਤਾਂ ਨੂੰ ਕਿਸੇ ਵੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਨੇ ਤਰੁੰਤ ਕਾਰਵਾਈ ਕਰਨ ਅਤੇ ਟ੍ਰੈਫਿਕ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਲਈ ਵਿਆਪਕ ਸੁਰੱਖਿਆ ਮੁਲਾਂਕਣ ਅਤੇ ਮੋਟਰਸਾਈਕਲ ਗਸ਼ਤ ਯੂਨਿਟਾਂ ਦੀ ਤਾਇਨਾਤੀ ਲਈ ਵੀ ਨਿਰਦੇਸ਼ ਦਿੱਤੇ। ਨਿਗਰਾਨੀ ਨੂੰ ਮਜ਼ਬੂਤ ਕਰਨ ਅਤੇ ਸੰਗਤ ਨੂੰ ਤੁਰੰਤ ਸਹਾਇਤਾ ਪ੍ਰਦਾਨ ਕਰਨ ਲਈ ਰਣਨੀਤਕ ਸਥਾਨਾਂ 'ਤੇ ਵਾਚਟਾਵਰ ਅਤੇ ਛੇ ਪੁਲਿਸ ਹੈਲਪ ਡੈਸਕ ਵੀ ਸਥਾਪਤ ਕੀਤੇ ਜਾਣਗੇ। ਭਗਵੰਤ ਸਿੰਘ ਮਾਨ ਨੇ ਪੁਲਿਸ ਨੂੰ ਸੰਗਤ ਦੀ ਆਵਾਜਾਈ ਦੀ ਨਿਗਰਾਨੀ ਕਰਨ ਅਤੇ ਸੁਰੱਖਿਆ ਸਬੰਧੀ ਸੰਭਾਵੀ ਚਿੰਤਾਵਾਂ ਦੀ ਪਛਾਣ ਕਰਨ ਲਈ ਏਆਈ-ਸਮਰੱਥ ਕੈਮਰਾ ਸਿਸਟਮ ਸਮੇਤ ਆਧੁਨਿਕ ਤਕਨਾਲੋਜੀ ਦੀ ਵਿਆਪਕ ਵਰਤੋਂ ਕਰਨ ਦੇ ਨਿਰਦੇਸ਼ ਵੀ ਦਿੱਤੇ। ਉਨ੍ਹਾਂ ਨੇ ਸੰਗਤ ਅਤੇ ਆਲੇ ਦੁਆਲੇ ਦੇ ਖੇਤਰਾਂ 'ਤੇ ਨੇੜਿਓਂ ਨਜ਼ਰ ਰੱਖਣ ਲਈ ਡਰੋਨ-ਅਧਾਰਤ ਗਸ਼ਤ ਅਤੇ ਸੰਵੇਦਨਸ਼ੀਲ ਥਾਵਾਂ 'ਤੇ ਲੋੜੀਂਦੀ ਪੁਲਿਸ ਤਾਇਨਾਤੀ ਨੂੰ ਯਕੀਨੀ ਦੇ ਵੀ ਆਦੇਸ਼ ਦਿੱਤੇ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੜਕਾਂ ਦੀ ਮੁਰੰਮਤ ਲਈ ਪਹਿਲਾਂ ਹੀ ਫੰਡ ਜਾਰੀ ਕਰ ਦਿੱਤੇ ਗਏ ਹਨ ਅਤੇ ਅਧਿਕਾਰੀਆਂ ਨੂੰ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਕੰਮ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਉਨ੍ਹਾਂ ਕਿਹਾ, ਇਹ ਪਵਿੱਤਰ ਧਰਤੀ ਨਾ ਸਿਰਫ਼ ਸਿੱਖਾਂ ਲਈ ਸਗੋਂ ਸਮੁੱਚੀ ਮਨੁੱਖਤਾ ਲਈ ਪ੍ਰੇਰਨਾ ਦਾ ਸਰੋਤ ਹੈ ਕਿਉਂਕਿ ਹਰ ਸਾਲ ਦੇਸ਼-ਵਿਦੇਸ਼ ਤੋਂ ਭਾਰੀ ਗਿਣਤੀ ਵਿੱਚ ਸੰਗਤ ਦਰਸ਼ਨਾਂ ਲਈ ਆਉਂਦੀ ਹੈ ਅਤੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸ਼ਰਧਾਂਜਲੀ ਭੇਟ ਕਰਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਉਹ ਪ੍ਰਬੰਧਾਂ ਦੀ ਖੁਦ ਨਿਗਰਾਨੀ ਕਰਨਗੇ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਰੇ ਕੰਮ ਸਮੇਂ ਸਿਰ ਨੇਪਰੇ ਚਾੜੇ ਜਾਣ। ਉਨ੍ਹਾਂ ਅੱਗੇ ਕਿਹਾ ਕਿ ਇਸ ਪਵਿੱਤਰ ਧਰਤੀ 'ਤੇ ਸਾਹਿਬਜ਼ਾਦਾ ਜ਼ੋਰਾਵਰ ਸਿੰਘ ਜੀ, ਸਾਹਿਬਜ਼ਾਦਾ ਫਤਿਹ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਵੱਲੋਂ ਦਿੱਤੀ ਗਈ ਲਾਸਾਨੀ ਸ਼ਹਾਦਤ ਨੇ ਪੰਜਾਬੀਆਂ ਦੀਆਂ ਕਈ ਪੀੜ੍ਹੀਆਂ ਨੂੰ ਬੇਇਨਸਾਫ਼ੀ, ਜ਼ੁਲਮ ਅਤੇ ਅੱਤਿਆਚਾਰ ਵਿਰੁੱਧ ਖੜ੍ਹੇ ਹੋਣ ਲਈ ਪ੍ਰੇਰਿਤ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਛੋਟੇ ਸਾਹਿਬਜ਼ਾਦਿਆਂ ਵੱਲੋਂ ਇੰਨੀ ਛੋਟੀ ਉਮਰ ਵਿੱਚ ਦਿੱਤੀ ਗਈ ਮਹਾਨ ਕੁਰਬਾਨੀ ਵਰਗੀ ਕੋਈ ਹੋਰ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਕਿਤੇ ਨਹੀਂ ਮਿਲਦੀ।ਸ਼ਹੀਦੀ ਸਭਾ ਦੌਰਾਨ ਹਰ ਸਾਲ ਲੱਖਾਂ ਦੀ ਗਿਣਤੀ ਵਿੱਚ ਸੰਗਤ ਸ੍ਰੀ ਫਤਿਹਗੜ੍ਹ ਸਾਹਿਬ ਦੇ ਦਰਸ਼ਨ ਲਈ ਆਉਂਦੀ ਹੈ, ਇਸ ਲਈ ਸੂਬਾ ਸਰਕਾਰ ਵੱਲੋਂ ਆਉਣ ਵਾਲੀ ਸੰਗਤ ਦੀ ਸੁਵਿਧਾ ਲਈ ਇਸ ਇਤਿਹਾਸਕ ਨਗਰੀ ਨੂੰ ਨਵਾਂ ਰੂਪ ਦਿੱਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਦੁਹਰਾਇਆ ਕਿ ਇਸ ਪਵਿੱਤਰ ਸਥਾਨ ਦੇ ਦਰਸ਼ਨ ਕਰਨ ਵਾਲੀਆਂ ਸੰਗਤਾਂ ਨੂੰ ਸਹੂਲਤ ਪ੍ਰਦਾਨ ਕਰਨਾ ਸੂਬਾ ਸਰਕਾਰ ਦਾ ਮੁੱਖ ਫਰਜ਼ ਹੈ ਅਤੇ ਪ੍ਰਸ਼ਾਸਨ ਨੂੰ ਇੱਕ ਮਜ਼ਬੂਤ ਵਿਧੀ ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸ਼ਹੀਦੀ ਸਭਾ ਦੌਰਾਨ ਸੰਗਤ ਨੂੰ ਕਿਸੇ ਵੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।

ਕੇਜਰੀਵਾਲ ਨੇ ਧਮਕੀ ਦੇਣ ਵਾਲਾ ਹਰਿਆਣਾ ਤੋਂ ਗ੍ਰਿਫ਼ਤਾਰ, ਇੱਕ ਦਿਨ ਦੇ ਪੁਲਿਸ ਰਿਮਾਂਡ 'ਤੇ

ਮੁਹਾਲੀ, 14 ਨਵੰਬਰ
--ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਧਮਕੀ ਦੇਣ ਦੇ ਮਾਮਲੇ ਵਿੱਚ ਪੰਜਾਬ ਪੁਲੀਸ ਨੇ ਹਰਿਆਣਾ ਦੇ ਰੋਹਤਕ ਤੋਂ ਇੱਕ ਮੁਲਜ਼ਮ ਨੂੰ ਗ੍ਰਿਫ਼ਤਾਰ ਕੀਤਾ ਹੈ। ਮੁਲਜ਼ਮ ਦੀ ਪਛਾਣ ਕੋਮਲ ਉਰਫ਼ ਕੋਬਰਾ ਜਾਂਗੜਾ ਵਜੋਂ ਹੋਈ ਹੈ। ਪੁਲੀਸ ਨੇ ਸ਼ਨੀਵਾਰ ਨੂੰ ਉਸ ਨੂੰ ਅਦਾਲਤ ਵਿੱਚ ਪੇਸ਼ ਕਰਕੇ ਇੱਕ ਦਿਨ ਦਾ ਪੁਲੀਸ ਰਿਮਾਂਡ ਹਾਸਲ ਕੀਤਾ ਹੈ। ਹੁਣ ਪੁਲੀਸ ਮੁਲਜ਼ਮ ਤੋਂ ਪੁੱਛਗਿੱਛ ਕਰਕੇ ਧਮਕੀ ਦੇਣ ਦੇ ਮਕਸਦ ਅਤੇ ਵਰਤੇ ਗਏ ਮੋਬਾਈਲ ਨੰਬਰਾਂ ਬਾਰੇ ਬਾਰੀਕੀ ਨਾਲ ਜਾਂਚ ਕਰ ਰਹੀ ਹੈ। ਮੁਲਜ਼ਮ ਦੇ ਭਰਾ ਤਿਲਕਰਾਜ ਅਨੁਸਾਰ ਪੰਜਾਬ ਪੁਲੀਸ 12 ਨਵੰਬਰ ਨੂੰ ਰੋਹਤਕ ਦੀ ਸ਼ਾਸਤਰੀ ਕਲੋਨੀ ਤੋਂ ਕੋਮਲ ਨੂੰ ਆਪਣੇ ਨਾਲ ਲੈ ਗਈ ਸੀ ਅਤੇ ਪਰਿਵਾਰ ਨੂੰ ਬਾਅਦ ਵਿੱਚ ਉਸ ਦੀ ਗ੍ਰਿਫ਼ਤਾਰੀ ਦੇ ਕਾਰਨਾਂ ਦਾ ਪਤਾ ਲੱਗਾ। ਕੋਮਲ ਮੂਲ ਰੂਪ ਵਿੱਚ ਰੋਹਤਕ



ਦੇ ਪਿੰਡ ਸਮਰਗੋਪਾਲਪੁਰ ਕਲਾਂ ਦਾ ਰਹਿਣ ਵਾਲਾ ਹੈ ਅਤੇ ਪਿਛਲੇ ਕੁਝ ਸਾਲਾਂ ਤੋਂ ਆਪਣੇ ਪਰਿਵਾਰ ਸਮੇਤ ਅੰਮ੍ਰਿਤ ਕਲੋਨੀ ਵਿੱਚ ਰਹਿ ਰਿਹਾ ਸੀ। ਜਾਣਕਾਰੀ ਮੁਤਾਬਕ ਮੁਲਜ਼ਮ ਰੋਹਤਕ ਦੇ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਕਲਰਕ ਵਜੋਂ ਤਾਇਨਾਤ ਸੀ, ਜਿਸ ਨੂੰ ਕਰੀਬ ਛੇ ਮਹੀਨੇ ਪਹਿਲਾਂ ਨੌਕਰੀ ਤੋਂ ਬਰਖਾਸਤ ਕਰ ਦਿੱਤਾ ਗਿਆ ਸੀ। ਦੱਸਿਆ ਜਾਂਦਾ ਹੈ ਕਿ ਉਸ ਨੂੰ ਆਪਣਾ ਨਾਂ ਪਸੰਦ ਨਹੀਂ ਸੀ, ਜਿਸ ਕਾਰਨ ਉਸ ਨੇ ਆਪਣਾ ਨਾਂ ਬਦਲ ਕੇ 'ਕੋਬਰਾ' ਰੱਖ ਲਿਆ ਸੀ।

ਇਸ ਮਾਮਲੇ ਦੀ ਸ਼ੁਰੂਆਤ ਦਿੱਲੀ ਦੇ ਤਿਲਕ ਨਗਰ ਤੋਂ 'ਆਪ' ਵਿਧਾਇਕ ਜਰਨੈਲ ਸਿੰਘ ਦੀ ਸ਼ਿਕਾਇਤ ਤੋਂ ਬਾਅਦ ਹੋਈ ਸੀ। ਵਿਧਾਇਕ ਨੇ ਪੁਲੀਸ ਨੂੰ ਦੱਸਿਆ ਸੀ ਕਿ 6 ਨਵੰਬਰ ਨੂੰ ਸ਼ਾਮ ਕਰੀਬ ਛੇ ਵਜੇ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਇੱਕ ਅਣਪਛਾਤੇ ਨੰਬਰ ਤੋਂ ਕਾਲ ਆਈ ਸੀ ਅਤੇ ਵਟਸਐਪ 'ਤੇ ਵੀ ਧਮਕੀ ਭਰਿਆ ਸੁਨੇਹਾ ਭੇਜਿਆ ਗਿਆ ਸੀ। ਇਸ ਸ਼ਿਕਾਇਤ ਦੇ ਆਧਾਰ 'ਤੇ ਪੁਲੀਸ ਨੇ ਤਕਨੀਕੀ ਜਾਂਚ ਸ਼ੁਰੂ ਕੀਤੀ ਅਤੇ ਕਾਲ ਡਿਟੇਲ ਤੇ ਲੋਕੇਸ਼ਨ ਦੇ ਆਧਾਰ 'ਤੇ ਰੋਹਤਕ ਵਾਸੀ ਕੋਮਲ ਉਰਫ਼ ਕੋਬਰਾ ਨੂੰ ਕਾਬੂ ਕਰ ਲਿਆ। ਫਿਲਹਾਲ ਪੁਲੀਸ ਰਿਮਾਂਡ ਦੌਰਾਨ ਮੁਲਜ਼ਮ ਦੇ ਮੋਬਾਈਲ ਫੋਨ, ਕਾਲ ਰਿਕਾਰਡ ਅਤੇ ਵਟਸਐਪ ਚੈਟ ਖੰਗਾਲਣ ਦੇ ਨਾਲ-ਨਾਲ ਇਸ ਸਾਜ਼ਿਸ਼ ਵਿੱਚ ਕਿਸੇ ਹੋਰ ਵਿਅਕਤੀ ਦੀ ਸ਼ਮੂਲੀਅਤ ਬਾਰੇ ਵੀ ਪੁੱਛਗਿੱਛ ਕਰ ਰਹੀ ਹੈ।

ਪੰਜਾਬ ਦੀ ਜਨਤਾ ਨਾਲ ਝੂਠੇ ਵਾਅਦੇ ਕਰਕੇ ਸੱਤਾ ਵਿੱਚ ਆਈ ਆਮ ਆਦਮੀ ਪਾਰਟੀ ਨੇ ਸੂਬੇ ਨੂੰ ਭ੍ਰਿਸ਼ਟਾਚਾਰ, ਨਸ਼ਿਆਂ ਅਤੇ ਅਵਿਵਸਥਾ ਵੱਲ ਧੱਕਿਆ : ਸੈਣੀ



ਪਟਿਆਲਾ, 14 ਨਵੰਬਰ
-ਛਤਰਪਾਲ ਸਿੰਘ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਲ 2022 ਵਿੱਚ ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਉਮੀਦ ਨਾਲ ਆਮ ਆਦਮੀ ਪਾਰਟੀ ਨੂੰ 117 ਵਿੱਚੋਂ 92 ਸੀਟਾਂ ਦੇ ਕੇ ਇਤਿਹਾਸਕ ਫ਼ਤਵਾ ਦਿੱਤਾ ਸੀ। ਲੋਕਾਂ ਨੂੰ ਉਮੀਦ ਸੀ ਕਿ ਸੂਬੇ ਵਿੱਚੋਂ ਨਸ਼ੇ ਖ਼ਤਮ ਹੋਣਗੇ, ਨੌਜਵਾਨਾਂ ਨੂੰ ਰੁਜ਼ਗਾਰ ਮਿਲੇਗਾ, ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਹੋਵੇਗਾ ਅਤੇ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਮਿਲੇਗਾ। ਆਮ ਆਦਮੀ ਪਾਰਟੀ ਨੇ ਖੁਦ ਨੂੰ ਕੱਟੜ ਇਮਾਨਦਾਰ ਦੱਸ ਕੇ ਜਨਤਾ ਦਾ ਭਰੋਸਾ ਜਿੱਤਿਆ ਸੀ, ਪਰ ਅੱਜ ਪੰਜਾਬ ਦੀ ਜਨਤਾ ਆਪਣੇ ਉਨ੍ਹਾਂ ਵਾਅਦਿਆਂ ਦਾ ਹਿਸਾਬ ਮੰਗ ਰਹੀ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਸ਼ਨੀਵਾਰ ਨੂੰ ਪੰਜਾਬ ਦੇ ਪਟਿਆਲਾ ਵਿਖੇ ਆਯੋਜਿਤ ਇੱਕ ਪ੍ਰੋਗਰਾਮ ਨੂੰ ਸੰਬੋਧਿਤ ਕਰ ਰਹੇ ਸਨ। ਇਸ ਦੌਰਾਨ ਸਰਦਾਰ ਹਰਿੰਦਰ ਸਿੰਘ ਸਬਰਵਾਲ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਲੋਕਾਂ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਉਨ੍ਹਾਂ ਦਾ ਸਵਾਗਤ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਤੁਹਾਡੇ ਸਾਰਿਆਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਪੰਜਾਬ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਭਾਜਪਾ ਪਰਿਵਾਰ ਵਿੱਚ ਸ਼ਾਮਲ ਹੋਏ ਸਾਰੇ ਸਾਥੀਆਂ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ ਕਿ ਉਹ ਪਟਿਆਲਾ ਦੀ ਇਸ ਪਵਿੱਤਰ ਧਰਤੀ 'ਤੇ ਮੌਜੂਦ ਹਨ। ਪਟਿਆਲਾ ਦੀ ਧਰਤੀ ਦੇ ਕਣ-ਕਣ ਵਿੱਚ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਕੁਰਬਾਨੀਆਂ ਦੀਆਂ ਗਾਥਾਵਾਂ ਸਮਾਈਆਂ ਹੋਈਆਂ ਹਨ। ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਵਿੱਤਰ ਚਰਨਾਂ ਨਾਲ ਇਹ ਧਰਤੀ ਪਵਿੱਤਰ ਹੋਈ ਹੈ। ਇੱਥੇ ਸਥਿਤ ਗੁਰਦੁਆਰਾ ਸ੍ਰੀ ਦੁਖਨਿਵਾਰਨ ਸਾਹਿਬ ਅਤੇ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਸ਼ਰਧਾ ਅਤੇ ਆਸਥਾ ਦੇ ਪ੍ਰਮੁੱਖ ਕੇਂਦਰ ਹਨ। ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਦਿੱਤਾ ਗਿਆ ਸਰਬੱਤ ਦੇ ਭਲੇ ਦਾ ਸੰਦੇਸ਼ ਅੱਜ ਵੀ ਹਰ ਦਿਲ ਵਿੱਚ ਵੱਸਿਆ ਹੋਇਆ ਹੈ। ਇਹ ਧਰਤੀ ਬਾਬਾ ਆਲਾ ਸਿੰਘ ਜੀ ਦੀ ਬਹਾਦਰੀ ਅਤੇ ਮਹਾਰਾਜਾ ਭੁਪਿੰਦਰ ਸਿੰਘ ਜੀ ਦੀ ਵਿਰਾਸਤ ਦੀ ਵੀ ਗਵਾਹ ਹੈ।

ਪੰਜਾਬ ਅਤੇ ਹਰਿਆਣਾ ਦਾ ਰਿਸ਼ਤਾ ਸਿਆਸਤ ਦਾ ਨਹੀਂ, ਸਗੋਂ ਖ਼ੂਨ ਅਤੇ ਪਰਿਵਾਰ ਦਾ ਰਿਸ਼ਤਾ ਹੈ

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਅਤੇ ਹਰਿਆਣਾ ਦਾ ਰਿਸ਼ਤਾ ਸਿਰਫ਼ ਸਿਆਸਤ ਦਾ ਨਹੀਂ, ਸਗੋਂ ਖ਼ੂਨ ਅਤੇ ਪਰਿਵਾਰ ਦਾ ਰਿਸ਼ਤਾ ਹੈ। ਜਦੋਂ ਪੰਜਾਬ ਦੇ ਲੋਕ ਦੁਖੀ ਹੁੰਦੇ ਹਨ ਤਾਂ ਹਰਿਆਣਾ ਦੇ ਲੋਕਾਂ ਦੇ ਦਿਲਾਂ ਵਿੱਚ ਵੀ ਪੀੜ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜਿਸ ਪੰਜਾਬ ਨੇ ਦੇਸ਼ ਦਾ ਢਿੱਡ ਭਰਨ ਅਤੇ ਦੇਸ਼ ਦੀਆਂ ਸਰਹੱਦਾਂ ਦੀ ਰੱਖਿਆ ਕਰਨ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ, ਅੱਜ ਉਸੇ ਪੰਜਾਬ ਨੂੰ ਕੁਝ ਸੁਆਰਥੀ ਲੋਕਾਂ ਨੇ ਆਪਣੇ ਸਿਆਸੀ ਹਿੱਤ ਸਾਧਣ ਲਈ ਪਿੱਛੇ ਧੱਕਣ ਦਾ ਕੰਮ ਕੀਤਾ ਹੈ। ਉਨ੍ਹਾਂ ਨੇ ਕਾਂਗਰਸ 'ਤੇ ਵੀ ਨਿਸ਼ਾਨਾ ਸਾਧਦਿਆਂ ਕਿਹਾ ਕਿ ਕਾਂਗਰਸ ਨੇ ਆਪਣੇ ਸ਼ਾਸਨਕਾਲ ਦੌਰਾਨ ਪੰਜਾਬ ਦੇ ਹਰ ਘਰ ਵਿੱਚ ਰੁਜ਼ਗਾਰ ਦੇਣ ਅਤੇ ਨਸ਼ਿਆਂ ਨੂੰ ਖ਼ਤਮ ਕਰਨ ਦੇ ਵਾਅਦੇ ਕੀਤੇ ਸਨ, ਪਰ ਇਨ੍ਹਾਂ ਵਾਅਦਿਆਂ ਦਾ ਨਤੀਜਾ ਜ਼ੀਰੋ ਰਿਹਾ। ਇਸ ਤੋਂ ਬਾਅਦ ਆਮ ਆਦਮੀ ਪਾਰਟੀ ਨੇ ਜਨਤਾ ਨੂੰ ਭਰੋਸਾ ਦਿਵਾਇਆ ਕਿ ਉਹ ਪੰਜਾਬ ਦਾ ਭਲਾ ਕਰੇਗੀ, ਪਰ ਕਾਂਗਰਸ ਤੋਂ ਵੀ ਅੱਗੇ ਵਧ ਕੇ ਪੰਜਾਬ ਨੂੰ ਲੁੱਟਣ ਅਤੇ ਭ੍ਰਿਸ਼ਟਾਚਾਰ ਦੀ ਦਲਦਲ ਵਿੱਚ ਧੱਕਣ ਦਾ ਕੰਮ ਕੀਤਾ।

ਮੁੱਖ ਮੰਤਰੀ ਨੇ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ 'ਤੇ ਤੰਜ ਕੱਸਦਿਆਂ ਕਿਹਾ ਕਿ ਪੰਜ ਸਾਲ ਚੁਟਕਲਿਆਂ ਵਿੱਚ ਹੀ ਬਿਤਾ ਦਿੱਤੇ ਗਏ। ਉਨ੍ਹਾਂ ਕਿਹਾ ਕਿ ਚੁਟਕਲੇ ਸਿਨੇਮਾ ਹਾਲ ਵਿੱਚ ਸੁਣਨ ਨੂੰ ਚੰਗੇ ਲੱਗਦੇ ਹਨ, ਪਰ ਜਨਤਾ ਵਿੱਚ ਕੰਮ ਦੀਆਂ ਗੱਲਾਂ ਹੁੰਦੀਆਂ ਹਨ। ਚੁਟਕਲਿਆਂ ਨਾਲ ਸੂਬੇ ਦਾ ਵਿਕਾਸ ਨਹੀਂ ਹੁੰਦਾ ਅਤੇ ਨਾ ਹੀ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਹੁੰਦਾ ਹੈ। ਜਨਤਾ ਦੇਖਦੀ ਹੈ ਕਿ ਸਰਕਾਰ ਨੇ ਉਸ ਲਈ ਕੀ ਕੰਮ ਕੀਤਾ ਹੈ।

ਪੰਜਾਬ ਵਿਧਾਨ ਸਭਾ ਚੋਣਾਂ-2027 ਦੀਆਂ ਤਿਆਰੀਆਂ ਤਹਿਤ ਈ.ਵੀ.ਐੱਮ. ਅਤੇ ਵੀ.ਵੀ.ਪੀ.ਏ.ਟੀ. ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ ਜਾਰੀ



ਫ਼ਤਹਿਗੜ੍ਹ ਸਾਹਿਬ, 14 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿਧਾਨ ਸਭਾ ਦੀਆਂ ਆਗਾਮੀ ਚੋਣਾਂ-2027 ਦੇ ਮੱਦੇਨਜ਼ਰ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐੱਮ.) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀ.ਵੀ.ਪੀ.ਏ.ਟੀ.) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐੱਫ.ਐੱਲ.ਸੀ.) ਦੀ ਪ੍ਰਕਿਰਿਆ ਜਾਰੀ ਹੈ। ਇਸ ਚੈਕਿੰਗ ਦਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਵੱਲੋਂ ਜਾਇਜ਼ਾ ਲਿਆ ਗਿਆ। ਇਸ ਮੌਕੇ ਡਾ. ਸੋਨਾ ਥਿੰਦ ਨੇ ਦੱਸਿਆ ਕਿ ਫਸਟ ਲੈਵਲ ਚੈਕਿੰਗ ਚੋਣਾਂ ਦੀਆਂ ਤਿਆਰੀਆਂ ਦਾ ਅਹਿਮ ਪੜਾਅ ਹੈ, ਜਿਸ ਦਾ ਮੁੱਖ ਉਦੇਸ਼ ਈ.ਵੀ.ਐੱਮ. ਅਤੇ ਵੀ.ਵੀ.ਪੀ.ਏ.ਟੀ. ਮਸ਼ੀਨਾਂ ਦੀ ਤਕਨੀਕੀ ਕਾਰਜਕੁਸ਼ਲਤਾ ਦੀ ਬਾਰੀਕੀ ਨਾਲ ਜਾਂਚ ਕਰਨਾ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਦਰੁਸਤ ਅਤੇ ਕਾਰਜਸ਼ੀਲ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਇਹ ਸਮੁੱਚੀ ਜਾਂਚ ਜ਼ਿਲ੍ਹਾ ਚੋਣ ਅਫ਼ਸਰ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਿਟਿਡ (ਬੀ.ਈ.ਐੱਲ.) ਦੇ ਅਧਿਕਾਰਤ ਇੰਜੀਨੀਅਰਾਂ ਵੱਲੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਦੌਰਾਨ ਪਾਰਦਰਸ਼ਤਾ, ਸੁਰੱਖਿਆ ਅਤੇ ਜਵਾਬਦੇਹੀ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਸਿਆਸੀ ਪਾਰਟੀਆਂ ਦੇ ਅਧਿਕਾਰਤ ਨੁਮਾਇੰਦਿਆਂ ਨੂੰ ਵੀ ਇਸ ਪੂਰੀ ਪ੍ਰਕਿਰਿਆ ਦਾ ਨਿਰੀਖਣ ਕਰਨ ਦੀ ਸਹੂਲਤ ਦਿੱਤੀ ਜਾ ਰਹੀ ਹੈ। ਜ਼ਿਲ੍ਹਾ ਚੋਣ ਅਫ਼ਸਰ ਨੇ ਸਿਆਸੀ ਪਾਰਟੀਆਂ ਦੇ ਪ੍ਰਧਾਨਾਂ ਨੂੰ ਅਪੀਲ ਕੀਤੀ ਕਿ ਉਹ ਐੱਫ.ਐੱਲ.ਸੀ. ਪ੍ਰਕਿਰਿਆ ਦਾ ਨਿਰੀਖਣ ਕਰਨ ਲਈ ਆਪਣੀ ਪਾਰਟੀ ਦੇ ਨੁਮਾਇੰਦੇ ਨਾਮਜ਼ਦ ਕਰਨ ਅਤੇ ਉਨ੍ਹਾਂ ਦੀ ਸੂਚੀ ਜ਼ਿਲ੍ਹਾ ਚੋਣ ਦਫ਼ਤਰ ਵਿਖੇ ਜਮ੍ਹਾਂ ਕਰਵਾਉਣ, ਤਾਂ ਜੋ ਚੋਣ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਅਤੇ ਲੋਕਾਂ ਦੇ ਵਿਸ਼ਵਾਸ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਐੱਫ.ਐੱਲ.ਸੀ. ਦੌਰਾਨ ਜ਼ਿਲ੍ਹਾ ਪੱਧਰੀ ਈ.ਵੀ.ਐੱਮ. ਵੇਅਰਹਾਊਸ ਵਿਖੇ ਦਾਖ਼ਲੇ ਲਈ ਸਿਆਸੀ ਪਾਰਟੀਆਂ ਵੱਲੋਂ ਨਾਮਜ਼ਦ ਕੀਤੇ ਗਏ ਨੁਮਾਇੰਦਿਆਂ ਲਈ ਐਂਟਰੀ ਪਾਸ ਲਾਜ਼ਮੀ ਹੋਣਗੇ।

ਸਮੂਹ ਪੰਜਾਬੀਆਂ ਅਤੇ ਪਿਆਰੇ ਬੱਚਿਆਂ ਨੂੰ 'ਬਾਲ ਦਿਵਸ' ਦੀਆਂ ਬਹੁਤ-ਬਹੁਤ ਮੁਬਾਰਕਾਂ : ਮੁੱਖ ਮੰਤਰੀ ਮਾਨ



ਚੰਡੀਗੜ੍ਹ, 14 ਨਵੰਬਰ
--ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਮਾਨ ਬਾਲ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਹਨ। ਉਨ੍ਹਾਂ ਇਕ ਪੋਸਟ ਸਾਂਝੀ ਕਰ ਕੇ ਕਿਹਾ ਕਿ ਸਮੂਹ ਪੰਜਾਬੀਆਂ ਅਤੇ ਪਿਆਰੇ ਬੱਚਿਆਂ ਨੂੰ 'ਬਾਲ ਦਿਵਸ' ਦੀਆਂ ਬਹੁਤ-ਬਹੁਤ ਮੁਬਾਰਕਾਂ ਸਾਡੇ ਬੱਚੇ ਹੀ ਸਾਡੇ ਸੂਬੇ ਦਾ ਸੁਨਹਿਰੀ ਭਵਿੱਖ ਹਨ। ਅੱਜ ਵਿਸ਼ਵ-ਪੱਧਰੀ ਸਿੱਖਿਆ, ਸ਼ਾਨਦਾਰ ਸਕੂਲਾਂ, ਆਧੁਨਿਕ ਖੇਡ ਸਹੂਲਤਾਂ ਅਤੇ ਨਵੇਂ ਮੌਕਿਆਂ ਰਾਹੀਂ ਅਸੀਂ ਸੂਬੇ ਦੇ ਬੱਚਿਆਂ ਲਈ ਇਕ ਬਿਹਤਰ ਅਤੇ ਸੁਰੱਖਿਅਤ ਭਵਿੱਖ ਦੀ ਸਿਰਜਣਾ ਕਰ ਰਹੇ ਹਾਂ।

ਸ਼ੇਖ ਹਸੀਨਾ ਦੀ ਬੰਗਲਾਦੇਸ਼ ਵਾਪਸੀ ਲਈ ਭਾਰਤ ਨੇ ਰੱਖੀਆਂ ਦੋ ਅਹਿਮ ਸ਼ਰਤਾਂ

ਨਵੀਂ ਦਿੱਲੀ, 14 ਨਵੰਬਰ
--ਸ਼ਹੀਦ-ਏ-ਆਜ਼ਮ-ਬਿਊਰੋ-

ਬੰਗਲਾਦੇਸ਼ ਦੀ ਸਾਬਕਾ ਪ੍ਰਧਾਨ ਮੰਤਰੀ ਸ਼ੇਖ ਹਸੀਨਾ ਦੀ ਵਤਨ ਵਾਪਸੀ ਨੂੰ ਲੈ ਕੇ ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਪਰਦੇ ਪਿੱਛੇ ਕੂਟਨੀਤਕ ਗੱਲਬਾਤ ਤੇਜ਼ ਹੋ ਗਈ ਹੈ। ਰਿਪੋਰਟਾਂ ਅਨੁਸਾਰ, ਸ਼ੇਖ ਹਸੀਨਾ ਵੱਲੋਂ ਆਗਾਮੀ ਦਸੰਬਰ ਮਹੀਨੇ ਵਿੱਚ ਬੰਗਲਾਦੇਸ਼ ਪਰਤਣ ਦੀ ਇੱਛਾ ਜ਼ਾਹਰ ਕੀਤੇ ਜਾਣ ਤੋਂ ਬਾਅਦ ਭਾਰਤ ਸਰਕਾਰ ਉਨ੍ਹਾਂ ਦੀ ਵਾਪਸੀ ਨੂੰ ਸੁਚਾਰੂ ਬਣਾਉਣ ਲਈ ਤਿਆਰ ਹੈ, ਪਰ ਨਵੀਂ ਦਿੱਲੀ ਨੇ ਇਸ ਲਈ ਬੰਗਲਾਦੇਸ਼ ਅੱਗੇ ਦੋ ਮੁੱਖ ਸ਼ਰਤਾਂ ਰੱਖੀਆਂ ਹਨ। ਬੀ.ਬੀ.ਸੀ. ਬੰਗਲਾ ਦੀ ਇੱਕ ਰਿਪੋਰਟ ਮੁਤਾਬਕ, ਭਾਰਤ ਚਾਹੁੰਦਾ ਹੈ ਕਿ ਬੰਗਲਾਦੇਸ਼ੀ ਫ਼ੌਜ ਹਸੀਨਾ ਦੀ ਵਾਪਸੀ ਦੀ ਪੂਰੀ



ਜ਼ਿੰਮੇਵਾਰੀ ਲਵੇ ਅਤੇ ਢਾਕਾ ਸਰਕਾਰ ਉਨ੍ਹਾਂ ਨੂੰ ਮੌਤ ਦੀ ਸਜ਼ਾ ਵਿਰੁੱਧ ਅਪੀਲ ਕਰਨ ਸਮੇਤ ਨਵੇਂ ਸਿਰਿਓਂ ਨਿਰਪੱਖ ਮੁਕੱਦਮੇ (Fair Trial) ਦੀ ਗਾਰੰਟੀ ਦੇਵੇ। ਹਾਲਾਂਕਿ, ਭਾਰਤੀ ਵਿਦੇਸ਼ ਮੰਤਰਾਲੇ ਜਾਂ ਪ੍ਰਧਾਨ ਮੰਤਰੀ ਤਾਰਿਕ ਰਹਿਮਾਨ ਦੀ ਅਗਵਾਈ ਵਾਲੀ ਬੰਗਲਾਦੇਸ਼ ਸਰਕਾਰ ਵੱਲੋਂ ਇਸ ਸਬੰਧੀ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਗਈ ਹੈ।

ਸ਼ੇਖ ਹਸੀਨਾ ਦੀ ਵਾਪਸੀ ਲਈ ਭਾਰਤ ਵੱਲੋਂ ਰੱਖੀਆਂ ਗਈਆਂ ਦੋ ਅਹਿਮ ਸ਼ਰਤਾਂ:

ਬੰਗਲਾਦੇਸ਼ੀ ਫ਼ੌਜ ਸੰਭਾਲੇ ਵਾਪਸੀ ਦੀ ਜ਼ਿੰਮੇਵਾਰੀ: ਭਾਰਤ ਦੀ ਪਹਿਲੀ ਸ਼ਰਤ ਇਹ ਹੈ ਕਿ ਜਿਸ ਤਰ੍ਹਾਂ ਅਗਸਤ 2024 ਵਿੱਚ ਬੰਗਲਾਦੇਸ਼ੀ ਫ਼ੌਜ ਨੇ ਸ਼ੇਖ ਹਸੀਨਾ ਨੂੰ ਸੁਰੱਖਿਅਤ ਭਾਰਤ ਪਹੁੰਚਾਇਆ ਸੀ, ਉਸੇ ਤਰ੍ਹਾਂ ਹੁਣ ਉਨ੍ਹਾਂ ਦੀ ਵਾਪਸੀ ਦੀ ਜ਼ਿੰਮੇਵਾਰੀ ਵੀ ਫ਼ੌਜ ਹੀ ਲਵੇ। ਇਸ ਤਹਿਤ ਦੋ ਬਦਲਾਂ 'ਤੇ ਵਿਚਾਰ ਕੀਤਾ ਜਾ ਰਿਹਾ ਹੈ—ਪਹਿਲਾ ਇਹ ਕਿ ਬੰਗਲਾਦੇਸ਼ ਦਿੱਲੀ ਤੋਂ ਹਸੀਨਾ ਨੂੰ ਲਿਜਾਣ ਲਈ ਵਿਸ਼ੇਸ਼ ਫ਼ੌਜੀ ਜਹਾਜ਼ ਭੇਜੇ, ਜਾਂ ਦੂਜਾ, ਬੰਗਲਾਦੇਸ਼ੀ ਫ਼ੌਜ ਉਨ੍ਹਾਂ ਨੂੰ ਸਰਹੱਦ ਨੇੜੇ ਕਿਸੇ ਨਿਰਧਾਰਤ ਸਥਾਨ 'ਤੇ ਆਪਣੀ ਸੁਰੱਖਿਆ ਹੇਠ ਲਵੇ। ਭਾਰਤ ਇਸ ਪ੍ਰਕਿਰਿਆ ਲਈ ਲੋੜੀਂਦੇ ਸਾਰੇ ਲੌਜਿਸਟਿਕਲ ਪ੍ਰਬੰਧ ਕਰਨ ਲਈ ਤਿਆਰ ਹੈ।

ਰੋਜ਼ਾਨਾ
ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM
PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam
ਅਦਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਸ਼ਹਿਰਾਂ ਦਾ ਸਾਫ਼-ਸਫ਼ਾਈ ਦੇ ਮਾਪਦੰਡ

ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਸ਼ਹਿਰਾਂ ਦਾ ਸਾਫ਼-ਸਫ਼ਾਈ ਦੇ ਮਾਪਦੰਡਾਂ 'ਤੇ ਆਪਸ ਵਿੱਚ ਮੁਕਾਬਲਾ ਕਰਵਾਉਣ ਨਾਲ ਨਗਰ ਨਿਗਮਾਂ ਅਤੇ ਸਥਾਨਕ ਪ੍ਰਸ਼ਾਸਨ ਨੂੰ ਬਿਹਤਰ ਕੰਮ ਕਰਨ ਦੀ ਪ੍ਰੇਰਨਾ ਮਿਲਦੀ ਹੈ। ਇਸ ਲਈ ਇਹ ਕਹਿਣ ਦੀ ਲੋੜ ਨਹੀਂ ਕਿ ਕੇਂਦਰ ਸਰਕਾਰ ਦੇ ਸਾਲਾਨਾ ਸਫ਼ਾਈ ਸਰਵੇਖਣ ਵਿੱਚ ਉੱਚਾ ਸਥਾਨ ਹਾਸਲ ਕਰਨ ਵਾਲੇ ਸ਼ਹਿਰ ਯਕੀਨੀ ਤੌਰ 'ਤੇ ਕੁਝ ਚੰਗਾ ਕਰ ਰਹੇ ਹੋਣਗੇ। ਇਸ ਪ੍ਰਾਪਤੀ ਲਈ ਅਫ਼ਸਰਸ਼ਾਹੀ ਹਲਕਿਆਂ ਵਿੱਚ ਦੇਖਣ ਨੂੰ ਮਿਲਦੀ ਖ਼ੁਸ਼ੀ ਸੁਭਾਵਿਕ ਵੀ ਹੈ। ਫਿਰ ਵੀ ਇਸ ਵਿੱਚ ਇੱਕ ਕਮੀ ਇਹ ਰਹਿ ਜਾਂਦੀ ਹੈ ਕਿ ਸ਼ਹਿਰ ਦੇ ਆਮ ਲੋਕਾਂ ਵਿੱਚ ਉਸੇ ਪੱਧਰ ਦਾ ਉਤਸ਼ਾਹ ਨਜ਼ਰ ਨਹੀਂ ਆਉਂਦਾ। ਕਾਗ਼ਜ਼ਾਂ 'ਤੇ ਦਿਖਾਈ ਜਾਣ ਵਾਲੀ ਸਥਿਤੀ ਅਤੇ ਜ਼ਮੀਨੀ ਹਕੀਕਤ ਵਿਚਕਾਰਲਾ ਇਹ ਫ਼ਰਕ ਅੱਖੋਂ-ਪਰੋਖੇ ਨਹੀਂ ਕੀਤਾ ਜਾ ਸਕਦਾ। ਸਰਵੇਖਣ ਦੀ ਪ੍ਰਕਿਰਿਆ ਨੂੰ ਲੈ ਕੇ ਮਿਲਣ ਵਾਲੀਆਂ ਸ਼ਿਕਾਇਤਾਂ ਅਤੇ ਵੱਡੇ-ਵੱਡੇ ਦਾਅਵਿਆਂ ਰਾਹੀਂ ਸਰਵੇਖਣ ਨੂੰ ਪ੍ਰਭਾਵਿਤ ਕਰਨ ਦੇ ਦੋਸ਼ਾਂ ਦੇ ਬਾਵਜੂਦ 'ਸਵੱਛ ਸਰਵੇਖਣ 2025-2026' ਡੂੰਘਾਈ ਨਾਲ ਸੋਚ-ਵਿਚਾਰ ਕਰਨ ਦਾ ਇੱਕ ਮੌਕਾ ਹੈ।

ਉੱਚਾ ਸਕੋਰ ਪ੍ਰਾਪਤ ਕਰਨ ਵਾਲੇ ਸ਼ਹਿਰਾਂ ਲਈ ਇਹ ਆਪਣੇ ਬਾਕੀ ਰਹਿੰਦੇ ਅਧੂਰੇ ਕੰਮਾਂ ਅਤੇ ਅੱਗੇ ਪਏ ਵੱਡੇ ਟੀਚਿਆਂ ਬਾਰੇ ਵਧੇਰੇ ਇਮਾਨਦਾਰੀ ਨਾਲ ਪੜਚੋਲ ਕਰਨ ਦਾ ਸੁਨਹਿਰੀ ਮੌਕਾ ਹੈ। ਇਸ ਸਰਵੇਖਣ ਵਿੱਚ ਪੱਛੜ ਗਏ ਸ਼ਹਿਰਾਂ ਲਈ ਅੱਗੇ ਵਧਣ ਦਾ ਸਹੀ ਰਸਤਾ ਇਹ ਹੈ ਕਿ ਉਹ ਦੂਜੀਆਂ ਥਾਵਾਂ 'ਤੇ ਅਪਣਾਏ ਜਾ ਰਹੇ ਚੰਗੇ ਤਰੀਕਿਆਂ ਤੋਂ ਸਿੱਖਣ, ਨਾ ਕਿ ਉੱਚਾ ਰੈਂਕ ਲੈਣ ਲਈ ਸਿਸਟਮ ਨਾਲ ਹੇਰਾਫੇਰੀ ਕਰਨ 'ਤੇ ਆਪਣੀ ਊਰਜਾ ਖ਼ਰਚਣ। ਆਖ਼ਰਕਾਰ, ਸਾਫ਼-ਸੁਥਰਾ ਸ਼ਹਿਰ ਸਿਰਫ਼ ਰੈਂਕਿੰਗ ਹਾਸਲ ਕਰਨ ਤੱਕ ਸੀਮਿਤ ਨਹੀਂ ਹੈ ਸਗੋਂ ਇਹ ਇੱਕ ਅਜਿਹਾ ਸਹਿਯੋਗੀ ਮਾਹੌਲ ਹੈ, ਜੋ ਸਾਫ਼-ਸੁਥਰੇ ਆਲੇ-ਦੁਆਲੇ, ਕੂੜੇ-ਕਰਕਟ ਦੇ ਸੁਚੱਜੇ ਪ੍ਰਬੰਧਨ ਅਤੇ ਨਾਗਰਿਕ ਵਿਹਾਰ ਦੇ ਉੱਚ ਮਿਆਰਾਂ ਪ੍ਰਤੀ ਵਚਨਬੱਧ ਹੁੰਦਾ ਹੈ।

ਸਾਫ਼-ਸਫ਼ਾਈ ਰੱਖਣਾ ਨਾਗਰਿਕਾਂ ਦਾ ਮੁੱਢਲਾ ਸੁਭਾਅ ਹੋਣਾ ਚਾਹੀਦਾ ਹੈ। ਜੇਕਰ ਲੋਕਾਂ ਦੀ ਸਰਗਰਮ ਸ਼ਮੂਲੀਅਤ ਇਸ ਦੀ ਮੁੱਖ ਕੁੰਜੀ ਹੈ ਤਾਂ ਸਫ਼ਾਈ ਕਰਮੀਆਂ ਦੀ ਭਲਾਈ ਅਤੇ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਵੀ ਓਨੀ ਹੀ ਲਾਜ਼ਮੀ ਹੈ। ਜੇਕਰ ਕਿਸੇ ਸ਼ਹਿਰ ਨੂੰ ਸਾਫ਼-ਸੁਥਰਾ ਹੋਣ ਦਾ ਮਾਣ ਤਾਂ ਮਿਲ ਜਾਵੇ, ਪਰ ਉੱਥੋਂ ਦੇ ਪੱਛੜੇ ਜਾਂ ਹਾਸ਼ੀਏ 'ਤੇ ਪਏ ਇਲਾਕਿਆਂ ਦੀ ਸਾਰ ਨਾ ਲਈ ਜਾਵੇ ਜਾਂ ਪੁਰਾਣੇ ਕੂੜੇ ਦੇ ਨਿਪਟਾਰੇ ਨੂੰ ਅਣਗੌਲਿਆ ਕਰ ਦਿੱਤਾ ਜਾਵੇ ਤਾਂ ਇਸ ਨਾਲ ਪੂਰੀ ਕਵਾਇਦ ਦਾ ਮਕਸਦ ਹੀ ਮਿੱਟੀ ਵਿੱਚ ਮਿਲ ਜਾਂਦਾ ਹੈ। ਜੇਕਰ ਆਲੇ-ਦੁਆਲੇ ਨੂੰ ਸਵੱਛ ਰੱਖਣ ਲਈ ਸਮਰਪਿਤ ਮੁਹਾਲੀ ਦੇ ਇੱਕ ਸੇਵਾਮੁਕਤ ਆਈ ਪੀ ਐੱਸ ਅਧਿਕਾਰੀ ਨੂੰ ਪਦਮ ਸ੍ਰੀ ਨਾਲ ਨਿਵਾਜ਼ਿਆ ਜਾਣਾ ਉਨ੍ਹਾਂ ਦੇ ਯੋਗਦਾਨ ਨੂੰ ਇੱਕ ਮਿਸਾਲ ਵਜੋਂ ਸਵੀਕਾਰ ਕਰਦਾ ਹੈ ਤਾਂ ਲੋਕਾਂ ਦੀ ਬੇਪਰਵਾਹੀ ਅਤੇ ਉਦਾਸੀਨਤਾ ਬਾਰੇ ਉਨ੍ਹਾਂ ਦਾ ਦਰਦ ਵੀ ਬਰਾਬਰ ਦੀ ਤਵੱਜੋ ਮੰਗਦਾ ਹੈ। ਜੇਕਰ 'ਅਸੀਂ ਤਾਂ ਐਵੇਂ ਦੇ ਹੀ ਹਾਂ' ਵਾਲੀ ਮਾਨਸਿਕਤਾ ਦਾ ਬਹਾਨਾ ਹੀ ਚੱਲਦਾ ਰਿਹਾ ਤਾਂ ਕੋਈ ਵੀ ਰੈਂਕਿੰਗ ਹਾਲਾਤ ਸੁਧਾਰ ਨਹੀਂ ਸਕਦੀ।



Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਪੱਤਰਕਾਰ ਜਾਂ ਬੱਜਾ ਦਿਹਾੜੀਦਾਰ.



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਅਖ਼ਬਾਰਾਂ ਵਿੱਚ ਖ਼ਬਰਾਂ ਚਾਹੀਦੀਆਂ ਹਨ, ਟੈਲੀਵਿਜ਼ਨ ਉੱਤੇ ਚਰਚਾ ਚਾਹੀਦੀ ਹੈ, ਸਮਾਜ ਦੀਆਂ ਸਮੱਸਿਆਵਾਂ ਨੂੰ ਉਭਾਰਨ ਵਾਲੀ ਪੱਤਰਕਾਰੀ ਵੀ ਚਾਹੀਦੀ ਹੈ, ਪਰ ਜਦੋਂ ਉਸੇ ਪੱਤਰਕਾਰ ਦੀ ਮਿਹਨਤ ਦਾ ਮੁੱਲ ਤਾਰਨ ਦੀ ਵਾਰੀ ਆਉਂਦੀ ਹੈ ਤਾਂ ਸਮਾਜ ਦੇ ਕਈ ਪ੍ਰਭਾਵਸ਼ਾਲੀ ਲੋਕਾਂ ਦੀ ਜੇਬ ਨੂੰ ਜਿਵੇਂ ਸੱਪ ਸੁੰਘ ਜਾਂਦਾ ਹੈ। ਇਹ ਸਿਰਫ਼ ਇੱਕ ਕਿੱਤੇ ਨਾਲ ਜੁੜੀ ਆਰਥਿਕ ਔਕੜ ਨਹੀਂ, ਸਗੋਂ ਸਮਾਜ ਦੀ ਉਸ ਦੋਹਰੀ ਸੋਚ ਦਾ ਪ੍ਰਗਟਾਵਾ ਹੈ, ਜਿਹੜੀ ਦੂਜਿਆਂ ਦੇ ਹੱਕਾਂ ਦੀ ਗੱਲ ਤਾਂ ਸੁਣਨਾ ਚਾਹੁੰਦੀ ਹੈ, ਪਰ ਆਪਣੇ ਹਿੱਸੇ ਦੀ ਜ਼ਿੰਮੇਵਾਰੀ ਨਿਭਾਉਣ ਤੋਂ ਕਤਰਾਉਂਦੀ ਹੈ।

ਪੱਤਰਕਾਰਤਾ ਕੋਈ ਸ਼ੌਕ ਜਾਂ ਵਿਹਲਾ ਸਮਾਂ ਬਿਤਾਉਣ ਦਾ ਸਾਧਨ ਨਹੀਂ, ਸਗੋਂ ਇੱਕ ਪੂਰਾ ਪੇਸ਼ਾ ਹੈ। ਇਸ ਵਿੱਚ ਸਮਾਂ, ਸਾਧਨ, ਪੜ੍ਹਾਈ, ਖੋਜ, ਆਵਾਜਾਈ, ਸੰਚਾਰ ਅਤੇ ਨਿੱਜੀ ਸਰੋਤਾਂ ਦੀ ਲੋੜ ਪੈਂਦੀ ਹੈ। ਕਿਸੇ ਘਟਨਾ ਦੀ ਸੂਚਨਾ ਮਿਲਣ ਤੋਂ ਲੈ ਕੇ ਮੌਕੇ ਉੱਤੇ ਪਹੁੰਚਣ, ਤੱਥਾਂ ਦੀ ਪੜਤਾਲ ਕਰਨ, ਸਬੰਧਤ ਧਿਰਾਂ ਦਾ ਪੱਖ ਲੈਣ, ਖ਼ਬਰ ਤਿਆਰ ਕਰਨ ਅਤੇ ਪਾਠਕਾਂ ਤੱਕ ਪਹੁੰਚਾਉਣ ਤੱਕ ਪੱਤਰਕਾਰ ਨੂੰ ਕਈ ਪੜਾਵਾਂ ਵਿੱਚੋਂ ਲੰਘਣਾ ਪੈਂਦਾ ਹੈ। ਇਸ ਸਾਰੀ ਕਾਰਵਾਈ ਪਿੱਛੇ ਉਸ ਦੀ ਮਿਹਨਤ ਦੇ ਨਾਲ-ਨਾਲ ਪੈਸਾ ਵੀ ਲੱਗਦਾ ਹੈ। ਗੱਡੀ ਦਾ ਤੇਲ, ਵਾਹਨ ਦੀ ਮੁਰੰਮਤ, ਦੂਰਭਾਸ਼ ਦਾ ਬਿੱਲ, ਜਾਲੀ ਸੰਪਰਕ ਦੀ ਫ਼ੀਸ, ਕੈਮਰਾ, ਧੁਨੀ-ਚਿੱਤਰ ਬਣਾਉਣ ਵਾਲੇ ਸੰਦ, ਕੰਪਿਊਟਰ ਅਤੇ ਹੋਰ ਲੋੜੀਂਦੇ ਸਾਮਾਨ ਦਾ ਖ਼ਰਚਾ ਕਿਸੇ ਹੋਰ ਨੇ ਨਹੀਂ, ਆਮ ਤੌਰ ਉੱਤੇ ਪੱਤਰਕਾਰ ਨੇ ਹੀ ਚੁੱਕਣਾ ਹੁੰਦਾ ਹੈ।

ਪਰ ਅਫ਼ਸੋਸ ਕਿ ਸਾਡੇ ਸਮਾਜ ਵਿੱਚ ਪੱਤਰਕਾਰ ਤੋਂ ਹਰ ਵੇਲੇ ਮੁਫ਼ਤ ਸੇਵਾ ਦੀ ਆਸ ਰੱਖੀ ਜਾਂਦੀ ਹੈ। ਕਿਸੇ ਸਮਾਗਮ ਦੀ ਖ਼ਬਰ ਲਗਵਾਉਣੀ ਹੋਵੇ, ਕਿਸੇ ਸੰਸਥਾ ਦੀ ਕਾਰਗੁਜ਼ਾਰੀ ਲੋਕਾਂ ਤੱਕ ਪਹੁੰਚਾਉਣੀ ਹੋਵੇ ਜਾਂ ਕਿਸੇ ਆਗੂ ਦੀ ਤਸਵੀਰ ਅਖ਼ਬਾਰ ਵਿੱਚ ਛਪਵਾਉਣੀ ਹੋਵੇ ਤਾਂ ਫ਼ੋਨ ਉੱਤੇ ਫ਼ੋਨ ਕੀਤੇ ਜਾਂਦੇ ਹਨ। ਪਰ ਜਦੋਂ ਖ਼ਬਰ ਤਿਆਰ ਕਰਨ ਵਾਲੇ ਦੀ ਮਿਹਨਤ ਦਾ ਮੁੱਲ ਦੇਣ ਦੀ ਗੱਲ ਆਉਂਦੀ ਹੈ ਤਾਂ ਕਈ ਲੋਕ ਇਸ ਨੂੰ ਪੱਤਰਕਾਰ ਦੀ ਨਿੱਜੀ ਜ਼ਿੰਮੇਵਾਰੀ ਸਮਝਣ ਲੱਗ ਪੈਂਦੇ ਹਨ।

ਇੱਥੇ ਇੱਕ ਹੋਰ ਵੱਡਾ ਵਿਰੋਧਾਭਾਸ ਵੀ ਸਾਹਮਣੇ ਆਉਂਦਾ ਹੈ। ਚੋਣਾਂ ਵੇਲੇ ਸਿਆਸੀ ਆਗੂਆਂ, ਉਮੀਦਵਾਰਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਨੂੰ ਆਪਣੀ ਗੱਲ ਲੋਕਾਂ ਤੱਕ ਪਹੁੰਚਾਉਣ ਲਈ ਅਖ਼ਬਾਰਾਂ, ਦੂਰਦਰਸ਼ਨ ਅਤੇ ਹੋਰ ਪ੍ਰਚਾਰ ਸਾਧਨਾਂ ਦੀ ਲੋੜ ਹੁੰਦੀ ਹੈ। ਵੱਡੇ ਸਮਾਗਮਾਂ, ਉਦਘਾਟਨਾਂ, ਜਨਤਕ ਇਕੱਠਾਂ ਅਤੇ ਨਿੱਜੀ ਕਾਰੋਬਾਰਾਂ ਦੇ ਪ੍ਰਚਾਰ ਲਈ ਵੀ ਇਸ਼ਤਿਹਾਰਬਾਜ਼ੀ ਉੱਤੇ ਖੁੱਲ੍ਹ ਕੇ ਪੈਸਾ ਖ਼ਰਚਿਆ ਜਾਂਦਾ ਹੈ। ਪਰ ਜਦੋਂ ਕਿਸੇ ਛੋਟੇ ਅਖ਼ਬਾਰ ਜਾਂ ਖੇਤਰੀ ਖ਼ਬਰ-ਅਦਾਰੇ ਨੂੰ ਇਸ਼ਤਿਹਾਰ ਦੇ ਕੇ ਉਸ ਦੇ ਚੱਲਣ ਵਿੱਚ ਹਿੱਸਾ ਪਾਉਣ ਦੀ ਵਾਰੀ ਆਉਂਦੀ ਹੈ ਤਾਂ ਅਕਸਰ ਬਜਟ ਦੀ ਘਾਟ ਦਾ ਬਹਾਨਾ ਬਣਾ ਦਿੱਤਾ ਜਾਂਦਾ ਹੈ।

ਇਹ ਗੱਲ ਵੀ ਸਮਝਣੀ ਜ਼ਰੂਰੀ ਹੈ ਕਿ ਇਸ਼ਤਿਹਾਰ ਖ਼ਬਰ ਨਹੀਂ ਹੁੰਦਾ ਅਤੇ ਖ਼ਬਰ ਨੂੰ ਇਸ਼ਤਿਹਾਰ ਦੇ ਬਦਲੇ ਛਾਪਣਾ ਵੀ ਪੱਤਰਕਾਰੀ ਦਾ ਸਹੀ ਰਾਹ ਨਹੀਂ। ਇਸ਼ਤਿਹਾਰ ਦਾ ਮਕਸਦ ਕਿਸੇ ਵਸਤੂ, ਸੇਵਾ, ਸੰਸਥਾ ਜਾਂ ਸਮਾਗਮ ਬਾਰੇ ਪ੍ਰਚਾਰ ਕਰਨਾ ਹੁੰਦਾ ਹੈ, ਜਦਕਿ ਖ਼ਬਰ ਦਾ ਮਕਸਦ ਲੋਕਾਂ ਨੂੰ ਤੱਥਾਂ ਅਨੁਸਾਰ ਜਾਣਕਾਰੀ ਦੇਣਾ ਹੈ। ਦੋਵਾਂ ਦੀ ਆਪਣੀ ਵੱਖਰੀ ਪਛਾਣ ਅਤੇ ਮਰਿਆਦਾ ਹੈ। ਇਸ ਲਈ ਕਿਸੇ ਖ਼ਬਰ ਦੇ ਬਦਲੇ ਇਸ਼ਤਿਹਾਰ ਦੀ ਮੰਗ ਕਰਨਾ ਜਾਂ ਇਸ਼ਤਿਹਾਰ ਦੇਣ ਵਾਲੇ ਦੇ ਹੱਕ ਵਿੱਚ ਖ਼ਬਰ ਛਾਪਣ ਦਾ ਦਬਾਅ ਬਣਾਉਣਾ ਦੋਵੇਂ ਗ਼ਲਤ ਹਨ। ਪਰ ਇਸੇ ਤਰ੍ਹਾਂ ਕਿਸੇ ਪੱਤਰਕਾਰ ਤੋਂ ਬਿਨਾਂ ਮਿਹਨਤਾਨੇ ਦੇ ਕੰਮ ਲੈਣਾ ਵੀ ਜਾਇਜ਼ ਨਹੀਂ।

ਸਭ ਤੋਂ ਵੱਧ ਮਾੜੀ ਹਾਲਤ ਛੋਟੇ ਅਤੇ ਖੇਤਰੀ ਖ਼ਬਰ-ਅਦਾਰਿਆਂ ਨਾਲ ਜੁੜੇ ਪੱਤਰਕਾਰਾਂ ਦੀ ਹੈ। ਵੱਡੇ ਅਦਾਰਿਆਂ ਕੋਲ ਆਮਦਨ ਦੇ ਕਈ ਸਾਧਨ, ਪੱਕਾ ਦਫ਼ਤਰੀ ਢਾਂਚਾ ਅਤੇ ਕਰਮਚਾਰੀਆਂ ਨੂੰ ਤਨਖ਼ਾਹ ਦੇਣ ਦੀ ਸਮਰੱਥਾ ਹੋ ਸਕਦੀ ਹੈ, ਪਰ ਛੋਟੇ ਅਦਾਰੇ ਅਕਸਰ ਸੀਮਤ ਸਰੋਤਾਂ ਨਾਲ ਕੰਮ ਕਰਦੇ ਹਨ। ਇਨ੍ਹਾਂ ਨਾਲ ਜੁੜੇ ਪੱਤਰਕਾਰਾਂ ਨੂੰ ਕਈ ਵਾਰ ਖ਼ਬਰਾਂ ਭੇਜਣ ਦੇ ਬਾਵਜੂਦ ਸਮੇਂ ਸਿਰ ਮਿਹਨਤਾਨਾ ਨਹੀਂ ਮਿਲਦਾ। ਕਈਆਂ ਨੂੰ ਸਿਰਫ਼ ਪਛਾਣ-ਪੱਤਰ ਜਾਂ ਅਹੁਦੇ ਦੇ ਨਾਂ ਉੱਤੇ ਕੰਮ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਪਛਾਣ-ਪੱਤਰ ਨਾਲ ਸਮਾਜ ਵਿੱਚ ਪਛਾਣ ਤਾਂ ਮਿਲ ਸਕਦੀ ਹੈ, ਪਰ ਘਰ ਦਾ ਰਾਸ਼ਨ, ਬੱਚਿਆਂ ਦੀ ਪੜ੍ਹਾਈ, ਬਿਜਲੀ ਦਾ ਬਿੱਲ ਅਤੇ ਪਰਿਵਾਰ ਦੀਆਂ ਹੋਰ ਲੋੜਾਂ ਪੂਰੀਆਂ ਨਹੀਂ ਹੁੰਦੀਆਂ।

ਇਸ ਸਮੱਸਿਆ ਦਾ ਇੱਕ ਵੱਡਾ ਕਾਰਨ ਪੱਤਰਕਾਰਤਾ ਦੇ ਕੰਮ ਅਤੇ ਉਸ ਦੇ ਆਰਥਿਕ ਢਾਂਚੇ ਵਿਚਲਾ ਅਸੰਤੁਲਨ ਵੀ ਹੈ। ਅਦਾਰਿਆਂ ਨੂੰ ਸਮੱਗਰੀ ਚਾਹੀਦੀ ਹੈ, ਪਰ ਉਸ ਸਮੱਗਰੀ ਨੂੰ ਤਿਆਰ ਕਰਨ ਵਾਲੇ ਮਨੁੱਖੀ ਸਰੋਤਾਂ ਉੱਤੇ ਲੋੜੀਂਦਾ ਖ਼ਰਚ ਕਰਨ ਦੀ ਤਿਆਰੀ ਘੱਟ ਦਿਖਾਈ ਦਿੰਦੀ ਹੈ। ਦੂਜੇ ਪਾਸੇ, ਕੁਝ ਲੋਕ ਪੱਤਰਕਾਰਤਾ ਦੇ ਨਾਂ ਉੱਤੇ ਦਬਾਅ ਬਣਾਉਣ, ਨਿੱਜੀ ਲਾਭ ਲੈਣ ਅਤੇ ਡਰਾਵੇ ਦੇਣ ਵਰਗੀਆਂ ਕਾਰਵਾਈਆਂ ਵੀ ਕਰਦੇ ਹਨ। ਅਜਿਹੀਆਂ ਹਰਕਤਾਂ ਕਾਰਨ ਇਮਾਨਦਾਰ ਪੱਤਰਕਾਰਾਂ ਦੀ ਸਾਖ਼ ਨੂੰ ਵੀ ਸੱਟ ਵੱਜਦੀ ਹੈ। ਇਸ ਲਈ ਪੱਤਰਕਾਰਾਂ ਦੇ ਹੱਕਾਂ ਦੀ ਗੱਲ ਕਰਦਿਆਂ ਪੱਤਰਕਾਰਤਾ ਦੇ ਅੰਦਰ ਜਵਾਬਦੇਹੀ ਅਤੇ ਪੇਸ਼ਾਵਰ ਅਨੁਸ਼ਾਸਨ ਨੂੰ ਵੀ ਬਰਾਬਰ ਮਹੱਤਤਾ ਦੇਣੀ ਪਵੇਗੀ।

ਸਰਕਾਰ ਦੀ ਜ਼ਿੰਮੇਵਾਰੀ ਵੀ ਇਸ ਮਾਮਲੇ ਵਿੱਚ ਘੱਟ ਨਹੀਂ। ਸਰਕਾਰੀ ਇਸ਼ਤਿਹਾਰਾਂ ਦੀ ਵੰਡ ਲਈ ਸਪੱਸ਼ਟ, ਪਾਰਦਰਸ਼ੀ ਅਤੇ ਇਕਸਾਰ ਮਾਪਦੰਡ ਹੋਣੇ ਚਾਹੀਦੇ ਹਨ। ਇਸ਼ਤਿਹਾਰ ਸਿਰਫ਼ ਵੱਡੇ ਅਦਾਰਿਆਂ ਜਾਂ ਪ੍ਰਭਾਵਸ਼ਾਲੀ ਪਹੁੰਚ ਵਾਲਿਆਂ ਤੱਕ ਸੀਮਤ ਨਹੀਂ ਰਹਿਣੇ ਚਾਹੀਦੇ। ਛੋਟੇ ਅਖ਼ਬਾਰਾਂ, ਖੇਤਰੀ ਭਾਸ਼ਾਵਾਂ ਦੇ ਪ੍ਰਕਾਸ਼ਨਾਂ ਅਤੇ ਸਥਾਨਕ ਪੱਧਰ ਉੱਤੇ ਲੋਕਾਂ ਦੀ ਆਵਾਜ਼ ਬਣਨ ਵਾਲੇ ਅਦਾਰਿਆਂ ਨੂੰ ਵੀ ਉਨ੍ਹਾਂ ਦੀ ਪ੍ਰਸਾਰ-ਸਮਰੱਥਾ, ਭਰੋਸੇਯੋਗਤਾ ਅਤੇ ਨਿਰਧਾਰਤ ਨਿਯਮਾਂ ਅਨੁਸਾਰ ਮੌਕਾ ਮਿਲਣਾ ਚਾਹੀਦਾ ਹੈ। ਇਸ਼ਤਿਹਾਰਾਂ ਦੀ ਮਨਜ਼ੂਰੀ, ਦਰਾਂ, ਅਦਾਇਗੀ ਅਤੇ ਦੇਰੀ ਬਾਰੇ ਜਾਣਕਾਰੀ ਵੀ ਜਨਤਕ ਹੋਣੀ ਚਾਹੀਦੀ ਹੈ ਤਾਂ ਜੋ ਕਿਸੇ ਨਾਲ ਪੱਖਪਾਤ ਦੀ ਗੁੰਜਾਇਸ਼ ਨਾ ਰਹੇ।

ਇਸ ਦੇ ਨਾਲ ਹੀ ਖ਼ਬਰ-ਅਦਾਰਿਆਂ ਨੂੰ ਆਪਣੇ ਪੱਤਰਕਾਰਾਂ ਨਾਲ ਲਿਖਤੀ ਸਮਝੌਤੇ ਕਰਨੇ ਚਾਹੀਦੇ ਹਨ। ਕੰਮ ਦੀ ਕਿਸਮ, ਜ਼ਿੰਮੇਵਾਰੀ, ਮਿਹਨਤਾਨਾ, ਯਾਤਰਾ-ਖ਼ਰਚ ਅਤੇ ਅਦਾਇਗੀ ਦੀ ਮਿਆਦ ਪਹਿਲਾਂ ਹੀ ਤੈਅ ਹੋਣੀ ਚਾਹੀਦੀ ਹੈ। ਜਿੱਥੇ ਪੱਕੀ ਨੌਕਰੀ ਹੈ, ਉੱਥੇ ਲਾਗੂ ਕਿਰਤ ਕਾਨੂੰਨਾਂ ਦੀ ਪਾਲਣਾ ਹੋਵੇ ਅਤੇ ਜਿੱਥੇ ਖ਼ਬਰਾਂ ਦੇ ਆਧਾਰ ਉੱਤੇ ਕੰਮ ਲਿਆ ਜਾਂਦਾ ਹੈ, ਉੱਥੇ ਵੀ ਤੈਅ ਦਰਾਂ ਅਨੁਸਾਰ ਭੁਗਤਾਨ ਕੀਤਾ ਜਾਵੇ। ਪੱਤਰਕਾਰਾਂ ਦੀਆਂ ਜਥੇਬੰਦੀਆਂ ਨੂੰ ਵੀ ਸਿਰਫ਼ ਸਮਾਗਮਾਂ ਅਤੇ ਸਨਮਾਨ-ਚਿੰਨ੍ਹਾਂ ਤੱਕ ਸੀਮਤ ਰਹਿਣ ਦੀ ਥਾਂ ਉਨ੍ਹਾਂ ਦੇ ਮਿਹਨਤਾਨੇ, ਸੁਰੱਖਿਆ ਅਤੇ ਕਾਨੂੰਨੀ ਹੱਕਾਂ ਲਈ ਠੋਸ ਪੈਰਵੀ ਕਰਨੀ ਚਾਹੀਦੀ ਹੈ।

ਅੱਜ ਲੋੜ ਇਸ ਗੱਲ ਦੀ ਹੈ ਕਿ ਪੱਤਰਕਾਰ ਨੂੰ ਸਿਰਫ਼ ਖ਼ਬਰਾਂ ਇਕੱਠੀਆਂ ਕਰਨ ਵਾਲਾ ਮਨੁੱਖ ਨਾ ਸਮਝਿਆ ਜਾਵੇ, ਸਗੋਂ ਉਸ ਨੂੰ ਇੱਕ ਮਿਹਨਤਕਸ਼ ਪੇਸ਼ਾਵਰ ਵਜੋਂ ਬਣਦਾ ਮਾਣ ਅਤੇ ਮੁੱਲ ਦਿੱਤਾ ਜਾਵੇ। ਜਿਸ ਸਮਾਜ ਨੂੰ ਆਪਣੀਆਂ ਸਮੱਸਿਆਵਾਂ ਸਰਕਾਰ ਤੱਕ ਪਹੁੰਚਾਉਣ ਲਈ ਪੱਤਰਕਾਰ ਦੀ ਲੋੜ ਹੈ, ਉਸ ਸਮਾਜ ਨੂੰ ਪੱਤਰਕਾਰ ਦੇ ਪਰਿਵਾਰ ਦੀਆਂ ਲੋੜਾਂ ਅਤੇ ਉਸ ਦੇ ਆਰਥਿਕ ਹੱਕਾਂ ਪ੍ਰਤੀ ਵੀ ਸੰਵੇਦਨਸ਼ੀਲ ਹੋਣਾ ਪਵੇਗਾ।

ਪੱਤਰਕਾਰ ਤੋਂ ਇਮਾਨਦਾਰੀ, ਨਿਰਪੱਖਤਾ ਅਤੇ ਨਿਡਰਤਾ ਦੀ ਉਮੀਦ ਰੱਖਣ ਵਾਲਿਆਂ ਨੂੰ ਉਸ ਦੀ ਮਿਹਨਤ ਦਾ ਵਾਜਬ ਮੁੱਲ ਤਾਰਨ ਤੋਂ ਵੀ ਪਿੱਛੇ ਨਹੀਂ ਹਟਣਾ ਚਾਹੀਦਾ। ਕਿਉਂਕਿ ਆਰਥਿਕ ਤੌਰ ਉੱਤੇ ਲਾਚਾਰ ਪੱਤਰਕਾਰਤਾ ਤੋਂ ਮਜ਼ਬੂਤ, ਸੁਤੰਤਰ ਅਤੇ ਨਿਰਪੱਖ ਪੱਤਰਕਾਰੀ ਦੀ ਉਮੀਦ ਕਰਨੀ ਆਪਣੇ ਆਪ ਵਿੱਚ ਇੱਕ ਵੱਡਾ ਵਿਰੋਧਾਭਾਸ ਹੈ।

ਖ਼ਬਰਾਂ ਦੀ ਮੰਗ ਤਾਂ ਹੈ, ਪੱਤਰਕਾਰ ਦੀ ਮਿਹਨਤ ਦਾ ਮੁੱਲ ਕਿਉਂ ਨਹੀਂ ?: ਅਖ਼ਬਾਰਾਂ ਵਿੱਚ ਖ਼ਬਰਾਂ ਚਾਹੀਦੀਆਂ ਹਨ, ਟੈਲੀਵਿਜ਼ਨ ਉੱਤੇ ਚਰਚਾ ਚਾਹੀਦੀ ਹੈ, ਸਮਾਜ ਦੀਆਂ ਸਮੱਸਿਆਵਾਂ ਨੂੰ ਉਭਾਰਨ ਵਾਲੀ ਪੱਤਰਕਾਰੀ ਵੀ ਚਾਹੀਦੀ ਹੈ, ਪਰ ਜਦੋਂ ਉਸੇ ਪੱਤਰਕਾਰ ਦੀ ਮਿਹਨਤ ਦਾ ਮੁੱਲ ਤਾਰਨ ਦੀ ਵਾਰੀ ਆਉਂਦੀ ਹੈ ਤਾਂ ਸਮਾਜ ਦੇ ਕਈ ਪ੍ਰਭਾਵਸ਼ਾਲੀ ਲੋਕਾਂ ਦੀ ਜੇਬ ਨੂੰ ਜਿਵੇਂ ਸੱਪ ਸੁੰਘ ਜਾਂਦਾ ਹੈ। ਇਹ ਸਿਰਫ਼ ਇੱਕ ਕਿੱਤੇ ਨਾਲ ਜੁੜੀ ਆਰਥਿਕ ਔਕੜ ਨਹੀਂ, ਸਗੋਂ ਸਮਾਜ ਦੀ ਉਸ ਦੋਹਰੀ ਸੋਚ ਦਾ ਪ੍ਰਗਟਾਵਾ ਹੈ, ਜਿਹੜੀ ਦੂਜਿਆਂ ਦੇ ਹੱਕਾਂ ਦੀ ਗੱਲ ਤਾਂ ਸੁਣਨਾ ਚਾਹੁੰਦੀ ਹੈ, ਪਰ ਆਪਣੇ ਹਿੱਸੇ ਦੀ ਜ਼ਿੰਮੇਵਾਰੀ ਨਿਭਾਉਣ ਤੋਂ ਕਤਰਾਉਂਦੀ ਹੈ।

ਪੱਤਰਕਾਰਤਾ ਕੋਈ ਸ਼ੌਕ ਜਾਂ ਵਿਹਲਾ ਸਮਾਂ ਬਿਤਾਉਣ ਦਾ ਸਾਧਨ ਨਹੀਂ, ਸਗੋਂ ਇੱਕ ਪੂਰਾ ਪੇਸ਼ਾ ਹੈ। ਇਸ ਵਿੱਚ ਸਮਾਂ, ਸਾਧਨ, ਪੜ੍ਹਾਈ, ਖੋਜ, ਆਵਾਜਾਈ, ਸੰਚਾਰ ਅਤੇ ਨਿੱਜੀ ਸਰੋਤਾਂ ਦੀ ਲੋੜ ਪੈਂਦੀ ਹੈ। ਕਿਸੇ ਘਟਨਾ ਦੀ ਸੂਚਨਾ ਮਿਲਣ ਤੋਂ ਲੈ ਕੇ ਮੌਕੇ ਉੱਤੇ ਪਹੁੰਚਣ, ਤੱਥਾਂ ਦੀ ਪੜਤਾਲ ਕਰਨ, ਸਬੰਧਤ ਧਿਰਾਂ ਦਾ ਪੱਖ ਲੈਣ, ਖ਼ਬਰ ਤਿਆਰ ਕਰਨ ਅਤੇ ਪਾਠਕਾਂ ਤੱਕ ਪਹੁੰਚਾਉਣ ਤੱਕ ਪੱਤਰਕਾਰ ਨੂੰ ਕਈ ਪੜਾਵਾਂ ਵਿੱਚੋਂ ਲੰਘਣਾ ਪੈਂਦਾ ਹੈ। ਇਸ ਸਾਰੀ ਕਾਰਵਾਈ ਪਿੱਛੇ ਉਸ ਦੀ ਮਿਹਨਤ ਦੇ ਨਾਲ-ਨਾਲ ਪੈਸਾ ਵੀ ਲੱਗਦਾ ਹੈ। ਗੱਡੀ ਦਾ ਤੇਲ, ਵਾਹਨ ਦੀ ਮੁਰੰਮਤ, ਦੂਰਭਾਸ਼ ਦਾ ਬਿੱਲ, ਜਾਲੀ ਸੰਪਰਕ ਦੀ ਫ਼ੀਸ, ਕੈਮਰਾ, ਧੁਨੀ-ਚਿੱਤਰ ਬਣਾਉਣ ਵਾਲੇ ਸੰਦ, ਕੰਪਿਊਟਰ ਅਤੇ ਹੋਰ ਲੋੜੀਂਦੇ ਸਾਮਾਨ ਦਾ ਖ਼ਰਚਾ ਕਿਸੇ ਹੋਰ ਨੇ ਨਹੀਂ, ਆਮ ਤੌਰ ਉੱਤੇ ਪੱਤਰਕਾਰ ਨੇ ਹੀ ਚੁੱਕਣਾ ਹੁੰਦਾ ਹੈ।

ਪਰ ਅਫ਼ਸੋਸ ਕਿ ਸਾਡੇ ਸਮਾਜ ਵਿੱਚ ਪੱਤਰਕਾਰ ਤੋਂ ਹਰ ਵੇਲੇ ਮੁਫ਼ਤ ਸੇਵਾ ਦੀ ਆਸ ਰੱਖੀ ਜਾਂਦੀ ਹੈ। ਕਿਸੇ ਸਮਾਗਮ ਦੀ ਖ਼ਬਰ ਲਗਵਾਉਣੀ ਹੋਵੇ, ਕਿਸੇ ਸੰਸਥਾ ਦੀ ਕਾਰਗੁਜ਼ਾਰੀ ਲੋਕਾਂ ਤੱਕ ਪਹੁੰਚਾਉਣੀ ਹੋਵੇ ਜਾਂ ਕਿਸੇ ਆਗੂ ਦੀ ਤਸਵੀਰ ਅਖ਼ਬਾਰ ਵਿੱਚ ਛਪਵਾਉਣੀ ਹੋਵੇ ਤਾਂ ਫ਼ੋਨ ਉੱਤੇ ਫ਼ੋਨ ਕੀਤੇ ਜਾਂਦੇ ਹਨ। ਪਰ ਜਦੋਂ ਖ਼ਬਰ ਤਿਆਰ ਕਰਨ ਵਾਲੇ ਦੀ ਮਿਹਨਤ ਦਾ ਮੁੱਲ ਦੇਣ ਦੀ ਗੱਲ ਆਉਂਦੀ ਹੈ ਤਾਂ ਕਈ ਲੋਕ ਇਸ ਨੂੰ ਪੱਤਰਕਾਰ ਦੀ ਨਿੱਜੀ ਜ਼ਿੰਮੇਵਾਰੀ ਸਮਝਣ ਲੱਗ ਪੈਂਦੇ ਹਨ।

ਇੱਥੇ ਇੱਕ ਹੋਰ ਵੱਡਾ ਵਿਰੋਧਾਭਾਸ ਵੀ ਸਾਹਮਣੇ ਆਉਂਦਾ ਹੈ। ਚੋਣਾਂ ਵੇਲੇ ਸਿਆਸੀ ਆਗੂਆਂ, ਉਮੀਦਵਾਰਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਨੂੰ ਆਪਣੀ ਗੱਲ ਲੋਕਾਂ ਤੱਕ ਪਹੁੰਚਾਉਣ ਲਈ ਅਖ਼ਬਾਰਾਂ, ਦੂਰਦਰਸ਼ਨ ਅਤੇ ਹੋਰ ਪ੍ਰਚਾਰ ਸਾਧਨਾਂ ਦੀ ਲੋੜ ਹੁੰਦੀ ਹੈ। ਵੱਡੇ ਸਮਾਗਮਾਂ, ਉਦਘਾਟਨਾਂ, ਜਨਤਕ ਇਕੱਠਾਂ ਅਤੇ ਨਿੱਜੀ ਕਾਰੋਬਾਰਾਂ ਦੇ ਪ੍ਰਚਾਰ ਲਈ ਵੀ ਇਸ਼ਤਿਹਾਰਬਾਜ਼ੀ ਉੱਤੇ ਖੁੱਲ੍ਹ ਕੇ ਪੈਸਾ ਖ਼ਰਚਿਆ ਜਾਂਦਾ ਹੈ। ਪਰ ਜਦੋਂ ਕਿਸੇ ਛੋਟੇ ਅਖ਼ਬਾਰ ਜਾਂ ਖੇਤਰੀ ਖ਼ਬਰ-ਅਦਾਰੇ ਨੂੰ ਇਸ਼ਤਿਹਾਰ ਦੇ ਕੇ ਉਸ ਦੇ ਚੱਲਣ ਵਿੱਚ ਹਿੱਸਾ ਪਾਉਣ ਦੀ ਵਾਰੀ ਆਉਂਦੀ ਹੈ ਤਾਂ ਅਕਸਰ ਬਜਟ ਦੀ ਘਾਟ ਦਾ ਬਹਾਨਾ ਬਣਾ ਦਿੱਤਾ ਜਾਂਦਾ ਹੈ।

ਇਹ ਗੱਲ ਵੀ ਸਮਝਣੀ ਜ਼ਰੂਰੀ ਹੈ ਕਿ ਇਸ਼ਤਿਹਾਰ ਖ਼ਬਰ ਨਹੀਂ ਹੁੰਦਾ ਅਤੇ ਖ਼ਬਰ ਨੂੰ ਇਸ਼ਤਿਹਾਰ ਦੇ ਬਦਲੇ ਛਾਪਣਾ ਵੀ ਪੱਤਰਕਾਰੀ ਦਾ ਸਹੀ ਰਾਹ ਨਹੀਂ। ਇਸ਼ਤਿਹਾਰ ਦਾ ਮਕਸਦ ਕਿਸੇ ਵਸਤੂ, ਸੇਵਾ, ਸੰਸਥਾ ਜਾਂ ਸਮਾਗਮ ਬਾਰੇ ਪ੍ਰਚਾਰ ਕਰਨਾ ਹੁੰਦਾ ਹੈ, ਜਦਕਿ ਖ਼ਬਰ ਦਾ ਮਕਸਦ ਲੋਕਾਂ ਨੂੰ ਤੱਥਾਂ ਅਨੁਸਾਰ ਜਾਣਕਾਰੀ ਦੇਣਾ ਹੈ। ਦੋਵਾਂ ਦੀ ਆਪਣੀ ਵੱਖਰੀ ਪਛਾਣ ਅਤੇ ਮਰਿਆਦਾ ਹੈ। ਇਸ ਲਈ ਕਿਸੇ ਖ਼ਬਰ ਦੇ ਬਦਲੇ ਇਸ਼ਤਿਹਾਰ ਦੀ ਮੰਗ ਕਰਨਾ ਜਾਂ ਇਸ਼ਤਿਹਾਰ ਦੇਣ ਵਾਲੇ ਦੇ ਹੱਕ ਵਿੱਚ ਖ਼ਬਰ ਛਾਪਣ ਦਾ ਦਬਾਅ ਬਣਾਉਣਾ ਦੋਵੇਂ ਗ਼ਲਤ ਹਨ। ਪਰ ਇਸੇ ਤਰ੍ਹਾਂ ਕਿਸੇ ਪੱਤਰਕਾਰ ਤੋਂ ਬਿਨਾਂ ਮਿਹਨਤਾਨੇ ਦੇ ਕੰਮ ਲੈਣਾ ਵੀ ਜਾਇਜ਼ ਨਹੀਂ।

ਸਭ ਤੋਂ ਵੱਧ ਮਾੜੀ ਹਾਲਤ ਛੋਟੇ ਅਤੇ ਖੇਤਰੀ ਖ਼ਬਰ-ਅਦਾਰਿਆਂ ਨਾਲ ਜੁੜੇ ਪੱਤਰਕਾਰਾਂ ਦੀ ਹੈ। ਵੱਡੇ ਅਦਾਰਿਆਂ ਕੋਲ ਆਮਦਨ ਦੇ ਕਈ ਸਾਧਨ, ਪੱਕਾ ਦਫ਼ਤਰੀ ਢਾਂਚਾ ਅਤੇ ਕਰਮਚਾਰੀਆਂ ਨੂੰ ਤਨਖ਼ਾਹ ਦੇਣ ਦੀ ਸਮਰੱਥਾ ਹੋ ਸਕਦੀ ਹੈ, ਪਰ ਛੋਟੇ ਅਦਾਰੇ ਅਕਸਰ ਸੀਮਤ ਸਰੋਤਾਂ ਨਾਲ ਕੰਮ ਕਰਦੇ ਹਨ। ਇਨ੍ਹਾਂ ਨਾਲ ਜੁੜੇ ਪੱਤਰਕਾਰਾਂ ਨੂੰ ਕਈ ਵਾਰ ਖ਼ਬਰਾਂ ਭੇਜਣ ਦੇ ਬਾਵਜੂਦ ਸਮੇਂ ਸਿਰ ਮਿਹਨਤਾਨਾ ਨਹੀਂ ਮਿਲਦਾ। ਕਈਆਂ ਨੂੰ ਸਿਰਫ਼ ਪਛਾਣ-ਪੱਤਰ ਜਾਂ ਅਹੁਦੇ ਦੇ ਨਾਂ ਉੱਤੇ ਕੰਮ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਪਛਾਣ-ਪੱਤਰ ਨਾਲ ਸਮਾਜ ਵਿੱਚ ਪਛਾਣ ਤਾਂ ਮਿਲ ਸਕਦੀ ਹੈ, ਪਰ ਘਰ ਦਾ ਰਾਸ਼ਨ, ਬੱਚਿਆਂ ਦੀ ਪੜ੍ਹਾਈ, ਬਿਜਲੀ ਦਾ ਬਿੱਲ ਅਤੇ ਪਰਿਵਾਰ ਦੀਆਂ ਹੋਰ ਲੋੜਾਂ ਪੂਰੀਆਂ ਨਹੀਂ ਹੁੰਦੀਆਂ।

ਇਸ ਸਮੱਸਿਆ ਦਾ ਇੱਕ ਵੱਡਾ ਕਾਰਨ ਪੱਤਰਕਾਰਤਾ ਦੇ ਕੰਮ ਅਤੇ ਉਸ ਦੇ ਆਰਥਿਕ ਢਾਂਚੇ ਵਿਚਲਾ ਅਸੰਤੁਲਨ ਵੀ ਹੈ। ਅਦਾਰਿਆਂ ਨੂੰ ਸਮੱਗਰੀ ਚਾਹੀਦੀ ਹੈ, ਪਰ ਉਸ ਸਮੱਗਰੀ ਨੂੰ ਤਿਆਰ ਕਰਨ ਵਾਲੇ ਮਨੁੱਖੀ ਸਰੋਤਾਂ ਉੱਤੇ ਲੋੜੀਂਦਾ ਖ਼ਰਚ ਕਰਨ ਦੀ ਤਿਆਰੀ ਘੱਟ ਦਿਖਾਈ ਦਿੰਦੀ ਹੈ। ਦੂਜੇ ਪਾਸੇ, ਕੁਝ ਲੋਕ ਪੱਤਰਕਾਰਤਾ ਦੇ ਨਾਂ ਉੱਤੇ ਦਬਾਅ ਬਣਾਉਣ, ਨਿੱਜੀ ਲਾਭ ਲੈਣ ਅਤੇ ਡਰਾਵੇ ਦੇਣ ਵਰਗੀਆਂ ਕਾਰਵਾਈਆਂ ਵੀ ਕਰਦੇ ਹਨ। ਅਜਿਹੀਆਂ ਹਰਕਤਾਂ ਕਾਰਨ ਇਮਾਨਦਾਰ ਪੱਤਰਕਾਰਾਂ ਦੀ ਸਾਖ਼ ਨੂੰ ਵੀ ਸੱਟ ਵੱਜਦੀ ਹੈ। ਇਸ ਲਈ ਪੱਤਰਕਾਰਾਂ ਦੇ ਹੱਕਾਂ ਦੀ ਗੱਲ ਕਰਦਿਆਂ ਪੱਤਰਕਾਰਤਾ ਦੇ ਅੰਦਰ ਜਵਾਬਦੇਹੀ ਅਤੇ ਪੇਸ਼ਾਵਰ ਅਨੁਸ਼ਾਸਨ ਨੂੰ ਵੀ ਬਰਾਬਰ ਮਹੱਤਤਾ ਦੇਣੀ ਪਵੇਗੀ। ਸਰਕਾਰ ਦੀ ਜ਼ਿੰਮੇਵਾਰੀ ਵੀ ਇਸ ਮਾਮਲੇ ਵਿੱਚ ਘੱਟ ਨਹੀਂ। ਸਰਕਾਰੀ ਇਸ਼ਤਿਹਾਰਾਂ ਦੀ ਵੰਡ ਲਈ ਸਪੱਸ਼ਟ, ਪਾਰਦਰਸ਼ੀ ਅਤੇ ਇਕਸਾਰ ਮਾਪਦੰਡ ਹੋਣੇ ਚਾਹੀਦੇ ਹਨ। ਇਸ਼ਤਿਹਾਰ ਸਿਰਫ਼ ਵੱਡੇ ਅਦਾਰਿਆਂ ਜਾਂ ਪ੍ਰਭਾਵਸ਼ਾਲੀ ਪਹੁੰਚ ਵਾਲਿਆਂ ਤੱਕ ਸੀਮਤ ਨਹੀਂ ਰਹਿਣੇ ਚਾਹੀਦੇ। ਛੋਟੇ ਅਖ਼ਬਾਰਾਂ, ਖੇਤਰੀ ਭਾਸ਼ਾਵਾਂ ਦੇ ਪ੍ਰਕਾਸ਼ਨਾਂ ਅਤੇ ਸਥਾਨਕ ਪੱਧਰ ਉੱਤੇ ਲੋਕਾਂ ਦੀ ਆਵਾਜ਼ ਬਣਨ ਵਾਲੇ ਅਦਾਰਿਆਂ ਨੂੰ ਵੀ ਉਨ੍ਹਾਂ ਦੀ ਪ੍ਰਸਾਰ-ਸਮਰੱਥਾ, ਭਰੋਸੇਯੋਗਤਾ ਅਤੇ ਨਿਰਧਾਰਤ ਨਿਯਮਾਂ ਅਨੁਸਾਰ ਮੌਕਾ ਮਿਲਣਾ ਚਾਹੀਦਾ ਹੈ। ਇਸ਼ਤਿਹਾਰਾਂ ਦੀ ਮਨਜ਼ੂਰੀ, ਦਰਾਂ, ਅਦਾਇਗੀ ਅਤੇ ਦੇਰੀ ਬਾਰੇ ਜਾਣਕਾਰੀ ਵੀ ਜਨਤਕ ਹੋਣੀ ਚਾਹੀਦੀ ਹੈ ਤਾਂ ਜੋ ਕਿਸੇ ਨਾਲ ਪੱਖਪਾਤ ਦੀ ਗੁੰਜਾਇਸ਼ ਨਾ ਰਹੇ।

ਇਸ ਦੇ ਨਾਲ ਹੀ ਖ਼ਬਰ-ਅਦਾਰਿਆਂ ਨੂੰ ਆਪਣੇ ਪੱਤਰਕਾਰਾਂ ਨਾਲ ਲਿਖਤੀ ਸਮਝੌਤੇ ਕਰਨੇ ਚਾਹੀਦੇ ਹਨ। ਕੰਮ ਦੀ ਕਿਸਮ, ਜ਼ਿੰਮੇਵਾਰੀ, ਮਿਹਨਤਾਨਾ, ਯਾਤਰਾ-ਖ਼ਰਚ ਅਤੇ ਅਦਾਇਗੀ ਦੀ ਮਿਆਦ ਪਹਿਲਾਂ ਹੀ ਤੈਅ ਹੋਣੀ ਚਾਹੀਦੀ ਹੈ। ਜਿੱਥੇ ਪੱਕੀ ਨੌਕਰੀ ਹੈ, ਉੱਥੇ ਲਾਗੂ ਕਿਰਤ ਕਾਨੂੰਨਾਂ ਦੀ ਪਾਲਣਾ ਹੋਵੇ ਅਤੇ ਜਿੱਥੇ ਖ਼ਬਰਾਂ ਦੇ ਆਧਾਰ ਉੱਤੇ ਕੰਮ ਲਿਆ ਜਾਂਦਾ ਹੈ, ਉੱਥੇ ਵੀ ਤੈਅ ਦਰਾਂ ਅਨੁਸਾਰ ਭੁਗਤਾਨ ਕੀਤਾ ਜਾਵੇ। ਪੱਤਰਕਾਰਾਂ ਦੀਆਂ ਜਥੇਬੰਦੀਆਂ ਨੂੰ ਵੀ ਸਿਰਫ਼ ਸਮਾਗਮਾਂ ਅਤੇ ਸਨਮਾਨ-ਚਿੰਨ੍ਹਾਂ ਤੱਕ ਸੀਮਤ ਰਹਿਣ ਦੀ ਥਾਂ ਉਨ੍ਹਾਂ ਦੇ ਮਿਹਨਤਾਨੇ, ਸੁਰੱਖਿਆ ਅਤੇ ਕਾਨੂੰਨੀ ਹੱਕਾਂ ਲਈ ਠੋਸ ਪੈਰਵੀ ਕਰਨੀ ਚਾਹੀਦੀ ਹੈ।

ਪੱਤਰਕਾਰ ਨੂੰ ਸਿਰਫ਼ ਖ਼ਬਰਾਂ ਇਕੱਠੀਆਂ ਕਰਨ ਵਾਲਾ ਮਨੁੱਖ ਨਾ ਸਮਝਿਆ ਜਾਵੇ, ਸਗੋਂ ਉਸ ਨੂੰ ਇੱਕ ਮਿਹਨਤਕਸ਼ ਪੇਸ਼ਾਵਰ ਵਜੋਂ ਬਣਦਾ ਮਾਣ ਅਤੇ ਮੁੱਲ ਦਿੱਤਾ ਜਾਵੇ। ਜਿਸ ਸਮਾਜ ਨੂੰ ਆਪਣੀਆਂ ਸਮੱਸਿਆਵਾਂ ਸਰਕਾਰ ਤੱਕ ਪਹੁੰਚਾਉਣ ਲਈ ਪੱਤਰਕਾਰ ਦੀ ਲੋੜ ਹੈ, ਉਸ ਸਮਾਜ ਨੂੰ ਪੱਤਰਕਾਰ ਦੇ ਪਰਿਵਾਰ ਦੀਆਂ ਲੋੜਾਂ ਅਤੇ ਉਸ ਦੇ ਆਰਥਿਕ ਹੱਕਾਂ ਪ੍ਰਤੀ ਵੀ ਸੰਵੇਦਨਸ਼ੀਲ ਹੋਣਾ ਪਵੇਗਾ।

ਪੱਤਰਕਾਰ ਤੋਂ ਇਮਾਨਦਾਰੀ, ਨਿਰਪੱਖਤਾ ਅਤੇ ਨਿਡਰਤਾ ਦੀ ਉਮੀਦ ਰੱਖਣ ਵਾਲਿਆਂ ਨੂੰ ਉਸ ਦੀ ਮਿਹਨਤ ਦਾ ਵਾਜਬ ਮੁੱਲ ਤਾਰਨ ਤੋਂ ਵੀ ਪਿੱਛੇ ਨਹੀਂ ਹਟਣਾ ਚਾਹੀਦਾ। ਕਿਉਂਕਿ ਆਰਥਿਕ ਤੌਰ ਉੱਤੇ ਲਾਚਾਰ ਪੱਤਰਕਾਰਤਾ ਤੋਂ ਮਜ਼ਬੂਤ, ਸੁਤੰਤਰ ਅਤੇ ਨਿਰਪੱਖ ਪੱਤਰਕਾਰੀ ਦੀ ਉਮੀਦ ਕਰਨੀ ਆਪਣੇ ਆਪ ਵਿੱਚ ਇੱਕ ਵੱਡਾ ਵਿਰੋਧਾਭਾਸ ਹੈ।



ਵਿਧਾਨ ਸਭਾ ਚੋਣਾਂ-2027: ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਈਵੀਐਮਜ਼ ਅਤੇ ਵੀਵੀਪੀਏਟੀ ਮਸ਼ੀਨਾਂ ਦੀ ਕੀਤੀ ਜਾਵੇਗੀ ਫਸਟ ਲੈਵਲ ਚੈਕਿੰਗ

ਫ਼ਤਹਿਗੜ੍ਹ ਸਾਹਿਬ, 14 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-



ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫਐਲਸੀ) ਸ਼ੁਰੂ ਹੋ ਜਾਵੇਗੀ। ਪੰਜਾਬ ਦੇ ਮੁੱਖ ਚੋਣ ਅਫ਼ਸਰ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਦੱਸਿਆ ਕਿ ਈਵੀਐਮਜ਼ ਅਤੇ ਵੀਵੀਪੀਏਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ (ਈਸੀਆਈ) ਦੁਆਰਾ ਨਿਰਧਾਰਤ ਇੱਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਆਮ ਚੋਣਾਂ ਅਤੇ ਜ਼ਿਮਨੀ ਚੋਣਾਂ ਵਿੱਚ ਵਰਤੀਆਂ ਜਾਣ ਵਾਲੀਆਂ ਈਵੀਐਮਜ਼ ਅਤੇ ਵੀਵੀਪੀਏਟੀ ਦੀ ਫਸਟ ਲੈਵਲ ਚੈਕਿੰਗ ਜ਼ਿਲ੍ਹਾ ਚੋਣ ਅਧਿਕਾਰੀ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਅਧਿਕਾਰਤ ਇੰਜੀਨੀਅਰਾਂ ਦੁਆਰਾ ਕੀਤੀ ਜਾਂਦੀ ਹੈ। ਸੀਈਓ ਨੇ ਕਿਹਾ ਕਿ ਫਸਟ ਲੈਵਲ ਚੈਕਿੰਗ ਵਿੱਚ ਦਰੁਸਤ ਪਾਈਆਂ ਜਾਣ ਵਾਲੀਆਂ ਈਵੀਐਮ ਅਤੇ ਵੀਵੀਪੀਏਟੀ ਮਸ਼ੀਨਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਵਰਤਿਆ ਜਾਵੇਗਾ। ਫਸਟ ਲੈਵਲ ਚੈਕਿੰਗ ਲਈ ਵਿਸਥਾਰਕ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾਵੇਗੀ।

ਇਹ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਮੌਜੂਦਾ ਹਦਾਇਤਾਂ ਅਨੁਸਾਰ ਨੇਪਰੇ ਚਾੜ੍ਹੀ ਜਾਵੇਗੀ। ਫਸਟ ਲੈਵਲ ਚੈਕਿੰਗ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ। ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਐਫਐਲਸੀ ਪ੍ਰਕਿਰਿਆ ਸਬੰਧਿਤ ਜ਼ਿਲ੍ਹਾ ਚੋਣ ਅਫ਼ਸਰਾਂ ਦੀ ਦੇਖ-ਰੇਖ ਅਧੀਨ ਕਰਵਾਈ ਜਾਵੇਗੀ ਅਤੇ ਇਸ ਦੀ ਨਿਗਰਾਨੀ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਾਲ-ਨਾਲ ਭਾਰਤ ਚੋਣ ਕਮਿਸ਼ਨ ਦੇ ਪੱਧਰ 'ਤੇ ਕੀਤੀ ਜਾਵੇਗੀ।

ਮੁੱਖ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਸਮੁੱਚੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਸਾਰੇ 23 ਸਥਾਨਾਂ 'ਤੇ ਪੂਰੀ ਐਫਐਲਸੀ ਪ੍ਰਕਿਰਿਆ ਦੀ ਲਾਈਵ ਵੈੱਬਕਾਸਟਿੰਗ ਕੀਤੀ ਜਾਵੇਗੀ। ਹਰੇਕ ਜ਼ਿਲ੍ਹਾ ਹੈੱਡਕੁਆਰਟਰ 'ਤੇ ਦੋ ਡਿਸਪਲੇਅ ਸਕ੍ਰੀਨਾਂ (ਇੱਕ ਐਫਐਲਸੀ ਸਾਈਟ 'ਤੇ ਅਤੇ ਦੂਜੀ ਸਬੰਧਿਤ ਡੀ.ਸੀ. ਦਫ਼ਤਰਾਂ 'ਚ) ਲਗਾਈਆਂ ਗਈਆਂ ਹਨ ਤਾਂ ਜੋ ਨੁਮਾਇੰਦੇ ਕਾਰਵਾਈ ਨੂੰ ਨੇੜਿਓਂ ਦੇਖ ਸਕਣ।

ਮੁੱਖ ਚੋਣ ਅਫ਼ਸਰ (ਸੀਈਓ) ਹੈੱਡਕੁਆਰਟਰ 'ਤੇ ਸਮੁੱਚੀ ਪ੍ਰਕਿਰਿਆ ਨੂੰ ਲਾਈਵ ਦੇਖਣ ਲਈ ਵਿਸ਼ੇਸ਼ ਸਕ੍ਰੀਨਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ, ਭਾਰਤ ਚੋਣ ਕਮਿਸ਼ਨ ਨੇ ਇਹਨਾਂ ਕਾਰਜਾਂ ਦੀ ਦੇਖ-ਰੇਖ ਲਈ ਓਬਜ਼ਰਵਰ ਲਗਾਏ ਗਏ ਹਨ। ਮੁੱਖ ਚੋਣ ਅਫ਼ਸਰ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨੁਮਾਇੰਦਿਆਂ ਨੂੰ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਰਸਟ ਲੈਵਲ ਚੈਕਿੰਗ (ਐਫਐਲਸੀ)) ਦੌਰਾਨ ਮੌਜੂਦ ਰਹਿਣ ਲਈ ਅਧਿਕਾਰਤ ਕਰਨ। ਉਨ੍ਹਾਂ ਅੱਗੇ ਕਿਹਾ ਕਿ ਐਫਐਲਸੀ ਪ੍ਰਕਿਰਿਆ ਦੌਰਾਨ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਪਾਰਦਰਸ਼ਤਾ ਨੂੰ ਹੋਰ ਮਜ਼ਬੂਤ ਕਰੇਗੀ, ਭਾਈਵਾਲਾਂ ਵਿੱਚ ਵਿਸ਼ਵਾਸ ਪੈਦਾ ਕਰੇਗੀ ਅਤੇ ਸਮੁੱਚੀ ਪ੍ਰਕਿਰਿਆ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਏਗੀ।

ਗੈਸ ਵਰਕਰਾਂ ਨਾਲ ਪੁਲਿਸ ਦੀ ਧੱਕੇਸ਼ਾਹੀ

ਪਟਿਆਲਾ, 14 ਨਵੰਬਰ
-ਜੀ. ਐਸ. ਤੁੰਗ-

ਆਪਣੀਆਂ ਜਾਇਜ ਅਤੇ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਪਿਛਲੇ ਲੰਮੇ ਸਮੇਂ ਤੋਂ ਸ਼ਾਂਤੀਪੂਰਵਕ ਸੰਘਰਸ਼ ਕਰ ਰਹੇ ਗੈਸ ਏਜੰਸੀ ਵਰਕਰ ਯੂਨੀਅਨ (ਈਫਟੂ) ਦੇ ਪੰਜਾਬ ਦੇ ਆਗੂ ਸ੍ਰੀਨਾਥ ਪਟਿਆਲਾ ਅਤੇ ਜਿਲਾ ਸਕੱਤਰ ਸੁਰਜੀਤ ਸਿੰਘ ਸੁਨਿਆਰਹੇੜੀ, ਜਿਲਾ ਪ੍ਰਧਾਨ ਬਲਜਿੰਦਰ ਸਿੰਘ ਲੱਖੋਮਾਜਰਾ, ਏਜੰਸੀ ਪ੍ਰਧਾਨ ਸ਼ਾਮ ਧਰ ਮਿਸ਼ਰਾ ਅਤੇ ਉਨ੍ਹਾਂ ਦੇ ਸਾਥੀ ਜੋ ਕਿ ਸੁਰਿੰਦਰਾ ਗੈਸ ਸਰਵਿਸ ਦੇ ਸਟੋਰ ਤੇ ਸ਼ਾਤੀ ਪੂਰਵਕ ਧਰਨਾ ਦੇ ਰਹੇ ਸੀ, ਸੁਰਿੰਦਰਾ ਗੈਸ ਸਰਵਿਸ ਦੀ ਮਾਲਿਕ ਆਰਤੀ ਅਰੋੜਾ ਸਨ। ਜਿਸ ਨੇ ਨਜਾਇਜ ਤਰੀਕੇ ਨਾਲ ਅਰਬਾਂ ਦੀ ਚਲ ਅਤੇ ਅਚੱਲ ਜਾਇਦਾਦ ਬਣਾਈ ਹੈ। ਜਿਸ ਦੀ ਸਰਕਾਰੇ ਦਰਬਾਰੇ ਪਹੁੰਚ ਹੈ, ਆਪਨੀ ਪਾਵਰ ਦੀ ਨਜਾਇਜ ਵਰਤੋ ਕਰਕੇ ਤ੍ਰਿਪੜੀ ਥਾਣੇ ਦੇ ਅਫਸਰ ਨੂੰ ਸਾਡੀ ਗ੍ਰਿਫਤਾਰੀ ਲਈ ਮਜਬੂਰ ਕੀਤਾ, ਉਨ੍ਹਾਂ ਨੇ ਆਪਣੀ ਟੀਮ ਨਾਲ ਗੈਸ ਸਟੋਰ ਤੇ ਪਹੁੰਚ ਕੇ ਧੱਕੇ ਨਾਲ ਗ੍ਰਿਫਤਾਰ ਕਰਕੇ ਥਾਣੇ ਲੈ ਗਏ ਤੇ ਜਥੇਬੰਦੀ ਵਲੋਂ ਲਗਾਈਆਂ ਟੈਂਟ ਪੁੱਟਵਾ ਦਿੱਤਾ। ਇਸ ਗਲ ਦਾ ਪਤਾ ਜਦੋਂ ਸੰਯੁਕਤ ਕਿਸਾਨ ਮੋਰਚੇ ਦੇ ਪੰਜਾਬ ਦੇ ਆਗੂ ਰਮਿੰਦਰ ਸਿੰਘ ਪਟਿਆਲਾ ਨੂੰ ਪਤਾ ਲੱਗਾ ਬਿਨਾਂ ਦੇਰੀ ਫੌਰੀ ਆਪਣੇ ਸਾਥੀਆਂ ਸਮੇਤ ਇਸ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜਿਲਾ ਪ੍ਰਧਾਨ ਦਵਿੰਦਰ ਸਿੰਘ ਪੂਨੀਆ, ਡੈਮੋਕਰੇਟਿਕ ਟੀਚਰ ਫਰੰਟ ਦੇ ਪੰਜਾਬ ਪ੍ਰਧਾਨ ਵਿਰਕਮਦੇਵ, ਡੀ.ਐਮ.ਐਫ .ਓ. ਦੇ ਪ੍ਰਧਾਨ ਗੁਰਜੀਤ ਸਿੰਘ ਘੱਗਾ, ਵੱਲੋਂ ਤ੍ਰਿਪੜੀ ਥਾਣੇ ਪਹੁੰਚ ਕੇ ਗ੍ਰਿਫਤਾਰ ਕੀਤੇ ਆਗੂਆਂ ਨੂੰ ਬਿਨਾਂ ਸ਼ਰਤ ਰਿਹਾ ਕਰਵਾਇਆ ।



ਸਵੀਪ ਗਤੀਵਿਧੀਆਂ ਤਹਿਤ ਸਕੂਲਾਂ ਤੇ ਕਾਲਜਾਂ ਵਿੱਚ ਲੇਖ ਅਤੇ ਕੁਇਜ਼ ਮੁਕਾਬਲੇ ਕਰਵਾਏ



ਫ਼ਤਹਿਗੜ੍ਹ ਸਾਹਿਬ, 14 ਨਵੰਬਰ -ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਵੀਪ ਗਤੀਵਿਧੀਆਂ ਤਹਿਤ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ ਪ੍ਰਤੀ ਜਾਗਰੂਕ ਕਰਨ ਅਤੇ ਲੋਕਤੰਤਰੀ ਪ੍ਰਣਾਲੀ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਯਕੀਨੀ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਵਿੱਚ ਸਥਾਪਿਤ ਇਲੈਕਟੋਰਲ ਲਿਟਰੇਸੀ ਕਲੱਬਾਂ ਰਾਹੀਂ ਲੇਖ ਅਤੇ ਕੁਇਜ਼ ਮੁਕਾਬਲੇ ਕਰਵਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਕਮ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਸ੍ਰੀਮਤੀ ਜੋਬਨਦੀਪ ਕੌਰ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਆਪਣੇ ਵੋਟ ਦੇ ਅਧਿਕਾਰ, ਚੋਣ ਪ੍ਰਕਿਰਿਆ ਅਤੇ ਲੋਕਤੰਤਰ ਦੀ ਮਹੱਤਤਾ ਬਾਰੇ ਜਾਣੂ ਕਰਵਾਉਣਾ ਹੈ, ਤਾਂ ਜੋ ਉਹ ਇੱਕ ਜ਼ਿੰਮੇਵਾਰ ਨਾਗਰਿਕ ਵਜੋਂ ਲੋਕਤੰਤਰੀ ਪ੍ਰਕਿਰਿਆ ਵਿੱਚ ਆਪਣੀ ਭੂਮਿਕਾ ਨਿਭਾ ਸਕਣ। ਉਨ੍ਹਾਂ ਦੱਸਿਆ ਕਿ ਹਰੇਕ ਵਿਦਿਅਕ ਸੰਸਥਾ ਵਿੱਚੋਂ ਦੋ ਵਿਦਿਆਰਥੀਆਂ ਦੀ ਚੋਣ ਅਗਲੇ ਪੜਾਅ ਲਈ ਕੀਤੀ ਜਾਵੇਗੀ।

ਇਸ ਉਪਰੰਤ ਵਿਧਾਨ ਸਭਾ ਹਲਕਾ ਪੱਧਰ 'ਤੇ ਹੋਣ ਵਾਲੇ ਮੁਕਾਬਲਿਆਂ ਵਿੱਚੋਂ ਹਰੇਕ ਹਲਕੇ ਦੇ 10-10 ਵਿਦਿਆਰਥੀਆਂ ਦੀ ਚੋਣ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਕੀਤੀ ਜਾਵੇਗੀ। ਜ਼ਿਲ੍ਹਾ ਪੱਧਰ 'ਤੇ ਹੋਣ ਵਾਲੇ ਮੁਕਾਬਲਿਆਂ ਵਿੱਚੋਂ 10 ਜੇਤੂ ਵਿਦਿਆਰਥੀਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਵਿੱਚ ਚੋਣਾਂ ਪ੍ਰਤੀ ਜਾਗਰੂਕਤਾ ਵਧਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਲੋਕਤੰਤਰ ਦੀ ਮਜ਼ਬੂਤੀ ਵਿੱਚ ਯੋਗਦਾਨ ਪਾਉਣ ਲਈ ਵੀ ਪ੍ਰੇਰਿਤ ਕਰਦੀਆਂ ਹਨ।

ਵਿਧਾਨ ਸਭਾ ਚੋਣਾਂ-2027 ਦੇ ਮੱਦੇਨਜ਼ਰ ਈ.ਵੀ.ਐਮ. ਅਤੇ ਵੀ.ਵੀ.ਪੈਟ ਦੀ ਫਸਟ ਲੈਵਲ ਚੈਕਿੰਗ ਦੇ ਕੰਮ ਦਾ ਸੰਯੁਕਤ ਮੁੱਖ ਚੋਣ ਅਫਸਰ ਵੱਲੋਂ ਜਾਇਜ਼ਾ

ਫ਼ਤਹਿਗੜ੍ਹ ਸਾਹਿਬ, 14 ਨਵੰਬਰ -ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤ ਦੇ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਆਗਾਮੀ ਵਿਧਾਨ ਸਭਾ ਚੋਣਾਂ-2027 ਨੂੰ ਮੁੱਖ ਰੱਖਦਿਆਂ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਲਈ ਨਿਯੁਕਤ ਨੋਡਲ ਅਫਸਰ ਸੰਯੁਕਤ ਮੁੱਖ ਚੋਣ ਅਫਸਰ ਹਰਿਆਣਾ ਸ੍ਰੀ ਰਾਜ ਕੁਮਾਰ ਵੱਲੋਂ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਈ.ਵੀ.ਐਮ. ਅਤੇ ਵੀ.ਵੀ.ਪੈਟ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫ.ਐਲ.ਸੀ.) ਦੇ ਚੱਲ ਰਹੇ ਕੰਮ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਵਧੀਕ ਜ਼ਿਲ੍ਹਾ ਚੋਣ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਇਸਮਤ ਵਿਜੈ ਸਿੰਘ ਵੀ ਮੌਜੂਦ ਸਨ। ਇਸ ਮੌਕੇ ਸ੍ਰੀ ਰਾਜ ਕੁਮਾਰ ਨੇ ਕਿਹਾ ਕਿ ਫਸਟ ਲੈਵਲ ਚੈਕਿੰਗ ਦਾ ਮੁੱਖ ਉਦੇਸ਼ ਆਗਾਮੀ ਵਿਧਾਨ ਸਭਾ ਚੋਣਾਂ-



2027 ਦੌਰਾਨ ਚੋਣ ਪ੍ਰਕਿਰਿਆ ਵਿੱਚ ਪੂਰੀ ਪਾਰਦਰਸ਼ਤਾ ਅਤੇ ਭਰੋਸੇਯੋਗਤਾ ਨੂੰ ਯਕੀਨੀ ਬਣਾਉਣਾ ਅਤੇ ਰਾਜਨੀਤਿਕ ਪਾਰਟੀਆਂ ਦੀ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਹੈ। ਉਨ੍ਹਾਂ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਈ.ਵੀ.ਐਮ. ਅਤੇ ਵੀ.ਵੀ.ਪੈਟ ਵੇਅਰਹਾਊਸ ਵਿਖੇ ਰੋਜ਼ਾਨਾ ਆਪਣੀ ਮੌਜੂਦਗੀ ਯਕੀਨੀ ਬਣਾਉਣ, ਤਾਂ ਜੋ ਐਫ.ਐਲ.ਸੀ. ਦੀ ਸਮੁੱਚੀ ਪ੍ਰਕਿਰਿਆ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹ ਸਕੇ। ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਈ.ਵੀ.ਐਮ. ਅਤੇ ਵੀ.ਵੀ.ਪੈਟ ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ ਦਾ ਕੰਮ ਪੂਰੀ ਪਾਰਦਰਸ਼ਤਾ, ਸੁਰੱਖਿਆ ਅਤੇ ਨਿਰਧਾਰਤ ਮਾਪਦੰਡਾਂ ਅਨੁਸਾਰ ਕੀਤਾ ਜਾ ਰਿਹਾ ਹੈ। ਇਸ ਪ੍ਰਕਿਰਿਆ ਦੌਰਾਨ ਮਸ਼ੀਨਾਂ ਦੀ ਕਾਰਜਸ਼ੀਲਤਾ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ, ਤਾਂ ਜੋ ਭਵਿੱਖ ਵਿੱਚ ਚੋਣਾਂ ਦੌਰਾਨ ਕਿਸੇ ਵੀ ਕਿਸਮ ਦੀ ਤਕਨੀਕੀ ਸਮੱਸਿਆ ਤੋਂ ਬਚਿਆ ਜਾ ਸਕੇ। ਇਸ ਮੌਕੇ ਐਸ.ਡੀ.ਖਮਾਣੋਂ ਕਮ ਈ.ਵੀ.ਐਮ.ਨੋਡਲ ਅਫਸਰ ਅਭਿਮਨਿਊ ਮਲਿਕ, ਤਹਿਸੀਲ ਦਾਰ ਚੋਣਾਂ ਨਿਰਮਲਾ ਰਾਣੀ, ਕਾਰਜਾਕਰੀ ਇੰਜਨੀਅਰ ਲੋਕ ਨਿਰਮਾਣ ਵਿਭਾਗ ਕਰਨ ਮਿੱਤਲ ਸਮੇਤ ਹੋਰ ਅਧਿਕਾਰੀ ਹਾਜਰ ਸਨ।

ਕਾਂਗਰਸ ਸਿੱਖਾਂ ਨੂੰ ਮਾਰਦੀ ਹੈ, ਲੇਕਿਨ ਭਾਜਪਾ ਸਿੱਖਾਂ ਤੇ ਸਿੱਖੀ ਨੂੰ ਖ਼ਤਮ ਕਰਨ ਦੀ ਮੰਦਭਾਵਨਾ ਵਾਲੀ ਜਮਾਤ : ਟਿਵਾਣਾ

ਫ਼ਤਹਿਗੜ੍ਹ ਸਾਹਿਬ, 14 ਨਵੰਬਰ -ਜੀ. ਐਸ. ਤੁੰਗ- -ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਾਰੇ ਮੁਲਕ ਨਾਲੋ ਉਹ ਵਿਲੱਖਣ, ਮਨੁੱਖੀ ਕਦਰਾਂ ਕੀਮਤਾਂ, ਇਨਸਾਨੀ ਤੇ ਸਮਾਜਿਕ ਬਿਹਤਰੀ ਲਈ ਹਰ ਤਰ੍ਹਾਂ ਦੀ ਕੁਰਬਾਨੀ, ਤਿਆਗ ਕਰਨ ਵਾਲਾ ਅਤੇ ਬਰਾਬਰਤਾ ਦੀ ਸੋਚ ਤੇ ਪਹਿਰਾ ਦੇਣ ਵਾਲਾ ਸੂਬਾ ਹੈ । ਜਿਸ ਨੂੰ ਗੁਰੂਆਂ, ਪੀਰਾਂ, ਫਕੀਰਾਂ ਤੇ ਦਰਵੇਸਾਂ ਦੀਆਂ ਪਵਿੱਤਰ ਰੂਹਾਂ ਦੀ ਚਰਨ ਛੋਹ ਪ੍ਰਾਪਤ ਦਾ ਸੁਭਾਗ ਹਾਸਿਲ ਹੈ । ਇਸ ਲਈ ਹੀ ਕੇਵਲ ਇੰਡੀਆ ਵਿਚ ਹੀ ਨਹੀ ਬਲਕਿ ਸਮੁੱਚੇ ਸੰਸਾਰ ਦੇ ਮੁਲਕਾਂ ਦੀਆਂ ਕੌਮਾਂ, ਧਰਮਾਂ ਵਿਚ ਅੱਜ ਗੁਲਾਬ ਦੇ ਫੁੱਲ ਦੀ ਖੁਸਬੋ ਦੀ ਤਰ੍ਹਾਂ ਅਤੇ ਸੂਰਜ ਦੀ ਰੌਸਨੀ ਦੀ ਤਰ੍ਹਾਂ ਆਪਣੇ ਅੱਛੇ ਕਰਮਾਂ ਦੀ ਬਦੌਲਤ ਚਾਨਣ ਰੌਸਨਾਉਣ ਵਿਚ ਮੋਹਰੀ ਹੈ । ਇਹੀ ਵਜਹ ਹੈ ਕਿ ਇਸ ਮੁਲਕ ਤੇ ਰਾਜ ਕਰਨ ਵਾਲੀਆ ਹਿੰਦੂਤਵ ਜਮਾਤਾਂ ਸਿੱਖਾਂ ਤੇ ਸਿੱਖੀ ਨੂੰ ਖਤਮ ਕਰਨ ਦੀ ਮੰਦਭਾਵਨਾ ਅਧੀਨ 1947 ਤੋ ਹੀ ਇਸ ਸੂਬੇ ਵਿਚ ਸਮਾਜ ਤੇ ਇਨਸਾਨ ਵਿਰੋਧੀ ਅਮਲ ਕਰਦੀਆ ਆ ਰਹੀਆ ਹਨ । ਕਾਂਗਰਸ ਸਿੱਖਾਂ ਨੂੰ ਖਤਮ ਕਰਨ ਲਈ ਸਾਜਿਸਾਂ ਕਰਦੀ ਹੈ ਅਤੇ ਬੀਜੇਪੀ-ਆਰ.ਐਸ.ਐਸ ਸਿੱਖਾਂ ਤੇ ਸਿੱਖੀ ਦੋਵਾਂ ਨੂੰ ਖਤਮ ਕਰਨ ਉਤੇ ਨਿਰੰਤਰ ਅਮਲ ਕਰਦੀ ਆ ਰਹੀ ਹੈ । ਭਾਵੇ ਦੋਵੇ ਜਮਾਤਾਂ ਆਪਣੇ ਮੰਦਭਾਵਨਾ ਭਰੇ ਮਿਸਨ ਵਿਚ ਕਾਮਯਾਬ ਨਹੀ ਹੋ ਸਕੀਆ ਅਤੇ ਨਾ ਹੀ ਹੋ ਸਕਣਗੀਆ । ਪਰ ਇਨ੍ਹਾਂ ਵੱਲੋ ਇਹ ਦੁੱਖਦਾਇਕ ਅਮਲ ਅੱਜ ਵੀ ਜਾਰੀ ਹਨ । ਇਸ ਲਈ ਕਿਸੇ ਇਕ ਵੀ ਪੰਜਾਬੀ ਜਾਂ ਇਕ ਵੀ ਸਿੱਖ ਵੱਲੋ ਇਨ੍ਹਾਂ ਦੋਵਾਂ ਸਮਾਜ ਦੀਆਂ ਦੁਸਮਣ ਜਮਾਤਾਂ ਨੂੰ 2027 ਦੀਆਂ ਆ ਰਹੀਆ ਚੋਣਾਂ ਵਿਚ 1 ਵੀ ਵੋਟ ਨਹੀ ਪਾਉਣੀ ਚਾਹੀਦੀ । ਇਸ ਗੱਲ ਨੂੰ ਪੰਜਾਬ ਦੇ ਹਰ ਬਸਿੰਦੇ ਹਿੰਦੂ ਤੇ ਸਿੱਖ ਨੂੰ ਆਪਣੇ ਜਹਿਨ ਵਿਚ ਵਸਾਉਣੀ ਪਵੇਗੀ । ਤਦ ਹੀ ਪੰਜਾਬ ਸੂਬੇ, ਪੰਜਾਬੀਆਂ, ਪੰਜਾਬੀਅਤ ਅਤੇ ਸਿੱਖ ਕੌਮ ਦੀ ਮਨੁੱਖਤਾ ਪੱਖੀ ਸੋਚ ਨੂੰ ਮਜਬੂਤ ਕੀਤਾ ਜਾ ਸਕੇਗਾ ਅਤੇ ਇਥੇ ਸਥਾਈ ਤੌਰ ਤੇ ਅਮਨ ਚੈਨ ਕਾਇਮ ਰੱਖਿਆ ਜਾ ਸਕੇਗਾ ।



ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਦੋਵੇ ਮੁਤੱਸਵੀ ਕਾਂਗਰਸ, ਬੀਜੇਪੀ ਪੰਜਾਬ ਅਤੇ ਸਿੱਖ ਕੌਮ ਵਿਰੋਧੀ ਜਮਾਤਾਂ ਦੇ ਇਨਸਾਨੀਅਤ ਵਿਰੋਧੀ ਅਮਲਾਂ ਦਾ ਵੇਰਵਾ ਦਿੰਦੇ ਹੋਏ ਆਉਣ ਵਾਲੀਆ 2027 ਦੀਆਂ ਚੋਣਾਂ ਵਿਚ ਇਨ੍ਹਾਂ ਤੇ ਇਨ੍ਹਾਂ ਦੀ ਬੀ-ਟੀਮ ਆਮ ਆਦਮੀ ਪਾਰਟੀ ਅਤੇ ਬਾਦਲ ਦਲੀਆ ਨੂੰ ਕਰਾਰੀ ਹਾਰ ਦੇਣ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਉਚੇਚੇ ਤੌਰ ਤੇ ਪੰਜਾਬ ਵਿਚ ਵੱਸਦੇ ਹਿੰਦੂ ਵੀਰਾਂ-ਭੈਣਾਂ, ਮਾਤਾਵਾ, ਬਜੁਰਗਾਂ ਅਤੇ ਨੌਜਵਾਨਾਂ ਨੂੰ ਮਨੁੱਖੀ ਕਦਰਾਂ ਕੀਮਤਾਂ ਦੇ ਬਿਨ੍ਹਾਂ ਤੇ ਆਪਣੀ ਪੁਰਾਤਨ ਸੋਚ ਕਿ ਹਰ ਹਿੰਦੂ ਘਰ ਵਿਚ ਆਪਣੇ ਵੱਡੇ ਪੁੱਤਰ ਨੂੰ ਸਿੱਖ ਬਣਾਉਣ ਦੀ ਚੱਲਦੀ ਰਹੀ ਰਵਾਇਤ ਨੂੰ ਯਾਦ ਕਰਵਾਉਦੇ ਹੋਏ ਅਤੇ ਜਰਵਾਨਿਆ ਮੁਗਲਾਂ ਵੱਲੋ ਹਿੰਦੂ ਧੀਆਂ ਭੈਣਾਂ ਨੂੰ ਜਬਰੀ ਚੁੱਕ ਕੇ ਲਿਜਾਣ ਦੇ ਬੀਤੇ ਸਮੇ ਵਿਚ ਹੋਏ ਸ਼ਰਮਨਾਕ ਦੁਖਾਂਤ ਸਮੇ ਸਿੱਖਾਂ ਵੱਲੋ ਆਪਣੀਆ ਜਾਨਾਂ ਤੇ ਖੇਡਕੇ ਇਨ੍ਹਾਂ ਹਿੰਦੂ ਧੀਆਂ ਭੈਣਾਂ ਨੂੰ ਛੁਡਾਕੇ ਉਨ੍ਹਾਂ ਦੇ ਆਪੋ ਆਪਣੇ ਘਰੇ ਬਾਇੱਜਤ ਪਹੁੰਚਾਉਣ ਦੀ ਨਿਭਾਈ ਗਈ ਇਤਿਹਾਸਿਕ ਭੂਮਿਕਾ ਤੇ ਫਰਜਾਂ ਦੀ ਗੱਲ ਵੀ ਕੀਤੀ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਜੇਕਰ ਪੰਜਾਬ ਦਾ ਹਿੰਦੂ ਜੋ ਕਿ ਅੱਜ ਵੀ ਮੁਲਕ ਦੀ ਸੌੜੀ ਤੇ ਸਵਾਰਥੀ ਮਨੁੱਖਤਾ ਵਿਰੋਧੀ ਹਕੂਮਤੀ ਸੋਚ ਦਾ ਸਿਕਾਰ ਹੋ ਕੇ ਪੰਜਾਬ ਵਰਗੇ ਸੋਨੇ ਦੀ ਚਿੜੀ ਕਹਾਉਣ ਵਾਲੇ ਸੂਬੇ ਵਿਚ ਵੱਸਦਾ ਹੈ । ਜੇਕਰ ਉਹ ਉਪਰੋਕਤ ਜਮਾਤਾਂ ਦੀ 'ਪਾੜੋ ਅਤੇ ਰਾਜ ਕਰੋ' ਵਾਲੀ ਹਕੂਮਤੀ ਸੋਚ ਨੂੰ ਸਮਝਕੇ ਗੁਰੂਆਂ, ਪੀਰਾਂ, ਫਕੀਰਾਂ ਦੀ ਇਸ ਧਰਤੀ ਦੇ ਹੋਏ ਅਮਲ ਅਤੇ ਮਨੁੱਖਤਾ ਪੱਖੀ ਜੀਵਨ ਦੇ ਮਕਸਦ ਨੂੰ ਸਮਝਕੇ ਇਮਾਨਦਾਰੀ ਤੇ ਦ੍ਰਿੜਤਾ ਨਾਲ ਅਮਲ ਕਰ ਸਕੇ ਤਾਂ ਇਹ ਸੂਬਾ ਅਤੇ ਇਸਦੇ ਸਭ ਵਰਗਾਂ ਨਾਲ ਸੰਬੰਧਤ ਬਸਿੰਦੇ ਸਵਰਗਰੂਪੀ ਜੀਵਨ ਦਾ ਆਨੰਦ ਮਾਣ ਸਕਦੇ ਹਨ ਅਤੇ ਆਪਣੀਆ ਆਉਣ ਵਾਲੀਆ ਨਸਲਾਂ ਲਈ ਰਾਹ ਦੁਸੇਰਾ ਬਣਕੇ ਫਿਰ ਤੋ ਪੰਜਾਬ ਨੂੰ ਸੋਨੇ ਦੀ ਚਿੜੀ ਕਹਿਲਾਉਣ ਵਿਚ ਫਖਰ ਮਹਿਸੂਸ ਕਰ ਸਕਦੇ ਹਨ ।

ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪੰਜਾਬ ਵਿਚ ਵੱਸਣ ਵਾਲਾ ਹਰ ਵਿਅਕਤੀ ਅਤੇ ਹਰ ਘਰ 2027 ਦੀਆਂ ਚੋਣਾਂ ਵਿਚ ਆਪਣੇ ਇਨਸਾਨੀ ਫਰਜਾਂ ਦੀ ਪੂਰਤੀ ਕਰਕੇ ਇਨ੍ਹਾਂ ਤਾਕਤਾਂ ਨੂੰ ਕਰਾਰੀ ਹਾਰ ਦਿੰਦੇ ਹੋਏ ਇਥੇ ਬੇਗਮਪੁਰਾ ਦੇ ਅਰਥ ਭਰਪੂਰ ਪ੍ਰਚਾਰ ਤੇ ਪ੍ਰਸਾਰ ਕਰਦੇ ਹੋਏ ਸਹੀ ਮਾਇਨਿਆ ਵਿਚ 'ਰਾਮ ਰਾਜ' ਕਾਇਮ ਕਰਨ ਦੇ ਫਰਜ ਅਦਾ ਕਰਨਗੇ ।

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਜਨਮ ਦਿਹਾੜੇ 'ਤੇ ਪੰਜਾਬ ਵਾਸੀਆਂ ਨੂੰ ਵਧਾਈ

ਚੰਡੀਗੜ੍ਹ, 14 ਨਵੰਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੇ ਜਨਮ ਦਿਹਾੜੇ ਮੌਕੇ ਸਮੂਹ ਪੰਜਾਬ ਵਾਸੀਆਂ ਅਤੇ ਵਿਸ਼ਵ ਭਰ ਵਿੱਚ ਵੱਸਦੇ ਪੰਜਾਬੀਆਂ ਨੂੰ ਨਿੱਘੀ ਵਧਾਈ ਦਿੱਤੀ ਹੈ।

ਸਪੀਕਰ ਸੰਧਵਾਂ ਨੇ ਇਸ ਮਹਾਨ ਸ਼ਾਸਕ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਨੂੰ ਇੱਕ ਮਹਾਨ ਸਮਰਾਟ, ਬੇਮਿਸਾਲ ਯੋਧਾ ਅਤੇ ਯੋਗ ਪ੍ਰਸ਼ਾਸਕ ਦੱਸਿਆ, ਜਿਨ੍ਹਾਂ ਨੇ ਵੱਖ-ਵੱਖ ਸਿੱਖ ਮਿਸਲਾਂ ਨੂੰ ਇੱਕਜੁੱਟ ਕਰਕੇ ਇੱਕ ਵਿਸ਼ਾਲ ਅਤੇ ਪ੍ਰਭੂਸੱਤਾ ਸੰਪੰਨ ਸਿੱਖ ਰਾਜ ਦੀ ਸਥਾਪਨਾ ਕੀਤੀ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦਾ ਰਾਜ ਇਤਿਹਾਸ ਵਿੱਚ ਇੱਕ ਸੁਨਹਿਰੀ ਯੁੱਗ ਵਜੋਂ ਜਾਣਿਆ ਜਾਂਦਾ ਹੈ, ਜਿਸ ਨੂੰ ਵਿਸ਼ਵ ਭਰ ਵਿੱਚ ਇਸ ਦੀ ਧਰਮ ਨਿਰਪੱਖ ਸੋਚ, ਫਿਰਕੂ ਸਦਭਾਵਨਾ, ਨਿਆਂ ਅਤੇ ਲੋਕ-ਭਲਾਈ ਵਾਲੀ ਸ਼ਾਸਨ ਪ੍ਰਣਾਲੀ ਲਈ ਜਾਣਿਆ ਜਾਂਦਾ ਹੈ।

ਸ. ਸੰਧਵਾਂ ਨੇ ਕਿਹਾ, ÷ਮਹਾਰਾਜਾ ਰਣਜੀਤ ਸਿੰਘ ਇੱਕ ਦੂਰਅੰਦੇਸ਼ੀ ਆਗੂ ਸਨ ਜਿਨ੍ਹਾਂ ਨੇ ਅਥਾਹ ਹਮਦਰਦੀ ਅਤੇ ਨਿਰਪੱਖਤਾ ਨਾਲ ਰਾਜ ਕੀਤਾ ਅਤੇ ਸਾਰੇ ਧਰਮਾਂ ਤੇ ਵਰਗਾਂ ਦੇ ਲੋਕਾਂ ਨੂੰ ਬਰਾਬਰ ਸਤਿਕਾਰ ਦਿੱਤਾ। ਉਨ੍ਹਾਂ ਵੱਲੋਂ ਮਿਸਲਾਂ ਦਾ ਇਤਿਹਾਸਕ ਏਕੀਕਰਨ ਕਰਨ ਨਾਲ ਨਾ ਸਿਰਫ਼ ਇੱਕ ਸ਼ਕਤੀਸ਼ਾਲੀ ਅਤੇ ਖ਼ੁਸ਼ਹਾਲ ਸਾਮਰਾਜ ਦੀ ਸਥਾਪਨਾ ਹੋਈ, ਸਗੋਂ ਪੰਜਾਬੀਆਂ ਵਿੱਚ ਮਾਣ ਅਤੇ ਏਕਤਾ ਦੀ ਸਦੀਵੀ ਭਾਵਨਾ ਵੀ ਪੈਦਾ ਹੋਈ।÷

ਨੌਜਵਾਨਾਂ ਅਤੇ ਨਾਗਰਿਕਾਂ ਨੂੰ ਸ਼ੇਰ-ਏ-ਪੰਜਾਬ ਦੀ ਸ਼ਾਨਦਾਰ ਵਿਰਾਸਤ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ, ਸਪੀਕਰ ਨੇ ਸਾਰਿਆਂ ਨੂੰ ਇੱਕ ਅਗਾਂਹਵਧੂ ਅਤੇ ਸਦਭਾਵਨਾ ਵਾਲੇ ਪੰਜਾਬ ਦੀ ਸਿਰਜਣਾ ਲਈ ਉਨ੍ਹਾਂ ਦੇ ਸ਼ਾਂਤੀ, ਭਾਈਚਾਰਕ ਸਾਂਝ ਅਤੇ ਨਿਰਸਵਾਰਥ ਸੇਵਾ ਦੇ ਆਦਰਸ਼ਾਂ 'ਤੇ ਚੱਲਣ ਦਾ ਸੱਦਾ ਦਿੱਤਾ।

ਸੀਟੀ ਯੂਨੀਵਰਸਿਟੀ ਵਿਖੇ ਦੋ ਰੋਜ਼ਾ ਆਈਬੀਐਮ ਤਕਨੀਕੀ ਮਹੋਤਸਵ-2026 ਕਰਵਾਇਆ



ਲੁਧਿਆਣਾ, 14 ਨਵੰਬਰ/ਦੁੱਗਰੀ -ਸ਼ਹੀਦ-ਏ-ਆਜ਼ਮ-ਬਿਊਰੋ-

ਸੀਟੀ ਯੂਨੀਵਰਸਿਟੀ ਦੇ ਸਕੂਲ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵੱਲੋਂ ਦੋ ਰੋਜ਼ਾ ਆਈਬੀਐਮ ਤਕਨੀਕੀ ਮਹੋਤਸਵ-2026 ਕਰਵਾਇਆ ਗਿਆ। ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਆਧੁਨਿਕ ਤਕਨਾਲੋਜੀ, ਉਦਯੋਗਿਕ ਲੋੜਾਂ ਅਤੇ ਨਵੀਨਤਾਕਾਰੀ ਹੁਨਰਾਂ ਨਾਲ ਜਾਣੂ ਕਰਵਾਉਣਾ ਸੀ।

ਸਮਾਗਮ ਦੌਰਾਨ ਉਦਯੋਗਿਕ ਮਾਹਿਰਾਂ ਵੱਲੋਂ ਨਕਲੀ ਬੁੱਧੀਮਤਾ (ਏਆਈ), ਰਚਨਾਤਮਕ ਸੋਚ, ਅੰਕੜਿਆਂ ਦੀ ਦ੍ਰਿਸ਼ਮਾਨ ਪੇਸ਼ਕਾਰੀ ਅਤੇ ਸੰਪੂਰਨ ਸਾਫਟਵੇਅਰ ਵਿਕਾਸ ਸਬੰਧੀ ਵਿਹਾਰਕ ਵਰਕਸ਼ਾਪਾਂ ਕਰਵਾਈਆਂ ਗਈਆਂ। ਵਿਦਿਆਰਥੀਆਂ ਨੇ ਆਪਣੇ ਨਵੀਨਤਾਕਾਰੀ ਪ੍ਰੋਜੈਕਟ ਪੇਸ਼ ਕਰਨ ਦੇ ਨਾਲ-ਨਾਲ ਵੱਖ-ਵੱਖ ਤਕਨੀਕੀ ਮੁਕਾਬਲਿਆਂ ਵਿੱਚ ਵੀ ਉਤਸ਼ਾਹ ਨਾਲ ਭਾਗ ਲਿਆ।

ਯੂਨੀਵਰਸਿਟੀ ਦੇ ਕੁਲਪਤੀ ਸ. ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਉਦਯੋਗ ਜਗਤ ਦੀਆਂ ਅਸਲ ਲੋੜਾਂ ਅਨੁਸਾਰ ਹੁਨਰਮੰਦ ਅਤੇ ਆਤਮਵਿਸ਼ਵਾਸੀ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਪ੍ਰੋ-ਕੁਲਪਤੀ ਡਾ. ਮਨਬੀਰ ਸਿੰਘ ਨੇ ਕਿਹਾ ਕਿ ਉਦਯੋਗਿਕ ਤਜਰਬੇ ਅਤੇ ਅਕਾਦਮਿਕ ਸਿੱਖਿਆ ਦਾ ਸੁਮੇਲ ਵਿਦਿਆਰਥੀਆਂ ਨੂੰ ਰੁਜ਼ਗਾਰ ਦੇ ਬਿਹਤਰ ਮੌਕੇ ਪ੍ਰਦਾਨ ਕਰਨ ਲਈ ਜ਼ਰੂਰੀ ਹੈ।

ਇਸ ਮੌਕੇ ਉਪ ਕੁਲਪਤੀ ਡਾ. ਨਿਤਿਨ ਟੰਡਨ, ਰਜਿਸਟਰਾਰ ਸੰਜੇ ਖੰਡੂਰੀ, ਕੰਪਿਊਟਰ ਵਿਗਿਆਨ ਅਤੇ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਇਸ਼ਪ੍ਰੀਤ ਸਿੰਘ ਵਿਰਕ, ਆਈਬੀਐਮ ਦੀ ਕਰੀਅਰ ਸਿੱਖਿਆ ਟੀਮ ਦੇ ਮੈਂਬਰ, ਅਧਿਆਪਕ ਅਤੇ ਵਿਦਿਆਰਥੀ ਮੌਜੂਦ ਸਨ।

ਸਮਾਗਮ ਨੇ ਉਦਯੋਗ ਅਤੇ ਸਿੱਖਿਆ ਸੰਸਥਾਵਾਂ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਤਕਨੀਕੀ ਚੁਣੌਤੀਆਂ ਲਈ ਤਿਆਰ ਕਰਨ ਦਾ ਮੌਕਾ ਪ੍ਰਦਾਨ ਕੀਤਾ।

ਡੀ.ਆਈ.ਜੀ. ਜਲੰਧਰ ਰੇਂਜ ਵਲੋਂ ਆਗਾਮੀ ਚੋਣਾਂ ਦੇ ਮੱਦੇਨਜ਼ਰ ਚੌਕਸੀ ਅਤੇ ਸੁਰੱਖਿਆ ਵਧਾਉਣ ਦੇ ਨਿਰਦੇਸ਼



ਹੁਸ਼ਿਆਰਪੁਰ, 14 ਨਵੰਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਆਗਾਮੀ ਵਿਧਾਨ ਸਭਾ ਚੋਣਾਂ ਅਤੇ ਸੁਰੱਖਿਆ ਪ੍ਰਬੰਧਾਂ ਦੇ ਮੱਦੇਨਜ਼ਰ ਜਲੰਧਰ ਰੇਂਜ ਦੇ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਡੀ.ਆਈ.ਜੀ.) ਨਵੀਨ ਸਿੰਗਲਾ ਨੇ ਅੱਜ ਇਥੇ ਰੇਂਜ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਹਿਮਾਚਲ ਪ੍ਰਦੇਸ਼ ਦੇ ਹੁਸ਼ਿਆਰਪੁਰ ਨਾਲ ਲੱਗਦੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਆਉਂਦੇ ਦਿਨਾਂ ਵਿਚ ਚੌਕਸੀ ਅਤੇ ਸੁਰੱਖਿਆਂ ਨੂੰ ਹੋਰ ਵਧਾਉਣ ਦੇ ਨਿਰਦੇਸ਼ ਦਿੱਤੇ।ਸਥਾਨਕ ਪੁਲਿਸ ਲਾਈਨ ਵਿਖੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਰੇਂਜ ਦੇ ਅਧਿਕਾਰੀਆਂ ਨਾਲ ਤਾਲਮੇਲ ਮੀਟਿੰਗ ਦੌਰਾਨ ਡੀ.ਆਈ.ਜੀ. ਨਵੀਨ ਸਿੰਗਲਾ ਨੇ ਦੋਵਾਂ ਰਾਜਾਂ ਦੇ ਸਰਹੱਦੀ ਜ਼ਿਲ੍ਹਿਆਂ ਵਿਚ ਸੁਰੱਖਿਆ ਪ੍ਰਬੰਧ ਹੋਰ ਪੁਖਤਾ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇੰਟਰ ਸਟੇਟ ਨਾਕਿਆਂ 'ਤੇ ਪਹਿਲਾਂ ਨਾਲੋਂ ਚੌਕਸੀ ਅਤੇ ਨਫਰੀ ਨੂੰ ਹੋਰ ਵਧਾਇਆ ਜਾਵ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਸ਼ੱਕੀ ਸਰਗਰਮੀ 'ਤੇ ਨਜ਼ਰ ਰੱਖੀ ਜਾ ਸਕੇ। ਉਨ੍ਹਾਂ ਕਿਹਾ ਕਿ ਹਿਮਾਚਲ ਪ੍ਰਦੇਸ਼ ਦੇ ਹੁਸ਼ਿਆਰਪੁਰ ਨਾਲ ਲੱਗਦੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਦਾ ਹੁਸ਼ਿਆਰਪੁਰ ਪੁਲਿਸ ਨਾਲ ਲਗਾਤਾਰ ਤਾਲਮੇਲ ਹੋਣਾ ਚਾਹੀਦਾ ਹੈ ਜਿਸ ਨਾਲ ਤੁਰੰਤ ਅਤੇ ਸਮੇਂ ਸਿਰ ਅਹਿਮ ਜਾਣਕਾਰੀਆਂ ਸਾਂਝੀਆਂ ਕੀਤੀਆਂ ਜਾ ਸਕਣ।

ਡੀ.ਆਈ.ਜੀ. ਨਵੀਨ ਸਿੰਗਲਾ ਨੇ ਪੁਲਿਸ ਅਧਿਕਾਰੀਆਂ ਨੂੰ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਨਾਲ ਲੱਗਦੇ ਇੰਟਰ ਸਟੇਟ ਨਾਕਿਆਂ ਦੀ ਰੈਗੂਲਰ ਚੈਕਿੰਗ ਕਰਕੇ ਲੋੜੀਂਦੇ ਸੁਰੱਖਿਆ ਇਤਜ਼ਾਮ ਅਮਲ ਵਿਚ ਲਿਆਉਣ ਦੀ ਵੀ ਹਦਾਇਤ ਕੀਤੀ ਅਤੇ ਇਨ੍ਹਾਂ ਨਾਕਿਆਂ 'ਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਸੁਚਾਰੂ ਵਿਵਸਥਾ ਦੇ ਨਿਰਦੇਸ਼ ਦਿੱਤੇ ਜਿਸ ਨਾਲ ਕਿਸੇ ਵੀ ਤਰ੍ਹਾਂ ਦੀ ਸਰਗਰਮੀ 'ਤੇ ਪੈਨੀ ਨਜ਼ਰ ਰੱਖੀ ਜਾ ਸਕਦੀ ਹੈ।

ਦੋਵਾਂ ਸੂਬਿਆਂ ਵਿਚ ਆਵਾਜਾਈ ਦੌਰਾਨ ਸਮੇਂ-ਸਮੇਂ ਸਿਰ ਚੈਕਿੰਗ ਦੀ ਲੋੜ 'ਤੇ ਜ਼ੋਰ ਦਿੰਦਿਆਂ ਡੀ.ਆਈ.ਜੀ. ਨਵੀਨ ਸਿੰਗਲਾ ਨੇ ਦੋਵਾਂ ਪਾਸਿਆਂ ਦੇ ਪੁਲਿਸ ਅਧਿਕਾਰੀਆਂ ਨੂੰ ਨਾਕਿਆਂ ਦਾ ਸਾਂਝੇ ਤੌਰ 'ਤੇ ਦੌਰਾ ਕਰਨ ਅਤੇ ਆਉਣ ਵਾਲੇ ਸਮੇਂ ਵਿਚ ਸੁਰੱਖਿਆ ਸਬੰਧੀ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ ਲਈ ਵੀ ਕਿਹਾ। ਉਨ੍ਹਾਂ ਨੇ ਗੁਆਂਢੀ ਸੂਬੇ ਦੇ ਜ਼ਿਲ੍ਹਿਆਂ ਦੇ ਪੁਲਿਸ ਅਧਿਕਾਰੀਆਂ ਨੂੰ ਆਗਾਮੀ ਚੋਣਾਂ ਦੇ ਮੱਦੇਨਜ਼ਰ ਲਗਾਤਾਰ ਸੰਪਰਕ ਵਿਚ ਰਹਿਣ ਦੀ ਤਾਕੀਦ ਕੀਤੀ ਤਾਂ ਜੋ ਗੈਰ ਸਮਾਜੀ ਸਰਗਰਮੀਆਂ ਵਿਚ ਸ਼ਾਮਲ ਅਨਸਰਾਂ ਖਿਲਾਫ਼ ਸਮੇਂ ਸਿਰ ਠੋਸ ਕਾਰਵਾਈ ਕੀਤੀ ਜਾ ਸਕੇ।

ਇਸ ਮੌਕੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ, ਐਸ.ਐਸ.ਪੀ. ਸੰਦੀਪ ਕੁਮਾਰ ਮਲਿਕ, ਕਪੂਰਥਲਾ ਦੇ ਐਸ.ਐਸ.ਪੀ. ਗੌਰਵ ਤੂਰਾ, ਜਲੰਧਰ ਦਿਹਾਤੀ ਦੇ ਐਸ.ਐਸ.ਪੀ. ਹਰਵਿੰਦਰ ਸਿੰਘ ਵਿਰਕ, ਗੁਆਂਢੀ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਦੇ ਸੀਨੀਅਰ ਪੁਲਿਸ ਅਧਿਕਾਰੀਆਂ ਤੋਂ ਇਲਾਵਾ ਜ਼ਿਲ੍ਹਾ ਹੁਸ਼ਿਆਰਪੁਰ ਦੇ ਵੱਖ-ਵੱਖ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਯੂਟੀ ਲੈਵਲ ਬੈਂਕਰਸ ਕਮੇਟੀ (ਯੂਟੀਐੱਲਬੀਸੀ) ਦੀ 65ਵੀਂ ਮੀਟਿੰਗ ਚੰਡੀਗੜ੍ਹ ਵਿੱਚ ਆਯੋਜਿਤ



ਚੰਡੀਗੜ੍ਹ, 14 ਨਵੰਬਰ -ਸ਼ਹੀਦ-ਏ-ਆਜ਼ਮ-ਬਿਊਰੋ-

ਯੂਟੀ ਲੈਵਲ ਬੈਂਕਰਸ ਕਮੇਟੀ (ਯੂਟੀਐੱਲਬੀਸੀ) ਦੀ 65ਵੀਂ ਮੀਟਿੰਗ ਹੋਟਲ ਪਾਰਕ ਵਿਊ ਚੰਡੀਗੜ੍ਹ ਵਿਖੇ ਆਯੋਜਿਤ ਕੀਤੀ ਗਈ। ਮੀਟਿੰਗ ਵਿੱਚ ਬੈਂਕਿੰਗ ਸੈਕਟਰ, ਭਾਰਤੀ ਰਿਜ਼ਰਵ ਬੈਂਕ, ਨਾਬਾਰਡ ਅਤੇ ਵਿਭਿੰਨ ਸਰਕਾਰੀ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨੇ ਹਿੱਸਾ ਲਿਆ।

ਮੀਟਿੰਗ ਵਿੱਚ ਸ਼੍ਰੀ ਐੱਮ. ਪਰਮਸਿਵਮ, ਕਾਰਜਕਾਰੀ ਡਾਇਰੈਕਟਰ, ਪੰਜਾਬ ਨੈਸ਼ਨਲ ਬੈਂਕ; ਸ਼੍ਰੀ ਦੀਪਰਵਾ ਲਾਕੜਾ, ਆਈਏਐੱਸ, ਵਿੱਤ ਸਕੱਤਰ, ਯੂਟੀ ਚੰਡੀਗੜ੍ਹ; ਸ਼੍ਰੀ ਵਿਵੇਕ ਸ਼੍ਰੀਵਾਸਤਵ, ਰੀਜਨਲ ਡਾਇਰੈਕਟਰ, ਆਰਬੀਆਈ, ਚੰਡੀਗੜ੍ਹ; ਸ਼੍ਰੀ ਆਸ਼ੀਸ਼ ਚਤੁਰਵੇਦੀ, ਚੀਫ਼ ਜਨਰਲ ਮੈਨੇਜਰ, ਪੀਐੱਨਬੀ; ਸ਼੍ਰੀਮਤੀ ਨਿਧੀ ਭਾਰਗਵ, ਜਨਰਲ ਮੈਨੇਜਰ, ਪੀਐੱਨਬੀ; ਅਤੇ ਸ਼੍ਰੀ ਰਮੇਸ਼ ਬਾਬੂ, ਚੀਫ਼ ਜਨਰਲ ਮੈਨੇਜਰ, ਨਾਬਾਰਡ ਉਪਸਥਿਤ ਰਹੇ। ਇਸ ਤੋਂ ਇਲਾਵਾ ਚੰਡੀਗੜ੍ਹ ਵਿੱਚ ਕਾਰਜਰਤ ਵਿਭਿੰਨ ਬੈਂਕਾਂ ਦੇ ਖੇਤਰੀ ਮੁਖੀਆਂ ਅਤੇ ਸਬੰਧਿਤ ਸਰਕਾਰੀ ਵਿਭਾਗਾਂ ਦੇ ਪ੍ਰਤੀਨਿਧੀਆਂ ਨੇ ਵੀ ਹਿੱਸਾ ਲਿਆ।

ਮੀਟਿੰਗ ਵਿੱਚ ਵਿੱਤੀ ਸਮਾਵੇਸ਼ਣ, ਸਮਾਜਿਕ ਸੁਰੱਖਿਆ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਬੈਂਕਿੰਗ ਈਕੋਸਿਸਟਮ ਨੂੰ ਮਜ਼ਬੂਤ ਬਣਾਉਣ ਨਾਲ ਜੁੜੇ ਕਈ ਮਹੱਤਵਪੂਰਨ ਵਿਸ਼ਿਆਂ 'ਤੇ ਵਿਸਤਾਰ ਨਾਲ ਚਰਚਾ ਕੀਤੀ ਗਈ।

ਵਿਚਾਰ-ਵਟਾਂਦਰੇ ਦੇ ਪ੍ਰਮੁੱਖ ਵਿਸ਼ਿਆਂ ਵਿੱਚ ਨਿਮਨਲਿਖਤ ਰਹੇ:

1. ਸਮਾਜਿਕ ਸੁਰੱਖਿਆ ਯੋਜਨਾਵਾਂ ਨੂੰ ਮਜ਼ਬੂਤ ਬਣਾਉਣਾ: ਸਮਾਜਿਕ ਸੁਰੱਖਿਆ ਯੋਜਨਾਵਾਂ ਬਾਰੇ ਜਾਗਰੂਕਤਾ ਵਧਾਉਣ, ਵੱਧ ਤੋਂ ਵੱਧ ਪਾਤਰ ਲਾਭਾਰਥੀਆਂ ਨੂੰ ਇਨ੍ਹਾਂ ਨਾਲ ਜੋੜਨ ਅਤੇ ਇਨ੍ਹਾਂ ਦੇ ਪ੍ਰਭਾਵੀ ਲਾਗੂਕਰਨ 'ਤੇ ਬਲ ਦਿੱਤਾ ਗਿਆ, ਤਾਕਿ ਵਿਸ਼ੇਸ਼ ਤੌਰ 'ਤੇ ਸਮਾਜ ਦੇ ਕਮਜ਼ੋਰ ਵਰਗਾਂ ਤੱਕ ਇਨ੍ਹਾਂ ਦਾ ਲਾਭ ਪਹੁੰਚ ਸਕੇ।
2. ਸਮਾਜ ਦੇ ਸਭ ਤੋਂ ਗ਼ਰੀਬ ਵਰਗਾਂ ਨੂੰ ਰਿਣ ਸੁਵਿਧਾ: ਆਰਥਿਕ ਤੌਰ 'ਤੇ ਕਮਜ਼ੋਰ ਅਤੇ ਵੰਚਿਤ ਵਰਗਾਂ ਤੱਕ ਰਿਣ ਸੁਵਿਧਾਵਾਂ ਦੀ ਪਹੁੰਚ ਵਧਾਉਣ ਲਈ ਬੈਂਕਾਂ ਨੂੰ ਪ੍ਰੋਤਸਾਹਿਤ ਕੀਤਾ ਗਿਆ, ਤਾਕਿ ਉਨ੍ਹਾਂ ਨੂੰ ਕਿਫ਼ਾਇਤੀ ਦਰਾਂ 'ਤੇ ਸੰਸਥਾਗਤ ਵਿੱਤ ਉਪਲਬਧ ਹੋ ਸਕੇ ਅਤੇ ਸਮਾਵੇਸ਼ੀ ਆਰਥਿਕ ਵਿਕਾਸ ਨੂੰ ਹੁਲਾਰਾ ਮਿਲੇ।
3. ਨਾਨ-ਪਰਫਾਰਮਿੰਗ ਅਸੈੱਟਸ (ਐੱਨਪੀਏਜ਼) ਦੀ ਰਿਕਵਰੀ: ਰਿਕਵਰੀ ਮੈਕੇਨਿਜ਼ਮਸ ਨੂੰ ਮਜ਼ਬੂਤ ? ?ਬਣਾਉਣ, ਸਮਾਂਬੱਧ ਫਾਲੋ-ਅੱਪ ਕਾਰਵਾਈ ਕਰਨ ਅਤੇ ਬੈਂਕਾਂ ਦੀਆਂ ਅਸੈੱਟਸ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਦੇ ਮਹੱਤਵ 'ਤੇ ਜ਼ੋਰ ਦਿੱਤਾ ਗਿਆ।
4. ਕੇਵਾਈਸੀ ਪੈਂਡੈਂਸੀ ਮਾਮਲਿਆਂ ਵਿੱਚ ਕਮੀ: ਗਾਹਕਾਂ ਨੂੰ ਨਿਰਵਿਘਨ ਬੈਂਕਿੰਗ ਸੇਵਾਵਾਂ ਉਪਲਬਧ ਕਰਵਾਉਣ ਲਈ ਬੈਂਕਾਂ ਨੂੰ ਕੇਵਾਈਸੀ ਅਪਡੇਸ਼ਨ ਦੇ ਲੰਬਿਤ ਮਾਮਲਿਆਂ ਦੇ ਨਿਪਟਾਉਣ ਹਿਤ ਕੇਂਦ੍ਰਿਤ ਅਤੇ ਸਮਾਂਬੱਧ ਕਦਮ ਉਠਾਉਣ ਦੀ ਸਲਾਹ ਦਿੱਤੀ ਗਈ।
5. ਪ੍ਰਧਾਨ ਮੰਤਰੀ ਜਨ ਧਨ ਯੋਜਨਾ (ਪੀਐੱਮਜੇਡੀਵਾਈ) ਖਾਤਿਆਂ ਦੀ ਸੁਰੱਖਿਆ: ਇਸ ਗੱਲ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਕਿ ਕੇਵਲ ਕੇਵਾਈਸੀ (KYC) ਅਪਡੇਸ਼ਨ ਲੰਬਿਤ ਹੋਣ ਕਾਰਨ ਕਿਸੇ ਵੀ ਪ੍ਰਧਾਨ ਮੰਤਰੀ ਜਨ ਧਨ ਯੋਜਨਾ (ਪੀਐੱਮਜੇਡੀਵਾਈ) ਖਾਤੇ ਨੂੰ ਫ੍ਰੀਜ਼ ਜਾਂ ਅਕਿਰਿਆਸ਼ੀਲ ਨਾ ਕੀਤਾ ਜਾਵੇ। ਬੈਂਕਾਂ ਨੂੰ ਜ਼ਰੂਰੀ ਰਸਮਾਂ ਪੂਰੀਆਂ ਕਰਨ ਵਿੱਚ ਗਾਹਕਾਂ ਦੀ ਸਹਾਇਤਾ ਕਰਨ ਦੀ ਵੀ ਸਲਾਹ ਦਿੱਤੀ ਗਈ, ਤਾਕਿ ਉਨ੍ਹਾਂ ਨੂੰ ਗ਼ੈਰਜ਼ਰੂਰੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਮੀਟਿੰਗ ਵਿੱਚ ਬੈਂਕਾਂ ਅਤੇ ਸਰਕਾਰੀ ਏਜੰਸੀਆਂ ਨੇ ਵਿੱਤੀ ਸਮਾਵੇਸ਼ਣ ਨੂੰ ਮਜ਼ਬੂਤ ਬਣਾਉਣ, ਗਾਹਕ ਸੇਵਾ ਵਿੱਚ ਸੁਧਾਰ ਲਿਆਉਣ, ਸਮਾਜ ਦੇ ਸਭ ਤੋਂ ਕਮਜ਼ੋਰ ਵਰਗਾਂ ਤੱਕ ਬੈਂਕਿੰਗ ਸੁਵਿਧਾਵਾਂ ਪਹੁੰਚਾਉਣ ਅਤੇ ਵਿੱਤੀ ਸਮਾਵੇਸ਼ਣ ਦੀਆਂ ਵਿਭਿੰਨ ਪ੍ਰਮੁੱਖ ਪਹਿਲਾਂ ਦਾ ਪ੍ਰਭਾਵੀ ਲਾਗੂਕਰਨ ਸੁਨਿਸ਼ਚਿਤ ਕਰਨ ਪ੍ਰਤੀ ਆਪਣੀ ਸਮੂਹਿਕ ਪ੍ਰਤੀਬੱਧਤਾ ਦੁਹਰਾਈ।

ਮੀਟਿੰਗ ਦਾ ਸਮਾਪਨ ਯੂਟੀ ਚੰਡੀਗੜ੍ਹ ਵਿੱਚ ਬੈਂਕਿੰਗ ਈਕੋਸਿਸਟਮ ਨੂੰ ਅਧਿਕ ਸਮਾਵੇਸ਼ੀ, ਸੁਲਭ ਅਤੇ ਗਾਹਕ-ਕੇਂਦ੍ਰਿਤ ਬਣਾਉਣ ਲਈ ਆਪਸੀ ਤਾਲਮੇਲ ਨਾਲ ਕਾਰਜ ਕਰਨ ਦੇ ਸਾਂਝੇ ਸੰਕਲਪ ਨਾਲ ਹੋਇਆ।





ਮਿਸ਼ਨ 2027 ਫਤਿਹ ਰੈਲੀ ਦੀਆਂ ਤਿਆਰੀਆਂ ਸਬੰਧੀ ਸਤਪਾਲ ਪੂਨੀਆ ਨੇ ਸਾਥੀਆਂ ਨਾਲ ਕੀਤੀ ਅਹਿਮ ਮੀਟਿੰਗ



ਦੇਵੀਗੜ੍ਹ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਿਸ਼ਨ 2027 ਫਤਿਹ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਸਤਪਾਲ ਪੂਨੀਆ, ਹਲਕਾ ਇੰਚਾਰਜ ਸਨੌਰ ਵੱਲੋਂ ਆਪਣੇ ਸਾਥੀਆਂ ਅਤੇ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦੌਰਾਨ ਰੈਲੀ ਨੂੰ ਸਫ਼ਲ ਬਣਾਉਣ ਲਈ ਤਿਆਰੀਆਂ, ਪ੍ਰਬੰਧਾਂ ਅਤੇ ਵਰਕਰਾਂ ਦੀਆਂ ਜ਼ਿੰਮੇਵਾਰੀਆਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਸਤਪਾਲ ਪੂਨੀਆ ਨੇ ਕਿਹਾ ਕਿ ਮਿਸ਼ਨ 2027 ਫਤਿਹ ਰੈਲੀ ਨੂੰ ਲੈ ਕੇ ਸਾਥੀਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਉਨ੍ਹਾਂ ਕਿਹਾ ਕਿ ਸਾਰਿਆਂ ਦੇ ਸਾਂਝੇ ਯਤਨਾਂ, ਮਿਹਨਤ ਅਤੇ ਸਹਿਯੋਗ ਨਾਲ ਰੈਲੀ ਨੂੰ ਯਾਦਗਾਰ ਅਤੇ ਸਫ਼ਲ ਬਣਾਉਣ ਲਈ ਪੂਰੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾਂ ਆਪਣੇ ਸਾਥੀਆਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਤਨਦੇਹੀ ਅਤੇ ਇਕਜੁੱਟਤਾ ਨਾਲ ਇਸ ਮੁਹਿੰਮ ਵਿੱਚ ਆਪਣਾ ਯੋਗਦਾਨ ਪਾਉਣ।

ਬੀ.ਐਲ.ਓ ਸਮੱਸਿਆਵਾਂ ਤੇ ਯੂਨੀਅਨ ਵ਼ਫਦ ਦੀ ਏਡੀਸੀ ਨਾਲ ਮੀਟਿੰਗ



ਪਟਿਆਲਾ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅੱਜ ਬੀਐਲਓ ਯੂਨੀਅਨ ਪਟਿਆਲਾ ਦਾ ਇੱਕ ਵਫਦ ਯੂਨੀਅਨ ਦੇ ਜ਼ਿਲ੍ਹਾ ਆਗੂ ਕੁਲਦੀਪ ਸਿੰਘ ਭਿੱਖੀ, ਹਰਮੀਤ ਕੌਰ, ਅਤੇ ਗੁਰਵਿੰਦਰ ਸਿੰਘ ਦੀ ਅਗਵਾਈ ਵਿੱਚ ਪਟਿਆਲਾ ਦੀ ਮਾਣਯੋਗ ਏਡੀਸੀ ਅਨੁਪ੍ਰਿਤਾ ਜੌਹਲ ਨੂੰ ਮਿਲਿਆ ਉਹਨਾਂ ਵੱਲੋਂ ਪਟਿਆਲਾ ਦੇ ਬੀ.ਐਲ.ਓਜ ਨੂੰ ਆ ਰਹੀਆਂ ਸਮੱਸਿਆ ਜਿਸ ਵਿੱਚ ਬੀਐਲਓ ਦੀ ਡਿਊਟੀ ਛੁੱਟੀ ਵਾਲੇ ਦਿਨ ਨਾ ਲਗਾਉਣ, ਬੂਥ ਤੇ ਬੈਠਣ ਦਾ ਸਮਾਂ ਘਟਾਉਣ, ਮਿਹਨਤਾਨਾ ਵਧਾਉਣ, ਐਸ ਆਈ ਆਰ ਦਾ ਮਿਹਨਤਾਨਾ ਜਨਗਣਨਾ ਦੇ ਅਧਾਰ ਤੇ ਦੇਣ, ਬੂਥ ਜਾ ਰਸਤੇ ਵਿੱਚ ਧਮਕਾਉਣ ਵਾਲੇ ਅਨਸਰ ਤੇ ਤੁਰੰਤ ਕਾਰਵਾਈ ਕਰਨ ਅਤੇ ਬਣਦਾ ਮੁਆਵਜਾ ਦਿੱਤਾ ਜਾਵੇ ਆਦਿ ਮੰਗਾਂ ਨੂੰ ਪੱਤਰ ਰਾਹੀ ਦੱਸਿਆਂ ਗਿਆ ਤੇ ਇਸ ਤੇ ਹੱਲ ਕਰਨ ਸਬੰਧੀ ਬੇਨਤੀ ਕੀਤੀ ਗਈ ਇਸ ਮੌਕੇ ਤੇ ਸੂਬਾਈ ਆਗੂ ਅਵਤਾਰ ਸਿੰਘ ਮਾਨ ਨੇ ਕਿਹਾ ਕਿਸੇ ਬੀਐਲਓ ਸਾਥੀ ਨਾਲ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਯੂਨੀਅਨ ਦਾ ਵਫ਼ਦ ਜਲਦੀ ਮਾਣਯੋਗ ਇਲੈਕਸ਼ਨ ਕਮਿਸ਼ਨ ਪੰਜਾਬ ਸ਼੍ਰੀ ਮਤੀ ਅਨੰਦਿਤ ਮਿੱਤਰਾਂ ਨੂੰ ਮਿਲ ਮੰਗਾਂ ਦੇ ਠੋਸ ਹੱਲ ਕੱਢਣ ਲਈ ਬੇਨਤੀ ਕੀਤੀ ਜਾਵੇਗੀ ਜੱਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਹੋਰਨਾ ਜ਼ਿਲ੍ਹੇ ਇਕਾਈਆ ਦਾ ਗਠਨ ਕੀਤਾ ਜਾਵੇਗਾ।

ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਤੰਦਰੁਸਤੀ ਲਈ ਸਹੀ ਜੀਵਨ ਸ਼ੈਲੀ ਬਾਰੇ ਸਿਖਲਾਈ ਕੋਰਸ ਦਾ ਆਯੋਜਨ



ਪਾਤੜਾਂ, 14 ਨਵੰਬਰ
ਰਣਜੀਤ ਸਿੰਘ ਪੈਂਦ
-ਸ਼ਹੀਦ-ਏ-ਆਜ਼ਮ-ਬਿਊਰੋ-

ਪੀ.ਏ.ਯੂ.-ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਪਿੰਡ ਦਿੱਤੂਪੁਰ ਵਿਖੇ ਬੁਢਾਪੇ ਵਿੱਚ ਤੰਦਰੁਸਤੀ ਲਈ ਸਹੀ ਜੀਵਨਸ਼ੈਲੀ ਬਾਰੇ ਸਿਖਲਾਈ ਕੋਰਸ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ 21 ਕਿਸਾਨ ਅਤੇ ਕਿਸਾਨ ਬੀਬੀਆਂ ਨੇ ਭਾਗ ਲਿਆ। ਵੱਧਦੀ ਉਮਰ ਵਿੱਚ ਸਹੀ ਜੀਵਨਸ਼ੈਲੀ ਦੀ ਮੱਹਤਤਾ ਬਾਰੇ ਦੱਸਦਿਆਂ ਡਾ. ਗੁਰਉਪਦੇਸ਼ ਕੌਰ, ਪ੍ਰੋਫੈਸਰ (ਗ੍ਰਹਿ ਵਿਗਿਆਨ) ਨੇ ਦੱਸਿਆ ਕਿ ਉਮਰ ਦੇ ਵਿੱਚ ਵਾਧੇ ਨਾਲ ਜੁੜੀਆਂ ਕਈ ਸਿਹਤ ਸਮੱਸਿਆਵਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾ ਕੇ ਘਟਾਇਆ ਜਾ ਸਕਦਾ ਹੈ।

ਉਨ੍ਹਾਂ ਕਿਹਾ ਕਿ ਚੰਗੀ ਸਿਹਤ ਸਿਰਫ ਸਰੀਰ ਨਾਲ ਹੀ ਸਬੰਧਿਤ ਨਹੀਂ ਹੈ, ਬਲਕਿ ਮਾਨਸਿਕ ਅਤੇ ਸਮਾਜਿਕ ਤੰਦਰੁਸਤੀ ਵੀ ਉਨ੍ਹੀ ਹੀ ਮਹਤਵਪੂਰਨ ਹੈ। ਵੱਡੀ ਉਮਰ ਦੇ ਲੋਕਾਂ ਨੂੰ ਪਰਿਵਾਰ ਅਤੇ ਸਮਾਜਿਕ ਗਤੀਵਿਧੀਆਂ ਵਿੱਚ ਸ਼ਾਮਿਲ ਹੋਣਾ ਚਾਹੀਦਾ ਹੈ। ਉਨ੍ਹਾਂ ਨੂੰ ਰੁਚੀ ਅਨੁਸਾਰ ਬਾਗਬਾਨੀ ਕਰਨਾ, ਕਸੀਦਾਕਾਰੀ, ਨਵੀਆਂ ਤਕਨੀਕਾਂ ਸਿਖਣਾ, ਪੋਤੇ-ਪੋਤੀਆਂ ਨਾਲ ਸਮਾਂ ਬਿਤਾਉਣਾ ਅਤੇ ਆਪਣੇ ਪਸੰਦ ਦੇ ਸ਼ੌਕ ਅਪਣਾਉਣਾ, ਮਨ ਨੂੰ ਸਰਗਰਮ ਅਤੇ ਖੁਸ਼ ਰੱਖਦਾ ਹੈ। ਇਸ ਮੌਕੇ ਹਾਜ਼ਰੀਨ ਨੇ ਆਪਣੀਆਂ ਖਾਣ-ਪੀਣ ਦੀਆਂ ਆਦਤਾਂ ਅਤੇ ਰਵਾਇਤੀ ਪੰਜਾਬੀ ਪਕਵਾਨਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਆਮਦਨ ਵਧਾਉਣ ਲਈ ਕੇ.ਵੀ.ਕੇ. ਵੱਲੋਂ ਚਲਾਏ ਜਾਂਦੇ ਸਿਖਲਾਈ ਕੋਰਸਾਂ ਬਾਰੇ ਜਾਣਕਾਰੀ ਹਾਸਿਲ ਕੀਤੀ। ਸਿਖਲਾਈ ਉਪਰੰਤ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਦੀ ਸਿਖਿਆਰਥਣ ਸ੍ਰੀਮਤੀ ਮਨਜੀਤ ਕੌਰ ਦੁਆਰਾ ਚਲਾਏ ਜਾਂਦੇ ਰਾਣੀ ਬੂਟੀਕ, ਦਿੱਤੂਪੁਰ ਦਾ ਦੌਰਾ ਵੀ ਕੀਤਾ ਗਿਆ ਅਤੇ ਸਿਲਾਈ-ਕਢਾਈ ਦੀਆਂ ਨਵੀਆਂ ਤਕਨੀਕਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

ਮਾਮਲਾ: ਝੋਨੇ ਦੀ ਲਿਫਟਿੰਗ ਚਾਲੂ ਰੱਖਣ ਦਾ - ਪੰਜਾਬ ਸਰਕਾਰ ਗੰਨੇ ਦਾ ਭਾਅ ਤੇ ਬਕਾਇਆ ਰਾਸ਼ੀ ਤੁਰੰਤ ਕਰੇ ਜਾਰੀ : ਕਿਸਾਨ ਜਥੇਬੰਦੀ



ਪਟਿਆਲਾ, 14 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸੰਯੁਕਤ ਕਿਸਾਨ ਮੋਰਚਾ ਪਟਿਆਲਾ ਵੱਲੋਂ, ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਤਹਿਸੀਲ ਪੱਧਰ ਦਾ ਧਰਨਾ ਡੀ. ਸੀ. ਦਫ਼ਤਰ ਅੱਗੇ ਲਗਾਇਆ ਗਿਆ। ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਝੋਨੇ ਦੀ ਖਰੀਦ ਦਾ ਕੋਟਾ ਪੂਰਾ ਹੋਣ ਤੇ ਖਰੀਦ ਬੰਦ ਕਰਨ ਦਾ ਸਖ਼ਤ ਵਿਰੋਧ ਕਰਦਿਆਂ ਕਿਹਾ ਕਿ ਮਾਲਵੇ ਦੇ ਪਟਿਆਲਾ ਸਮੇਤ ਬਹੁਤੇ ਜ਼ਿਲ੍ਹਿਆਂ ਵਿੱਚ ਝੋਨੇ ਦੀ ਤੀਜੇ ਹਿੱਸੇ ਦੀ ਫ਼ਸਲ ਖੇਤਾਂ ਤੇ ਮੰਡੀਆਂ ਵਿੱਚ ਬਾਕਾਇਆ ਹੈ । ਇਸ ਲਈ ਝੋਨੇ ਦੀ ਖਰੀਦ ਤਰੰਤ ਸ਼ੁਰੂ ਕਰਨ ਦਾ ਫੈਸਲਾ ਲੈ ਕੇ ਕਿਸਾਨਾਂ ਨਾਲ ਇਨਸਾਫ਼ ਕੀਤਾ ਜਾਵੇ । ਤਾਂ ਕਿ ਕਿਸਾਨ ਵੱਡੇ ਆਰਥਿਕ ਨੁਕਸਾਨ ਤੋਂ ਬਚ ਸਕਣ । ਇਸ ਦੇ ਨਾਲ ਹੀ ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਚੰਡੀਗੜ ਵਿਖੇ ਸਤੰਬਰ ਮਹੀਨੇ ਦੇ ਸਪਤਾਹਿਕ ਮੋਰਚੇ ਦੌਰਾਨ ਕੀਤੇ ਲਿਖਤੀ ਵਾਅਦੇ ਅਨੁਸਾਰ ਗੰਨੇ ਦਾ ਭਾਅ ਵਧਾਉਣ ਤੇ ਸਾਰੀ ਪੇਮੈਂਟ ਇਕ ਕਾਊਂਟਰ ਰਾਹੀਂ ਦੇਣ ਦਾ ਐਲਾਨ ਕੀਤਾ ਗਿਆ ਸੀ। ਪਰ ਸ਼ਿਤਮ ਜਰੀਫੀ ਦੀ ਗੱਲ ਹੈ ਕਿ ਹਾਲੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ । ਗੰਨੇ ਦੇ ਪਿਛਲੇ ਸਾਰੇ ਬਕਾਏ ਦੀ ਅਦਾਇਗੀ ਵੀ ਤੁਰੰਤ ਜਾਰੀ ਕਰਨ ਦੀ ਮੰਗ ਕੀਤੀ ਗਈ । ਧਰਨੇ ਦੌਰਾਨ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਮ ਦਾ ਮੰਗ ਪੱਤਰ ਪਟਿਆਲਾ ਤਹਿਸੀਲ ਦੇ ਤਹਿਸੀਲਦਾਰ ਸ੍ਰੀ ਮਨਦੀਪ ਸਿੰਘ ਵੱਲੋਂ ਲਿਆ ਗਿਆ ਅਤੇ ਪੰਜਾਬ ਸਰਕਾਰ ਨੂੰ ਭੇਜਣ ਦਾ ਭਰੋਸਾ ਦਿਵਾਇਆ ਗਿਆ ।

ਅੱਜ ਦੇ ਸੰਕੇਤਕ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਦਵਿੰਦਰ ਸਿੰਘ ਪੂਨੀਆ, ਸੁਖਵਿੰਦਰ ਸਿੰਘ ਲਾਲੀ, ਦਰਸ਼ਨ ਸਿੰਘ ਬੇਲੂਮਾਜਰਾ, ਗਿਆਨ ਸਿੰਘ, ਭੁਪਿੰਦਰ ਸਿੰਘ ਸ਼ੰਕਰਪੁਰ , ਸੁਰਿੰਦਰ ਸਿੰਘ ਖ਼ਾਲਸਾ, ਲਸ਼ਕਰ ਸਿੰਘ , ਕੁਲਵੰਤ ਸਿੰਘ ਸਫੇੜਾ ਅਤੇ ਕਰਨੈਲ ਸਿੰਘ ਰੀਠਖੇੜੀ ਨੇ ਸੰਬੋਧਨ ਕੀਤਾ। ਇਸ ਮੌਕੇ ਧੰਨਾ ਸਿੰਘ, ਕੁਲਵਿੰਦਰ ਸਿੰਘ, ਗੁਰਵਿੰਦਰ ਸਿੰਘ ਅਤੇ ਸੁਖਦੇਵ ਸਿੰਘ ਪਨੌਦੀਆਂ ਆਦਿ ਕਿਸਾਨ ਆਗੂ ਹਾਜ਼ਰ

ਖ਼ੂਨਦਾਨ ਰਾਹੀਂ ਬਚਾਈ ਜਾ ਸਕਦੀ ਹੈ ਕਿਸੇ ਦੀ ਕੀਮਤੀ ਜਾਨ : ਹਰਚੰਦ ਸਿੰਘ ਬਰਸਟ

ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਖ਼ੂਨਦਾਨ ਕੈਂਪ ਦਾ ਆਯੋਜਨ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ



ਪਟਿਆਲਾ, 14 ਨਵੰਬਰ
-ਛਤਰਪਾਲ ਸਿੰਘ-

ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਵੱਲੋਂ ਪ੍ਰਧਾਨ ਵਿਜੇ ਗੋਇਲ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਸਿਵਲ ਲਾਈਨਜ਼, ਪਟਿਆਲਾ ਵਿਖੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਸ. ਹਰਚੰਦ ਸਿੰਘ ਬਰਸਟ ਵੱਲੋਂ ਕੀਤਾ ਗਿਆ। ਇਸ ਮੌਕੇ ਸ. ਬਰਸਟ ਨੇ ਖ਼ੂਨਦਾਨ ਕਰਨ ਲਈ ਪਹੁੰਚੇ ਨੌਜਵਾਨਾਂ, ਵਲੰਟੀਅਰਾਂ ਅਤੇ ਹੋਰ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਉਹਨਾਂ ਦੇ ਇਸ ਨੇਕ ਕਾਰਜ ਦੀ ਸ਼ਲਾਘਾ ਕੀਤੀ।


ਉਨ੍ਹਾਂ ਕਿਹਾ ਕਿ ਖ਼ੂਨਦਾਨ ਮਹਾਦਾਨ ਹੈ ਅਤੇ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਉੱਤਮ ਕਾਰਜ ਹੈ, ਕਿਉਂਕਿ ਇਸ ਰਾਹੀਂ ਕਿਸੇ ਅਜਿਹੇ ਵਿਅਕਤੀ ਦੀ ਜ਼ਿੰਦਗੀ ਬਚਾਉਣ ਵਿੱਚ ਯੋਗਦਾਨ ਪਾਇਆ ਜਾ ਸਕਦਾ ਹੈ, ਜਿਸ ਨੂੰ ਮੁਸ਼ਕਲ ਸਮੇਂ ਖ਼ੂਨ ਦੀ ਲੋੜ ਹੁੰਦੀ ਹੈ। ਖ਼ੂਨ ਦੀ ਇੱਕ ਯੂਨਿਟ ਕਿਸੇ ਲੋੜਵੰਦ ਮਰੀਜ਼, ਹਾਦਸੇ ਦਾ ਸ਼ਿਕਾਰ ਹੋਏ ਵਿਅਕਤੀ ਜਾਂ ਗੰਭੀਰ ਬਿਮਾਰੀ ਨਾਲ ਜੂਝ ਰਹੇ ਮਰੀਜ਼ ਲਈ ਜੀਵਨਦਾਨ ਸਾਬਤ ਹੋ ਸਕਦੀ ਹੈ।

ਇਸ ਲਈ ਸਮਾਜ ਦੇ ਹਰ ਸਮਰੱਥ ਨਾਗਰਿਕ ਨੂੰ ਅਜਿਹੇ ਲੋਕ ਭਲਾਈ ਦੇ ਕਾਰਜਾਂ ਵਿੱਚ ਆਪਣੀ ਜ਼ਿੰਮੇਵਾਰੀ ਸਮਝਦਿਆਂ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਵੱਧ ਤੋਂ ਵੱਧ ਖ਼ੂਨਦਾਨ ਕੈਂਪਾਂ ਵਿੱਚ ਹਿੱਸਾ ਲੈਣ ਅਤੇ ਹੋਰਨਾਂ ਨੂੰ ਵੀ ਇਸ ਨੇਕ ਕਾਰਜ ਲਈ ਪ੍ਰੇਰਿਤ ਕਰਨ।

ਸੋਸਾਇਟੀ ਦੇ ਪ੍ਰਧਾਨ ਵਿਜੇ ਗੋਇਲ ਨੇ ਮੁੱਖ ਮਹਿਮਾਨ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਪਟਿਆਲਾ ਸੋਸ਼ਲ ਵੈਲਫੇਅਰ ਸੋਸਾਇਟੀ ਭਵਿੱਖ ਵਿੱਚ ਵੀ ਲੋਕ ਭਲਾਈ ਅਤੇ ਸਮਾਜ ਸੇਵਾ ਦੇ ਕਾਰਜਾਂ ਨੂੰ ਇਸੇ ਤਰ੍ਹਾਂ ਪੂਰੇ ਉਤਸ਼ਾਹ ਨਾਲ ਜਾਰੀ ਰੱਖੇਗੀ। ਇਸ ਮੌਕੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਿਵਲ ਲਾਈਨਜ਼ ਦੀ ਪ੍ਰਿੰਸੀਪਲ ਸੀਮਾ ਉੱਪਲ, ਲੈਕਚਰਾਰ (ਮੈਥਸ) ਰਾਮ ਲਾਲ ਗੋਇਲ, ਅਜੀਤ ਸਿੰਘ ਭੱਟੀ, ਅਮਰੀਕ ਸਿੰਘ (ਰੈੱਡ ਕਰਾਸ), ਆਸ਼ੂਤੋਸ਼ ਜੈਨ, ਪਰਮਜੀਤ ਸਿੰਘ ਸੋਹੀ, ਰਾਕੇਸ਼ ਕੁਮਾਰ, ਜਸਪ੍ਰੀਤ ਸਿੰਘ, ਰਾਹੁਲ ਕੁਮਾਰ, ਐਨ.ਐਸ.ਐਸ. ਇੰਚਾਰਜ ਪੁਸ਼ਪਿੰਦਰ ਕੌਰ ਅਤੇ ਰੁਪਿੰਦਰ ਕੌਰ, ਰੇਸ਼ਮ ਸਿੰਘ, ਮਨਜੀਤ ਸਿੰਘ, ਰਵਿੰਦਰ ਸਿੰਘ, ਡਾ. ਲਵਲੀਨ, ਸੁਖਵਿੰਦਰ ਸਿੰਘ, ਬਲਜੀਤ ਕੌਰ, ਗੁਰਮੀਤ ਕੌਰ, ਗੁਰਪ੍ਰੀਤ ਕੌਰ, ਗੁਰਦੀਪ ਸਿੰਘ, ਕੇਸਰ ਸਿੰਘ, ਬਲਦੇਵ ਸਿੰਘ, ਜਗਦੀਪ ਸਿੰਘ ਜੋਸ਼ੀ ਸਮੇਤ ਸੋਸਾਇਟੀ ਮੈਂਬਰ ਅਤੇ ਸਕੂਲ ਸਟਾਫ ਮੌਜੂਦ ਰਿਹਾ।

ਪੰਜਾਬ ਦੇ ਵੱਖ-ਵੱਖ ਸ਼ਹਿਰਾਂ, ਪਿੰਡਾਂ ਵਿੱਚ ਚੱਲਣਗੀਆ ਪੀ. ਆਰ. ਟੀ. ਸੀ ਜੂਨੀਅਰ ਬੱਸਾਂ : ਹਰਪਾਲ ਜੁਨੇਜਾ

ਸਮਾਣਾ ਹਲਕੇ ਦੇ ਵੱਖ-ਵੱਖ ਬੰਦ ਪਏ ਬੱਸ ਰੂਟਾਂ ਨੂੰ ਮੁੜ ਚਲਾਉਂਣ ਸਬੰਧੀ ਸਾਬਕਾ ਮੰਤਰੀ ਰੱਖੜਾ ਨਾਲ ਚਰਚਾ



ਪਟਿਆਲਾ, 14 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੀ. ਆਰ. ਟੀ. ਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਦਿੱਤੇ ਗਏ ਨਿੱਘੇ ਸੱਦੇ 'ਤੇ ਅੱਜ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਹਲਕਾ ਇੰਚਾਰਜ ਸਮਾਣਾ ਪੀ.ਆਰ.ਟੀ.ਸੀ. ਦੇ ਮੁੱਖ ਦਫ਼ਤਰ ਪਟਿਆਲਾ ਵਿਖੇ ਪਹੁੰਚੇ। ਇਸ ਮੌਕੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਦੋਵਾਂ ਆਗੂਆਂ ਦਰਮਿਆਨ ਸਮਾਣਾ ਹਲਕੇ ਦੇ ਵੱਖ-ਵੱਖ ਬੰਦ ਪਏ ਬੱਸ ਰੂਟਾਂ ਨੂੰ ਮੁੜ ਚਲਾਉਂਣ ਅਤੇ ਇਲਾਕੇ ਦੇ ਲੋਕਾਂ ਨੂੰ ਆਵਾਜਾਈ ਦੀਆਂ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਚੇਅਰਮੈਨ ਨੇ ਦੱਸਿਆ ਕਿ ਪੀ.ਆਰ.ਟੀ.ਸੀ ਦੇ ਬੇੜੇ ਵਿੱਚ 100 ਨਵੀਆਂ ਜੂਨੀਅਰ ਬੱਸਾਂ ਸ਼ਾਮਲ ਕੀਤੀਆਂ ਗਈਆਂ ਹਨ, ਜਿਨ੍ਹਾਂ ਬੱਸਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪਿਛਲੇ ਦਿਨੀ ਝੰਡੀ ਦੇ ਕੇ ਰਵਾਨਾ ਕੀਤਾ ਹੈ। ਚੇਅਰਮੈਨ ਨੇ ਭਰੋਸਾ ਦਿਵਾਇਆ ਕਿ ਇਨ੍ਹਾਂ ਪੀ.ਆਰ.ਟੀ.ਸੀ. ਦੀਆਂ ਨਵੀਆਂ ਜੂਨੀਅਰ ਬੱਸਾਂ ਵਿੱਚੋਂ ਸਮਾਣਾ ਹਲਕੇ ਲਈ ਵੀ ਲੋੜ ਅਨੁਸਾਰ ਬੱਸਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਲੋਕਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੀ.ਆਰ.ਟੀ.ਸੀ. ਦਾ ਮੁੱਖ ਉਦੇਸ਼ ਯਾਤਰੀਆਂ ਨੂੰ ਸੁਚਾਰੂ, ਸੁਰੱਖਿਅਤ ਅਤੇ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਕਰਨਾ ਹੈ, ਤਾਂ ਜੋ ਕਿਸੇ ਵੀ ਇਲਾਕੇ ਦੇ ਲੋਕਾਂ ਨੂੰ ਬੱਸ ਸੇਵਾ ਦੀ ਘਾਟ ਕਾਰਨ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਹਲਕਾ ਸਮਾਣੇ ਤੋਂ ਵੱਖ-2 ਰੂਟਾਂ ਤੇ ਬੱਸਾਂ ਮੁਹੱਈਆ ਕਰਵਾਉਂਣ ਦਾ ਭਰੋਸਾ ਦੇਣ ਲਈ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਦਾ ਧੰਨਵਾਦ ਕੀਤਾ।

ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਲਈ ਪਰਮਿੰਦਰ ਭਲਵਾਨ ਤੇ ਜਤਵਿੰਦਰ ਗਰੇਵਾਲ ਨੂੰ ਐਸ.ਪੀ. ਇੰਨਵੈਸਟੀਗੇਸ਼ਨ ਰਾਜੇਸ਼ ਛਿੱਬਰ ਨੇ ਪ੍ਰਸ਼ੰਸਾ ਪੱਤਰ ਦੇ ਕੇ ਕੀਤਾ ਸਨਮਾਨਿਤ



ਪਟਿਆਲਾ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਵੱਲੋਂ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ÷ਯੁੱਧ ਨਸ਼ਿਆਂ ਵਿਰੁੱਧ÷ ਤਹਿਤ ਪਟਿਆਲਾ ਪੁਲਿਸ ਨੂੰ ਸਹਿਯੋਗ ਦੇ ਰਹੀਆਂ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਦੇ ਸਰਪ੍ਰਸਤਾਂ ਨੂੰ ਸਨਮਾਨਿਤ ਕੀਤਾ ਗਿਆ।

ਸਟੇਟ ਐਵਾਰਡੀ ਪਰਮਿੰਦਰ ਭਲਵਾਨ (ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ, ਮੈਂਬਰ ਵੂਮੈਨ ਕਾਉਂਸਲਿੰਗ ਸੈੱਲ ਪਟਿਆਲਾ ਪੁਲਿਸ) ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ (ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ) ਨੂੰ ਐਸ.ਪੀ. ਇੰਨਵੈਸਟੀਗੇਸ਼ਨ ਰਾਜੇਸ਼ ਛਿੱਬਰ ਵੱਲੋਂ ਆਪਣੇ ਦਫ਼ਤਰ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ 'ਚ ਪਾਏ ਵਿਸ਼ੇਸ਼ ਯੋਗਦਾਨ ਲਈ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਸੁਖਜਿੰਦਰ ਸਿੰਘ ਬਾਜਵਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਐਸ.ਪੀ. ਰਾਜੇਸ਼ ਛਿੱਬਰ ਨੇ ਕਿਹਾ ਕਿ ਅੱਜ ਪੰਜਾਬ ਦੀ ਸਭ ਤੋਂ ਵੱਡੀ ਚੁਣੌਤੀ ਨਸ਼ਾ ਹੈ, ਜੋ ਸਾਡੀ ਨੌਜਵਾਨ ਪੀੜ੍ਹੀ ਨੂੰ ਖੋਖਲਾ ਕਰ ਰਿਹਾ ਹੈ। ਇਸ ਬੁਰਾਈ ਨੂੰ ਜੜ੍ਹੋਂ ਖਤਮ ਕਰਨ ਲਈ ਸਿਰਫ਼ ਪੁਲਿਸ ਦੀ ਕਾਰਵਾਈ ਹੀ ਕਾਫ਼ੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਨੂੰ ਅੱਗੇ ਆਉਣਾ ਪਵੇਗਾ।

ਉਨ੍ਹਾਂ ਕਿਹਾ ਕਿ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਪਿਛਲੇ ਲੰਬੇ ਸਮੇਂ ਤੋਂ ਪਟਿਆਲਾ ਜ਼ਿਲ੍ਹੇ ਦੇ ਦਰਜਨਾਂ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਕਸਬਿਆਂ 'ਚ ਜਾ ਕੇ ਸੈਮੀਨਾਰਾਂ ਅਤੇ ਰੈਲੀਆਂ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰ ਰਹੇ ਹਨ। ਉਨ੍ਹਾਂ ਦਾ ਸੰਦੇਸ਼ ਹੈ -ਨਸ਼ਾ ਤਿਆਗੋ, ਖੇਡਾਂ ਨਾਲ ਨਾਤਾ ਜੋੜੋ।

ਸਨਮਾਨ ਹਾਸਲ ਕਰਨ ਤੋਂ ਬਾਅਦ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਪੰਜਾਬ ਪੁਲਿਸ ਅਤੇ ਐਸ.ਪੀ. ਰਾਜੇਸ਼ ਛਿੱਬਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਪ੍ਰਸ਼ੰਸਾ ਪੱਤਰ ਉਨ੍ਹਾਂ ਲਈ ਸਨਮਾਨ ਹੀ ਨਹੀਂ, ਸਗੋਂ ਵੱਡੀ ਜ਼ਿੰਮੇਵਾਰੀ ਹੈ।

ਉਨ੍ਹਾਂ ਪ੍ਰਣ ਲਿਆ ਕਿ ਜਦੋਂ ਤੱਕ ਸਰੀਰ 'ਚ ਜਾਨ ਹੈ, ਨਸ਼ਿਆਂ ਵਿਰੁੱਧ ਜੰਗ ਜਾਰੀ ਰੱਖਣਗੇ ਅਤੇ ਹਰ ਪਿੰਡ, ਹਰ ਸ਼ਹਿਰ 'ਚ ਜਾ ਕੇ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਦੇ ਰਹਿਣਗੇ।

ਹਰਪ੍ਰੀਤ ਸਿੰਘ ਪੰਜੋਲੀ ਦਲਿਤ ਵਿਕਾਸ ਬੋਰਡ ਦੇ ਚੇਅਰਮੈਨ ਬਣੇ



ਫ਼ਤਹਿਗੜ੍ਹ ਸਾਹਿਬ, 14 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪਿੰਡ ਪੰਜੋਲੀ ਦੇ ਸਰਪੰਚ ਅਤੇ ਆਮ ਆਦਮੀ ਪਾਰਟੀ ਦੇ ਐਸਸੀ ਵਿੰਗ ਦੇ ਜ਼ਿਲ ?ਾ ਪ੍ਰਧਾਨ ਹਰਪ੍ਰੀਤ ਸਿੰਘ ਪੰਜੋਲੀ ਨੂੰ ਪੰਜਾਬ ਸਰਕਾਰ ਵੱਲੋਂ ਦਲਿਤ ਵਿਕਾਸ ਬੋਰਡ ਦਾ ਜਿਲਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ।

ਇਸ ਮੌਕੇ ਹਰਪ੍ਰੀਤ ਸਿੰਘ ਪੰਜੋਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵੱਲੋਂ ਉਹਨਾਂ ਨੂੰ ਜਿਹੜੀ ਜਿੰਮੇਵਾਰੀ ਸੌਂਪੀ ਗਈ ਹੈ ਉਹ ਇਸ ਨੂੰ ਤਨਦੇਹੀ ਅਤੇ ਇਮਾਨਦਾਰੀ ਦੇ ਨਾਲ ਨਿਭਾਉਣਗੇ। ਉਹਨਾਂ ਦੱਸਿਆ ਕਿ ਉਹ ਪਿਛਲੇ ਇੱਕ ਅਰਸੇ ਤੋਂ ਆਮ ਆਦਮੀ ਪਾਰਟੀ ਦੇ ਨਾਲ ਜੁੜੇ ਹੋਏ ਹਨ। ਉਹ ਜਿੱਥੇ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜਬੂਤ ਕਰਨ ਦੇ ਲਈ ਕੰਮ ਕਰ ਰਹੇ ਹਨ, ਉੱਥੇ ਹੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਿੱਚ ਵਿਕਾਸ ਕਾਰਜਾਂ ਦੀ ਲਿਆਈ ਜਾ ਰਹੀ ਹਨੇਰੀ ਦੇ ਵਿੱਚ ਵੀ ਯੋਗਦਾਨ ਪਾ ਰਹੇ ਹਨ।

ਮਦਰ ਇੰਡੀਆ ਸਕੂਲ ਪਾਤੜਾਂ ਦੇ ਪ੍ਰਿੰਸੀਪਲ ਨੂੰ ਚੰਡੀਗੜ੍ਹ ਯੂਨੀਵਰਸਿਟੀ ਵਲੋਂ ਪ੍ਰਸ਼ੰਸਾ ਐਵਾਰਡ



ਪਾਤੜਾਂ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਬਿਹਤਰ ਅਗਵਾਈ ਅਤੇ ਦੂਰਦਰਸ਼ੀ ਸੋਚ ਲਈ ਮਦਰ ਇੰਡੀਆ ਪਬਲਿਕ ਸਕੂਲ ਦੇ ਪ੍ਰਿੰਸੀਪਲ ਡਾਕਟਰ ਨਿਤਿਕਾ ਗੁਪਤਾ ਨੂੰ 'ਵਿਜ਼ਨਰੀ ਪ੍ਰਿੰਸੀਪਲ' ਦੇ ਸਨਮਾਨ ਨਾਲ ਨਿਵਾਜਿਆ ਗਿਆ। ਇਸ ਮੌਕੇ ਉਨ੍ਹਾਂ ਨੂੰ ਵਿਸ਼ੇਸ਼ ਪ੍ਰਸ਼ੰਸਾ ਐਵਾਰਡ ਵੀ ਪ੍ਰਦਾਨ ਕੀਤਾ ਗਿਆ।

ਇਸ ਵੱਕਾਰੀ ਸਨਮਾਨ ਲਈ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਮਿਲਿਆ ਇਹ ਮਾਣ-ਸਨਮਾਨ ਉਨ੍ਹਾਂ ਲਈ ਬੇਹੱਦ ਖ਼ੁਸ਼ੀ ਅਤੇ ਮਾਣ ਵਾਲੀ ਗੱਲ ਹੈ। ਉਨ੍ਹਾਂ ਇਸ ਸਨਮਾਨ ਲਈ ਯੂਨੀਵਰਸਿਟੀ ਦੇ ਨੁਮਾਇੰਦੇ ਇੰਦਰਪ੍ਰੀਤ ਸਿੰਘ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੀ ਸਮੁੱਚੀ ਟੀਮ ਦਾ ਦਿਲੋਂ ਧੰਨਵਾਦ ਕੀਤਾ।

ਡਾਕਟਰ ਨਿਤਿਕਾ ਗੁਪਤਾ ਕਿਹਾ ਕਿ ਇਹ ਸਨਮਾਨ ਭਵਿੱਖ ਵਿੱਚ ਵੀ ਸਿੱਖਿਆ ਦੇ ਖੇਤਰ ਵਿੱਚ ਹੋਰ ਸਮਰਪਣ, ਮਿਹਨਤ ਅਤੇ ਨਵੀਆਂ ਉਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕਰੇਗਾ । ਇਸ ਉਪਲਬਧੀ ਲਈ ਮੈਨੇਜਮੈਂਟ ਵਲੋਂ ਸ਼੍ਰੀ ਰਾਕੇਸ਼ ਗਰਗ ਅਤੇ ਵੀਨਾ ਮੈਡਮ ਨੇ ਪ੍ਰਿੰਸੀਪਲ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ।

ਕੱਚੇ ਵਰਕਰਾਂ ਦੀ ਬਹਾਲੀ ਤੱਕ ਸੰਘਰਸ਼ ਜਾਰੀ ਰਹੇਗਾ



ਪਟਿਆਲਾ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੁਰਿੰਦਰਾ ਗੈਸ ਸਰਵਿਸ ਦੇ ਮਾਲਕ ਵੱਲੋਂ ਕੱਢੇ ਗਏ ਵਰਕਰਾਂ ਦੀ ਬਹਾਲੀ ਲਈ ਜਥੇਬੰਦੀ ਵੱਲੋਂ ਕੀਤੇ ਗਏ ਫੈਸਲੇ ਅਨੁਸਾਰ ਸੁਰਿੰਦਰਾ ਗੈਸ ਸਰਵਿਸ ਦੇ ਸਟੋਰ ਤੇ ਅਣਮਿੱਥੇ ਸਮੇਂ ਲਈ ਅੱਜ ਦੂਜੇ ਦਿਨ ਧਰਨਾ ਦਾਖਲ ਹੋਇਆ ਧਰਨੇ ਵਿੱਚ ਸੂਬਾ ਆਗੂ ਸ੍ਰੀ ਨਾਥ ਪਟਿਆਲਾ ਨੇ ਕਿਹਾ ਕਿ ਜਦੋਂ ਤੱਕ ਵਰਕਰਾਂ ਦੀ ਬਹਾਲੀ ਤੱਕ ਸੰਘਰਸ਼ ਜਾਰੀ ਰਹੇਗਾ ਇਸ ਦੇ ਨਾਲ ਹੀ ਜਿਲਾ ਪ੍ਰਧਾਨ ਬਲਜਿੰਦਰ ਸਿੰਘ ਜਨਰਲ ਸਕੱਤਰ ਸੁਰਜੀਤ ਸਿੰਘ ਤੇ ਵਿੱਤ ਸਕਤਰ ਅਵਤਾਰ ਸਿੰਘ ਨੇ ਕਿਹਾ ਕਿ ਜੇਕਰ ਹਫਤੇ ਦੇ ਅੰਦਰ ਅੰਦਰ ਕੱਢੇ ਵਰਕਰ ਬਹਾਲ ਨਾ ਕੀਤੇ ਗਏ ਤਾਂ ਜਥੇਬੰਦੀ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ।

ਇਸ ਦੇ ਨਾਲ ਹੀ ਦੂਜੇ ਪਾਸੇ ਸੁਰਿੰਦਰਾ ਗੈਸ ਸਰਵਿਸ ਦੇ ਮਾਲਕ ਗੱਲਬਾਤ ਰਾਹੀਂ ਵਰਕਰਾਂ ਨੂੰ ਬਹਾਲ ਕਰਨ ਦੀ ਬਜਾਏ ਆਪਣੇ ਨਾਲ 10 ਅਣਪਛਾਤੇ ਬੰਦੇ 13-11-2026 ਨੂੰ ਸਵੇਰੇ 10 ਵਜੇ ਸਟੋਰ ਤੇ ਆਏ ਤੇ ਆਉਂਦੇ ਹੀ ਉਨ੍ਹਾਂ ਨੇ ਸਾਨੂੰ ਦਬਕਾ ਮਾਰਿਆ ਕਿ ਇੱਥੋਂ ਭੱਜ ਜਾਓ ਤੁਸੀ ਕੌਣ ਹੁੰਦੇ ਹੋ ਇੱਥੇ ਬੈਠਣ ਵਾਲੇ। ਇਸ ਦੇ ਨਾਲ ਹੀ ਪੁਲਿਸ ਪ੍ਰਸ਼ਾਸ਼ਨ ਨੂੰ ਨਾਲ ਲੈ ਕੇ ਆਏ। ਪੁਲਿਸ ਅਫਸਰਾਂ ਨੇ ਸਾਨੂੰ ਡਰਾਉਣ ਦੀ ਕੋਸ਼ਿਸ਼ ਕੀਤੀ ਅਤੇ ਕਿਹਾ ਗਿਆ ਕਿ ਤੁਸੀਂ ਕਿਸੇ ਦੇ ਸਟੋਰ ਤੇ ਬੈਠ ਨਹੀਂ ਸਕਦੇ ਤੁਸੀਂ ਲੇਬਰ ਕਮਿਸ਼ਨਰ ਦੇ ਕੋਲ ਜਾਓ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਸੰਘਰਸ਼ ਕਰਨਾ ਜਥੇਬਦੀ ਦਾ ਹੱਕ ਹੈ ਤਾਂ ਅਸੀਂ ਸ਼ਾਤੀ ਪੂਰਵਕ ਸੰਘਰਸ਼ ਕਰਨਾ ਜਥੇਬੰਦੀ ਦਾ ਹੱਕ ਹੈ ਤਾਂ ਅਸੀਂ ਸ਼ਾਤੀ ਪੂਰਵਕ ਸੰਘਰਸ਼ ਕਰ ਰਹੇ ਹਾਂ। ਜੇਕਰ ਸਾਡੇ ਨਾਲ ਕਿਸੇ ਕਿਸਮ ਦੀ ਜਾਨੀ ਜਾਂ ਮਾਲੀ ਨੁਕਸਾਨ ਹੁੰਦਾ ਹੈ ਤਾਂ ਉਸ ਦਾ ਜਿੰਮੇਵਾਰ ਸੁਰਿੰਦਰਾ ਗੈਸ ਦੇ ਮਾਲਕ ਇਸ਼ਾਤ ਖੈਰਾ, ਹਰਪ੍ਰੀਤ ਕੌਰ, ਅਮਰਿੰਦਰ ਪਾਲ ਸਿੰਘ, ਆਰਤੀ ਅਰੋੜਾ, ਕਰਨ, ਨਿਰਮਲ, ਦੀਪਾਂਸ਼ੂ, ਰਵੀ ਮਿੱਤਲ, ਪ੍ਰਿੰਸ ਵਰਮਾ, ਇਹ ਸਾਰੇ ਜਿੰਮੇਵਾਰ ਹੋਣਗੇ। ਇਸ ਦੇ ਨਾਲ ਹੀ ਧਰਨੇ ਵਿੱਚ ਨਾਭਾ ਇਲਾਕੇ ਦੇ ਪ੍ਰਧਾਨ ਸਤਗੁਰੂ ਸਿੰਘ, ਰਘਵੀਰ ਸਿੰਘ ਤੇ ਹੋਰ ਸਾਥੀਆਂ ਨਾਲ ਵੱਡੀ ਗਿਣਤੀ ਵਿੱਚ ਹਾਜਰੀ ਲਗਵਾਈ।

ਕਾਂਗਰਸ ਅਤੇ ਆਪ ਪਾਰਟੀ ਪੰਜਾਬ ਵਿੱਚ ਸਤਾ ਦੇ ਸੁਪਨੇ ਲੈਣੇ ਬੰਦ ਕਰੇ: ਲੰਗ



ਪਟਿਆਲਾ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

:ਸੂਬੇ ਅੰਦਰ ਕਾਂਗਰਸ ਪਾਰਟੀ ਅਤੇ ਆਪ ਹੁਣ ਸਤਾ ਦੇ ਸੁਪਨੇ ਲੈਣੇ ਬੰਦ ਕਰ ਦੇਵੇ ਕਿਉਂਕਿ ਪੰਜਾਬ ਦੇ ਲੋਕਾਂ ਨੇ ਇਹਨਾਂ ਦੋਵੇਂ ਪਾਰਟੀਆਂ ਨੂੰ ਬੁਰੀ ਤਰ੍ਹਾਂ ਨਕਾਰਨ ਦਾ ਮਨ ਬਣਾ ਲਿਆ ਹੈ ਅਤੇ ਹੁਣ ਭਵਿੱਖ ਵਿੱਚ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨਾ ਤੈਅ ਹੈ ਕਿਉਂਕਿ ਸ਼੍ਰੋਮਣੀ ਅਕਾਲੀ ਦਲ ਨੇ ਜਦੋਂ ਵੀ ਪੰਜਾਬ ਦੀ ਵਾਗਡੋਰ ਸੰਭਾਲੀ ਹੈ ਉਦੋਂ ਹੀ ਪੰਜਾਬ ਦੇ ਲੋਕਾਂ ਦੇ ਕੰਮਾਂ ਨੂੰ ਪਹਿਲ ਦਿੱਤੀ ਹੈ ਅਤੇ ਇਹਨਾਂ ਦੋਵੇਂ ਪਾਰਟੀਆਂ ਨੇ ਪੰਜਾਬ ਦੇ ਵਿਕਾਸ ਕਾਰਜਾਂ ਨੂੰ ਨਕਾਰ ਕੇ ਆਪਣੇ ਸਾਥੀਆਂ ਨੂੰ ਖੁਸ਼ ਕਰਨ ਤੋਂ ਇਲਾਵਾ ਕੋਈ ਕਾਰਜ ਨਹੀਂ ਕੀਤਾ ਜਿਸ ਤੋਂ ਪੰਜਾਬ ਦੇ ਲੋਕ ਬੇਹਦ ਦੁਖੀ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਯੂਥ ਅਕਾਲੀ ਦਲ ਦੇ ਜਿਲਾ ਦਿਹਾਤੀ ਪ੍ਰਧਾਨ ਅੰਮ੍ਰਿਤਪਾਲ ਸਿੰਘ ਲੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਮਜਬੂਤ ਕਰਨ ਲਈ ਹੁਣ ਨਿਤ ਦਿਨ ਵੱਖ-ਵੱਖ ਪਾਰਟੀਆਂ ਦੇ ਦਿਗਜ ਆਗੂ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼ਾਮਿਲ ਹੋ ਰਹੇ ਹਨ ਜਿਸ ਨਾਲ ਭਵਿੱਖ ਵਿੱਚ ਪਾਰਟੀ ਨੂੰ ਹੋਰ ਬਲ ਮਿਲੇਗਾ ਅਤੇ 2027 ਦੀ ਵਿਧਾਨ ਸਭਾ ਚੋਣਾਂ ਅੰਦਰ ਸ਼੍ਰੋਮਣੀ ਅਕਾਲੀ ਦਲ ਹੁਣ ਜਾਂ ਫਿਰ ਜੇ ਤਾਂ ਸਰ ਕਰਕੇ ਮੁੜ ਤੋਂ ਪੰਜਾਬ ਅੰਦਰ ਸਰਕਾਰ ਬਣਾਵੇਗਾ।

ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਸਮੇਂ ਸੂਬੇ ਦਾ ਚੌਪੱਖੀ ਵਿਕਾਸ ਹੋਇਆ ਹੈ ਅਤੇ ਨੌਜਵਾਨਾਂ ਨੂੰ ਨੌਕਰੀਆਂ ਪ੍ਰਦਾਨ ਕਰਕੇ ਬੇਰੋਜਗਾਰੀ ਦਾ ਖਾਤਮਾ ਕਰਨ ਵਿੱਚ ਅਹਿਮ ਰੋਲ ਅਦਾ ਕੀਤਾ ਹੈ।

ਉਹਨਾਂ ਕਿਹਾ ਕਿ ਕਾਂਗਰਸ ਅਤੇ ਆਪ ਨੇ ਪੰਜਾਬ ਨੂੰ ਦੋਵੇਂ ਹੱਥੀ ਲੁੱਟਿਆ ਹੈ ਅਤੇ ਆਪਣੇ ਲਈ ਇਨਸਾਫ ਲੈਣ ਵਾਲੇ ਨੂੰ ਧਰਨਿਆਂ ਵਿੱਚ ਕੁੱਟਣ ਵਿੱਚ ਵੀ ਕੋਈ ਕਸਰ ਬਾਕੀ ਨਹੀਂ ਛੱਡੀ ਲੰਗ ਨੇ ਕਿਹਾ ਕੀ ਆ ਅੰਦਰ ਹੁਣ ਦਿਨ ਦਿਹਾੜੇ ਸ਼ਰੇਆਮ ਕਤਲੋਗਾਰਤ ਦੀ ਵਾਰਦਾਤਾਂ ਵਾਪਰ ਰਹੀਆਂ ਤਾਂ ਹੀ ਪੰਜਾਬ ਦੀ ਕਾਨੂੰਨ ਵਿਵਸਥਾ ਬੁਰੀ ਤਰ੍ਹਾਂ ਲੜਖੜਾਈ ਹੋਈ ਹੈ ਹੁਣ ਪੰਜਾਬ ਦੇ ਲੋਕ ਦਿਨ ਵੇਲੇ ਵੀ ਘਰਾਂ ਵਿੱਚੋਂ ਨਿਕਲਣ ਦਾ ਖੌਫ ਮਹਿਸੂਸ ਕਰਦੇ ਹਨ ਕਿਉਂਕਿ ਵੱਡੀਆਂ ਵਾਰਦਾਤਾਂ ਦਿਨ ਵੇਲੇ ਹੀ ਵਾਪਰ ਰਹੀਆਂ ਹਨ ਅਤੇ ਸ਼ਰੇਆਮ ਔਰਤਾਂ ਦੇ ਗਲਾ ਵਿੱਚੋਂ ਚੇਨੀਆ ਖੋਹ ਕੇ ਚੋਰ ਫਰਾਰ ਹੋ ਜਾਂਦੇ ਹਨ ਅਤੇ ਪੁਲਿਸ ਮੂਕ ਦਰਸ਼ਕ ਬਣ ਕੇ ਖੜੀ ਹੈ ਜਿਸਦਾ ਲੁੱਟਾ ਖੋਹਾ ਅਤੇ ਕਤਲ ਦੀ ਵਾਰਦਾਤਾਂ ਕਰਨ ਵਾਲਿਆਂ ਤੇ ਕੋਈ ਕੰਟਰੋਲ ਨਹੀਂ ਰਿਹਾ ਤਾਂ ਹੀ ਪੰਜਾਬ ਦੇ ਲੋਕ ਘਰਾਂ ਵਿੱਚ ਸਹਿਮੇ ਬੈਠੇ ਹਨ।

'ਮਾਨ ਦੇ ਮੁਨਾਫ਼ੇ' ਮੁਹਿੰਮ ਤਹਿਤ ਪਿੰਡ ਮੁਬਾਰਕਪੁਰ ਚੂੰਘਾਂ ਵਿਖੇ ਐਡਵੋਕੇਟ ਚੌਧਰੀ ਮੁਹੰਮਦ ਨਿਸਾਰ ਵੱਲੋਂ ਘਰ-ਘਰ ਜਾ ਕੇ ਲੋਕਾਂ ਨਾਲ ਰਾਬਤਾ



ਮਲੇਰਕੋਟਲਾ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਵੱਖ-ਵੱਖ ਵਿਕਾਸ ਕਾਰਜਾਂ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ 'ਮਾਨ ਦੇ ਮੁਨਾਫ਼ੇ' ਡੋਰ-ਟੂ-ਡੋਰ ਮੁਹਿੰਮ ਤਹਿਤ ਐਡਵੋਕੇਟ ਚੌਧਰੀ ਮੁਹੰਮਦ ਨਿਸਾਰ ਵੱਲੋਂ ਪਿੰਡ ਮੁਬਾਰਕਪੁਰ ਚੂੰਘਾਂ ਵਿਖੇ ਘਰ-ਘਰ ਜਾ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਗਿਆ।

ਇਸ ਮੌਕੇ ਐਡਵੋਕੇਟ ਚੌਧਰੀ ਮੁਹੰਮਦ ਨਿਸਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿਹਤ, ਸਿੱਖਿਆ, ਬਿਜਲੀ, ਰੁਜ਼ਗਾਰ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਆਮ ਆਦਮੀ ਕਲੀਨਿਕਾਂ ਰਾਹੀਂ ਸਿਹਤ ਸੇਵਾਵਾਂ, ਘਰੇਲੂ ਬਿਜਲੀ ਸਬਸਿਡੀ ਅਤੇ ਹੋਰ ਲੋਕ ਭਲਾਈ ਯੋਜਨਾਵਾਂ ਤਹਿਤ ਯੋਗ ਲਾਭਪਾਤਰੀਆਂ ਨੂੰ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰੀ ਸਕੀਮਾਂ ਸਬੰਧੀ ਜਾਣਕਾਰੀ ਪ੍ਰਾਪਤ ਕਰਕੇ ਯੋਗਤਾ ਅਨੁਸਾਰ ਇਨ੍ਹਾਂ ਦਾ ਲਾਭ ਉਠਾਉਣ।

ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਵੀ ਸੁਣੇ। ਉਨ੍ਹਾਂ ਕਿਹਾ ਕਿ ਅਜਿਹੀਆਂ ਜਾਗਰੂਕਤਾ ਮੁਹਿੰਮਾਂ ਰਾਹੀਂ ਲੋਕਾਂ ਤੱਕ ਸਰਕਾਰੀ ਯੋਜਨਾਵਾਂ ਦੀ ਜਾਣਕਾਰੀ ਪਹੁੰਚਾਉਣ ਦੇ ਨਾਲ-ਨਾਲ ਉਨ੍ਹਾਂ ਨਾਲ ਸਿੱਧਾ ਸੰਪਰਕ ਕਾਇਮ ਕਰਨ ਵਿੱਚ ਵੀ ਮਦਦ ਮਿਲਦੀ ਹੈ।

ਇਸ ਮੌਕੇ ਹਰਬੰਸ ਸਿੰਘ, ਗੁਲਜਾਰ ਸਿੰਘ, ਅਵਤਾਰ ਸਿੰਘ, ਕਾਕਾ, ਕਰਨੈਲ ਸਿੰਘ, ਚਰਨਜੀਤ ਸਿੰਘ, ਐਡਵੋਕੇਟ ਹਾਰੂਨ ਰਸ਼ੀਦ, ਤਸਲੀਮ ਫਾਰੂਕੀ, ਅਖਲਾਕ ਅਹਿਮਦ, ਦਾਨਿਸ ਹਾਜਰ ਸਨ।

ਉਗਰਾਹਾਂ ਜਥੇਬੰਦੀ ਨੂੰ ਵੱਡਾ ਝਟਕਾ, ਬਲਾਕ ਘੱਗਾ ਦੇ ਪ੍ਰਧਾਨ ਅਮਰੀਕ ਸਿੰਘ ਸੈਂਕੜੇ ਸਾਥੀਆਂ ਸਮੇਤ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵਿੱਚ ਸ਼ਾਮਲ

ਪਾਤੜਾਂ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ (ਡਾ. ਦਰਸ਼ਨ ਪਾਲ) ਦੀ ਇੱਕ ਅਹਿਮ ਮੀਟਿੰਗ ਪਾਤੜਾਂ ਬਲਾਕ ਦੇ ਪਿੰਡ ਘੱਗਾ ਵਿਖੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਆਲ ਇੰਡੀਆ ਦੇ ਪ੍ਰਧਾਨ ਡਾ. ਦਰਸ਼ਨ ਪਾਲ ਦੀ ਅਗਵਾਈ ਹੇਠ ਹੋਈ। ਇਸ ਮੌਕੇ ਕਿਸਾਨ ਜਥੇਬੰਦੀਆਂ ਦੇ ਖੇਤਰ ਵਿੱਚ ਵੱਡਾ ਸੰਗਠਨਾਤਮਕ ਫੇਰਬਦਲ ਦੇਖਣ ਨੂੰ ਮਿਲਿਆ, ਜਦੋਂ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਘੱਗਾ ਪ੍ਰਧਾਨ ਅਮਰੀਕ ਸਿੰਘ ਘੱਗਾ ਨੇ ਆਪਣੇ ਸੈਂਕੜੇ ਸਾਥੀਆਂ ਸਮੇਤ ਉਗਰਾਹਾਂ ਜਥੇਬੰਦੀ ਨੂੰ ਅਲਵਿਦਾ ਕਹਿੰਦਿਆਂ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵਿੱਚ ਸ਼ਮੂਲੀਅਤ ਕਰ ਲਈ। ਇਸ ਤੋਂ ਇਲਾਵਾ ਪਾਤੜਾਂ ਬਲਾਕ ਦੇ ਕਰੀਬ 10 ਪਿੰਡਾਂ ਨਾਲ ਸਬੰਧਤ ਕਿਸਾਨਾਂ ਨੇ ਵੀ ਡਾ. ਦਰਸ਼ਨ ਪਾਲ ਦੀ ਅਗਵਾਈ ਵਾਲੀ ਜਥੇਬੰਦੀ ਨਾਲ ਜੁੜਨ ਦਾ ਐਲਾਨ ਕੀਤਾ।



ਇਸ ਮੌਕੇ ਡਾ. ਦਰਸ਼ਨ ਪਾਲ ਨੇ ਨਵੇਂ ਸ਼ਾਮਲ ਹੋਏ ਕਿਸਾਨਾਂ ਅਤੇ ਮਜ਼ਦੂਰਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਦੇ ਹੱਕਾਂ ਦੀ ਲੜਾਈ ਲਈ ਹਮੇਸ਼ਾ ਮੋਹਰੀ ਭੂਮਿਕਾ ਨਿਭਾਉਂਦੀ ਰਹੇਗੀ। ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਜੁੜੇ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ ਅਤੇ ਹੱਕਾਂ ਦੀ ਪ੍ਰਾਪਤੀ ਲਈ ਸੰਘਰਸ਼ ਜਾਰੀ ਰੱਖਿਆ ਜਾਵੇਗਾ।

ਇਸ ਮੌਕੇ ਅਮਰੀਕ ਸਿੰਘ ਘੱਗਾ ਨੇ ਆਪਣੇ ਜਥੇਬੰਦੀ ਬਦਲਣ ਦੇ ਫ਼ੈਸਲੇ ਬਾਰੇ ਦੱਸਦਿਆਂ ਕਿਹਾ ਕਿ ਉਹ ਸਾਲ 2013 ਤੋਂ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨਾਲ ਜੁੜੇ ਹੋਏ ਸਨ ਅਤੇ ਲੰਮੇ ਸਮੇਂ ਤੱਕ ਜਥੇਬੰਦੀ ਲਈ ਸਰਗਰਮੀ ਨਾਲ ਕੰਮ ਕਰਦੇ ਰਹੇ ਹਨ।

ਉਨ੍ਹਾਂ ਦੱਸਿਆ ਕਿ ਜਥੇਬੰਦੀ ਅੰਦਰ ਪੈਦਾ ਹੋਏ ਕੁਝ ਮਤਭੇਦਾਂ ਕਾਰਨ ਉਹ ਪਿਛਲੇ ਕਰੀਬ ਦੋ ਮਹੀਨਿਆਂ ਤੋਂ ਅਸਤੀਫ਼ਾ ਦੇਣ ਬਾਰੇ ਵਿਚਾਰ ਕਰ ਰਹੇ ਸਨ। ਆਖ਼ਰਕਾਰ ਉਨ੍ਹਾਂ ਨੇ ਆਪਣੇ ਸਾਥੀਆਂ ਨਾਲ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਉਗਰਾਹਾਂ ਜਥੇਬੰਦੀ ਛੱਡ ਕੇ ਡਾ. ਦਰਸ਼ਨ ਪਾਲ ਦੀ ਅਗਵਾਈ ਵਾਲੀ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਵਿੱਚ ਸ਼ਾਮਲ ਹੋਣ ਦਾ ਫ਼ੈਸਲਾ ਕੀਤਾ।

ਇਸ ਮੌਕੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਖਦੇਵ ਸਿੰਘ ਹਰਿਆਊ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਹਰਮੇਲ ਸਿੰਘ ਤੂੰਗਾ, ਜ਼ਿਲ੍ਹਾ ਸਕੱਤਰ ਅਵਤਾਰ ਸਿੰਘ ਕੌਰਜੀਵਾਲਾ, ਸਮਾਣਾ ਬਲਾਕ ਪ੍ਰਧਾਨ ਬਹਾਦਰ ਸਿੰਘ ਅਤੇ ਬਲਾਕ ਆਗੂ ਕਰਮ ਸਿੰਘ ਨੇ ਵੀ ਸ਼ਮੂਲੀਅਤ ਕੀਤੀ।

ਸਮੂਹ ਆਗੂਆਂ ਨੇ ਨਵੇਂ ਸ਼ਾਮਲ ਹੋਏ ਕਿਸਾਨਾਂ ਦਾ ਸਵਾਗਤ ਕਰਦਿਆਂ ਭਰੋਸਾ ਦਿੱਤਾ ਕਿ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਦੇ ਹੱਕਾਂ ਲਈ ਜਥੇਬੰਦੀ ਵੱਲੋਂ ਦਿਨ-ਰਾਤ ਇੱਕ ਕਰਕੇ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਘੱਗਾ ਇਕਾਈ ਦੇ ਪ੍ਰਧਾਨ ਬਲਵਿੰਦਰ ਸਿੰਘ ਬਿੱਲੂ, ਹਮਝੜੀ ਇਕਾਈ ਦੇ ਪ੍ਰਧਾਨ ਨਛੱਤਰ ਸਿੰਘ, ਬਣਵਾਲ ਇਕਾਈ ਦੇ ਪ੍ਰਧਾਨ ਮਾਘ ਸਿੰਘ, ਨਨਹੇੜਾ ਇਕਾਈ ਦੇ ਪ੍ਰਧਾਨ ਗੁਰਜੰਟ ਸਿੰਘ, ਬੂਟਾਵਾਲਾ ਇਕਾਈ ਦੇ ਪ੍ਰਧਾਨ ਕਾਲਾ ਸਿੰਘ, ਜਲਾਲਪੁਰ ਇਕਾਈ ਦੇ ਪ੍ਰਧਾਨ ਅਮਰਜੀਤ ਸਿੰਘ, ਕਲਵਾਣੂ ਇਕਾਈ ਦੇ ਪ੍ਰਧਾਨ ਲਾਲ ਸਿੰਘ ਅਤੇ ਅਤਾਲਾਂ ਇਕਾਈ ਦੇ ਪ੍ਰਧਾਨ ਪ੍ਰਗਟ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਅਤੇ ਇਲਾਕੇ ਦੀਆਂ ਮਾਵਾਂ-ਭੈਣਾਂ ਹਾਜ਼ਰ ਸਨ।

ਪ੍ਰਵਾਸੀਆਂ ਨੂੰ ਵੱਡੇ ਪੱਧਰ 'ਤੇ Deport ਕਰਨ ਦੀ ਤਿਆਰੀ 'ਚ US

ਵਾਸ਼ਿੰਗਟਨ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

US 'ਚ ਮੱਧਕਾਲੀ ਚੋਣਾਂ ਤੋਂ ਬਾਅਦ ਰਾਸ਼ਟਰਪਤੀ Donald Trump ਪ੍ਰਸ਼ਾਸ਼ਨ ਦੀਆਂ ਇਮੀਗ੍ਰੇਸ਼ਨ ਨੀਤੀਆਂ, ਗ਼ੈਰ-ਕਾਨੂੰਨੀ ਪ੍ਰਵਾਸੀਆਂ ਨੂੰ ਦੇਸ਼ ਨਿਕਾਲਾ ਦੇਣ ਅਤੇ ਵਿਦੇਸ਼ੀ ਵਿਦਿਆਰਥੀਆਂ ਦੀ ਸੁਰੱਖਿਆ ਨੂੰ ਲੈ ਕੇ ਵਿਰੋਧ ਦੀਆਂ ਆਵਾਜ਼ਾਂ ਤੇਜ਼ ਹੋਣ ਲੱਗੀਆਂ ਹਨ। ਬੌਸਟਨ ਦੀ ਨੌਰਥ ਈਸਟਰਨ ਯੂਨੀਵਰਸਿਟੀ 'ਚ ਆਯੋਜਿਤ ਇੱਕ ਟਾਊਨਹਾਲ ਮੀਟਿੰਗ 'ਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਇਮੀਗ੍ਰੇਸ਼ਨ ਐਂਡ ਕਸਟਮਜ਼ ਐਨਫ਼ੋਰਸਮੈਂਟ ਦੀ ਕਾਰਵਾਈ 'ਤੇ ਸਵਾਲ ਉਠਾਉਂਦਿਆਂ ਇਸ ਨੂੰ ਖ਼ਤਮ ਕਰਨ ਅਤੇ ਇਮੀਗ੍ਰੇਸ਼ਨ ਪ੍ਰਣਾਲੀ 'ਚ ਵਿਆਪਕ ਸੁਧਾਰਾਂ ਦੀ ਮੰਗ ਕੀਤੀ। ਵਿਦਿਆਰਥੀਆਂ ਨੇ ਖ਼ਦਸ਼ਾ ਪ੍ਰਗਟਾਇਆ ਕਿ ਵੀਜ਼ਾ ਰੱਦ ਹੋਣ ਅਤੇ ਦੇਸ਼ ਨਿਕਾਲੇ ਦੀ ਕਾਰਵਾਈ ਦੇ ਡਰੋਂ ਅੰਤਰ-ਰਾਸ਼ਟਰੀ ਵਿਦਿਆਰਥੀ ਕੈਂਪਸ ਦੀਆਂ ਗਤੀਵਿਧੀਆਂ 'ਚ ਵੀ ਹਿੱਸਾ ਲੈਣ ਤੋਂ ਝਿਜਕ ਰਹੇ ਹਨ।

ICE ਅਤੇ ਹੋਮਲੈਂਡ ਸੈਕਿਓਰਟੀ 'ਤੇ ਨਿਸ਼ਾਨਾ: ਇੱਕ ਰਿਪੋਰਟ ਦੇ ਅਨੁਸਾਰ ਬੀਤੇ ਹਫ਼ਤੇ ਯੂਨੀਵਰਸਿਟੀ ਦੇ ਯੰਗ ਡੈਮੋਕ੍ਰੇਟਿਕ ਸੋਸ਼ਲਿਸਟਸ ਔਫ਼ ਅਮੈਰਿਕਾ ਨੇ ਇਸ ਮੀਟਿੰਗ ਦਾ ਆਯੋਜਨ ਕੀਤਾ ਸੀ ਜਿਸ 'ਚ ਲਗਭਗ 20 ਵਿਦਿਆਰਥੀ ਸ਼ਾਮਿਲ ਹੋਏ। ਮੀਟਿੰਗ 'ਚ ਯੂਨੀਵਰਸਿਟੀ ਦੇ ਪ੍ਰੋਫ਼ੈਸਰ ਅਮੈਰਿਟਸ ਮਾਰਟਿਨ ਬਲੌਂਟ ਅਤੇ ਸਕੂਲ ਔਫ਼ ਲਾਅ ਦੀ ਪ੍ਰੋਫ਼ੈਸਰ ਰੇਚਲ ਰੋਜ਼ਨਬਲੂਮ ਨੇ ਇਮੀਗ੍ਰੇਸ਼ਨ ਨੀਤੀਆਂ 'ਤੇ ਚਰਚਾ ਕੀਤੀ। ਬਲੌਂਟ ਨੇ ICE ਦੇ ਨਾਲ-ਨਾਲ ਇਸ ਦੀ ਮੂਲ ਏਜੰਸੀ ਡਿਪਾਰਟਮੈਂਟ ਔਫ਼ ਹੋਮਲੈਂਡ ਸੈਕਿਓਰਿਟੀ ਨੂੰ ਵੀ ਖ਼ਤਮ ਕਰਨ ਦੀ ਮੰਗ ਕੀਤੀ। ਦੂਜੇ ਪਾਸੇ ਰੋਜ਼ਨਬਲੂਮ ਨੇ ਕਿਹਾ ਕਿ ਸਮੱਸਿਆ ਸਿਰਫ਼ ICE ਤਕ ਹੀ ਸੀਮਿਤ ਨਹੀਂ ਸਗੋਂ ਪੂਰੀ ਇਮੀਗ੍ਰੇਸ਼ਨ ਪ੍ਰਣਾਲੀ 'ਚ ਬਦਲਾਅ ਦੀ ਲੋੜ ਹੈ।

: ਮੀਟਿੰਗ 'ਚ ਵਿਦਿਆਰਥੀਆਂ ਨੇ ਸਵਾਲ ਉਠਾਇਆ ਕਿ ICE ਦੀ ਕਾਰਵਾਈ ਦੌਰਾਨ US ਨਾਗਰਿਕਾਂ ਨੂੰ ਵੀ ਗ੍ਰਿਫ਼ਤਾਰ ਕੀਤੇ ਜਾਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ। ਰੋਜ਼ਨਬਲੂਮ ਨੇ ਸਪੱਸ਼ਟ ਕੀਤਾ ਕਿ ICE ਅਤੇ ਇਮੀਗ੍ਰੇਸ਼ਨ ਅਦਾਲਤਾਂ ਕੋਲ US ਨਾਗਰਿਕਾਂ ਖ਼ਿਲਾਫ਼ ਕਾਰਵਾਈ ਦਾ ਅਧਿਕਾਰ ਨਹੀਂ, ਪਰ ਇਸ ਦੇ ਬਾਵਜੂਦ ਨਾਗਰਿਕਾਂ ਦੀ ਗ੍ਰਿਫ਼ਤਾਰੀ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਰਵਾਈਆਂ 'ਚ ਨਸਲੀ ਪੱਖਪਾਤ ਅਤੇ ਮੂਲ ਨਿਵਾਸੀ ਹੋਣ ਦੀ ਭਾਵਨਾ ਹਾਵੀ ਹੁੰਦੀ ਦਿਖਾਈ ਦੇ ਰਹੀ ਹੈ।

ਯੂਨੀਵਰਸਿਟੀ ਦੇ ਸਰਕਾਰੀ ਸਮਝੌਤੇ ਵੀ ਸਵਾਲਾਂ ਦੇ ਘੇਰੇ 'ਚ: ਵਿਦਿਆਰਥੀਆਂ ਨੇ ਹੋਮਲੈਂਡ ਸੈਕਿਓਰਿਟੀ ਵਿਭਾਗ ਨਾਲ ਯੂਨੀਵਰਸਿਟੀ ਦੇ ਦੋ ਸਮਝੌਤਿਆਂ 'ਤੇ ਵੀ ਸਵਾਲ ਉਠਾਏ। ਇਨ੍ਹਾਂ 'ਚੋਂ ਇੱਕ 36 ਮਿਲੀਅਨ ਡਾਲਰ ਦਾ ਸਮਝੌਤਾ ਸਕੂਲਾਂ ਅਤੇ ਮੈਟਰੋ ਸਟੇਸ਼ਨਾਂ ਵਰਗੀਆਂ ਜਨਤਕ ਥਾਵਾਂ ਦੀ ਸੁਰੱਖਿਆ ਲਈ ਡਿਜੀਟਲ ਨਿਗਰਾਨੀ ਪ੍ਰਣਾਲੀ ਵਿਕਸਿਤ ਕਰਨ ਨਾਲ ਜੁੜਿਆ ਹੋਇਆ ਹੈ। ਦੂਜਾ ਧਮਾਕਾਖੇਜ਼ ਸਮੱਗਰੀ ਦੀ ਪਛਾਣ ਕਰਨ ਵਾਲੀ ਤਕਨਾਲੋਜੀ ਵਿਕਸਿਤ ਕਰਨ ਦੇ ਪ੍ਰੋਗਰਾਮ ਨਾਲ ਸਬੰਧਤ ਹੈ। ਵਿਦੇਸ਼ੀ ਵਿਦਿਆਰਥੀਆਂ ਦੀ ਸੁਰੱਖਿਆ ਲਈ ਯੂਨੀਵਰਸਿਟੀ 'ਚ 'ਸੈਂਕਚੁਅਰੀ ਪਾਲਿਸੀ '(ਸੁਰੱਖਿਅਤ ਨੀਤੀ) ਲਾਗੂ ਕਰਨ ਦੀ ਮੰਗ ਵੀ ਉੱਠੀ। ਇਸ ਤੋਂ ਇਲਾਵਾ ਕੈਂਪਸ 'ਚ ਧਰਨੇ-ਪ੍ਰਦਰਸ਼ਨਾਂ 'ਤੇ ਲਾਈਆਂ ਪਾਬੰਦੀਆਂ ਦੀ ਆਲੋਚਨਾ ਕੀਤੀ ਗਈ। ਸਾਲ 2024 'ਚ ਫ਼ਿਲਸਤੀਨ ਸਮਰਥਕ ਪ੍ਰਦਰਸ਼ਨਾਂ ਦੌਰਾਨ 98 ਲੋਕਾਂ ਦੀ ਗ੍ਰਿਫ਼ਤਾਰੀ ਤੋਂ ਬਾਅਦ ਯੂਨੀਵਰਸਿਟੀ ਨੇ ਨਿਯਮ ਸਖ਼ਤ ਕਰ ਦਿੱਤੇ ਸਨ। ਹੁਣ ਪ੍ਰਦਰਸ਼ਨ ਲਈ 7 ਦਿਨ ਪਹਿਲਾਂ ਇਜਾਜ਼ਤ ਲੈਣੀ ਜ਼ਰੂਰੀ ਹੈ ਅਤੇ ਰਾਤ ਭਰ ਪ੍ਰਦਰਸ਼ਨ ਕਰਨ ਜਾਂ ਅਸਥਾਈ ਢਾਂਚੇ ਖੜ੍ਹੇ ਕਰਨ 'ਤੇ ਰੋਕ ਹੈ। ਯੂਨੀਵਰਸਿਟੀ ਪ੍ਰਸ਼ਾਸ਼ਨ ਨੇ ਜਵਾਬ 'ਚ ਕਿਹਾ ਕਿ ਉਹ ਵਿਰੋਧੀ 'ਚਾਰਾਂ ਦੇ ਖੁੱਲ੍ਹੇ ਆਦਾਨ-ਪ੍ਰਦਾਨ ਦਾ ਸਮਰਥਨ ਕਰਦਾ ਹੈ, ਬਸ਼ਰਤੇ ਗੱਲਬਾਤ 'ਚ ਸ਼ਿਸ਼ਟਾਚਾਰ ਅਤੇ ਆਪਸੀ ਸਤਿਕਾਰ ਬਣਿਆ ਰਹੇ।

ਮੈਂ ਪਤਨੀ ਨੂੰ ਧੋਖਾ ਦਿੱਤਾ, Nvidia ਦੇ CEO ਨੇ ਕਬੂਲੀ ਚੀਨੀ ਜਾਸੂਸ ਨਾਲ ਪ੍ਰੇਮ ਸਬੰਧਾਂ ਦੀ ਗੱਲ

ਵਾਸ਼ਿੰਗਟਨ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਰਟੀਫ਼ਿਸ਼ੀਅਲ ਇੰਟੈਲੀਜੈਂਸ (ਏ.ਆਈ.) ਚਿਪ ਬਣਾਉਣ ਵਾਲੀ ਦੁਨੀਆਂ ਦੀ ਦਿੱਗਜ਼ ਕੰਪਨੀ Nvidia ਦੇ ਸੰਸਥਾਪਕ ਅਤੇ CEO ਜੈਨਸਨ ਹੁਆਂਗ ਨੇ ਆਪਣੇ ਕਰਮਚਾਰੀਆਂ ਨੂੰ ਭੇਜੀ ਇੱਕ ਈਮੇਲ 'ਚ ਇੱਕ ਸ਼ੱਕੀ ਚੀਨੀ ਜਾਸੂਸ ਨਾਲ ਪ੍ਰੇਮ ਸਬੰਧ ਹੋਣ ਦੀ ਗੱਲ ਸਵੀਕਾਰ ਕੀਤੀ ਹੈ।

ਇਹ ਖ਼ੁਲਾਸਾ ਉਨ੍ਹਾਂ ਖ਼ਬਰਾਂ ਤੋਂ ਬਾਅਦ ਹੋਇਆ ਹੈ ਜਿਨ੍ਹਾਂ 'ਚ ਦਾਅਵਾ ਕੀਤਾ ਗਿਆ ਸੀ ਕਿ ਹੁਆਂਗ ਕਿਸੇ ਵਿਦੇਸ਼ੀ ਖ਼ੁਫ਼ੀਆ ਏਜੰਸੀ ਦੀ ਸਾਜ਼ਿਸ਼ ਦਾ ਨਿਸ਼ਾਨਾ ਬਣਿਆ ਸੀ। ਇਸ ਖ਼ੁਲਾਸੇ ਤੋਂ ਬਾਅਦ Nvidia ਦੇ ਬੋਰਡ ਔਫ਼ ਡਾਇਰੈਕਟਰਜ਼ ਨੇ ਪੂਰੇ ਮਾਮਲੇ ਦੀ ਸੁਤੰਤਰ ਜਾਂਚ ਸ਼ੁਰੂ ਕਰ ਦਿੱਤੀ ਹੈ।

The New York Times ਦੀ ਰਿਪੋਰਟ ਅਨੁਸਾਰ ਹੁਆਂਗ ਚੀਨ ਦੀ ਇੱਕ ਜਾਸੂਸੀ ਸਾਜ਼ਿਸ਼ ਦਾ ਸ਼ਿਕਾਰ ਹੋਇਆ ਸੀ। ਇਹ ਸਾਜ਼ਿਸ਼ ਐਲਿਸ ਹੁਆਂਗ ਨਾਂ ਦੀ ਇੱਕ ਚੀਨੀ ਕਾਰੋਬਾਰੀ ਮਹਿਲਾ ਵਲੋਂ ਰਚੀ ਗਈ ਸੀ। ਰਿਪੋਰਟ ਮੁਤਾਬਿਕ ਐਲਿਸ ਨੇ ਹੁਆਂਗ ਨਾਲ ਬੇਹੱਦ ਨਜ਼ਦੀਕੀ ਸਬੰਧ ਬਣਾਏ ਅਤੇ Nvidia ਦੀਆਂ ਆਧੁਨਿਕ AI ਚਿਪਸ ਅਤੇ ਖ਼ੁਫ਼ੀਆ ਜਾਣਕਾਰੀਆਂ ਬੀਜਿੰਗ ਤਕ ਪਹੁੰਚਾਈਆਂ।

ਸਿੰਗਾਪੁਰ ਸਥਿਤ ਡੇਟਾ ਸੈਂਟਰ ਕੰਪਨੀ ਮੈਗਾਸਪੀਡ ਦੀ ਸਾਬਕਾ ਚੋਟੀ ਦੀ ਅਧਿਕਾਰੀ ਐਲਿਸ ਹੁਆਂਗ ਨੂੰ ਅਮਰੀਕੀ ਖ਼ੁਫ਼ੀਆ ਏਜੰਸੀਆਂ ਨੇ ਚੀਨ ਦੀ ਖ਼ੁਫ਼ੀਆ ਏਜੰਟ ਵਜੋਂ ਚਿੰਨ੍ਹਿਤ ਕੀਤਾ ਸੀ। ਜੈਨਸਨ ਹੁਆਂਗ ਨੇ ਕੰਪਨੀ ਦੇ ਨਾਂ 'ਤੇ ਇੱਕ ਸੰਦੇਸ਼ ਸਿਰਲੇਖ ਹੇਠ ਭੇਜੀ ਈ-ਮੇਲ 'ਚ ਆਪਣੇ ਪਰਿਵਾਰ ਅਤੇ ਕਰਮਚਾਰੀਆਂ ਤੋਂ ਜਨਤਕ ਤੌਰ 'ਤੇ ਮੁਆਫ਼ੀ ਮੰਗੀ। ਹੁਆਂਗ ਨੇ ਲਿਖਿਆ, "ਮੈਂ ਆਪਣੇ ਪਰਿਵਾਰ ਅਤੇ ਤੁਹਾਡੇ ਸਾਰਿਆਂ ਤੋਂ ਮੁਆਫ਼ੀ ਮੰਗਦਾ ਹਾਂ। ਮੈਂ ਆਪਣੀ ਪਤਨੀ ਨੂੰ ਧੋਖਾ ਦਿੱਤਾ। ਮੇਰੇ ਇਸ ਕਦਮ ਨਾਲ ਮੇਰੀ ਪਤਨੀ ਅਤੇ ਬੱਚਿਆਂ ਨੂੰ ਡੂੰਘੀ ਸੱਟ ਵੱਜੀ ਹੈ। "



ਉਸ ਨੇ ਲਿਖਿਆ ਕਿ ਉਸ ਵਲੋਂ ਕੀਤੇ ਕੰਮਾਂ ਦਾ ਕੋਈ ਬਹਾਨਾ ਨਹੀਂ ਹੋ ਸਕਦਾ, ਅਤੇ ਉਸ ਨੂੰ ਇਸ ਦਾ ਬੇਹੱਦ ਅਫ਼ਸੋਸ ਹੈ। ਉਸ ਨੇ ਕਿਹਾ ਕਿ ਉਹ ਆਪਣੇ ਕੀਤੇ ਅਤੇ ਇਸ ਨਾਲ ਦੂਜਿਆਂ ਨੂੰ ਪਹੁੰਚੇ ਦਰਦ ਦੀ ਪੂਰੀ ਜ਼ਿੰਮੇਵਾਰੀ ਲੈਂਦੈਂ, ਅਤੇ ਹਰ ਤਰ੍ਹਾਂ ਦੀ ਆਲੋਚਨਾ ਸਵੀਕਾਰ ਕਰਦੈ।

ਹੁਆਂਗ ਨੇ ਅੱਗੇ ਕਿਹਾ ਕਿ ਉਹ ਅਮਰੀਕਾ ਦੀ ਰਾਸ਼ਟਰੀ ਸੁਰੱਖਿਆ ਅਤੇ Nvidia ਦੇ ਹਿੱਤਾਂ ਦੀ ਰੱਖਿਆ ਲਈ ਪੂਰੀ ਤਰ੍ਹਾਂ ਸਮਰਪਿਤ ਹੈ। ਉਸ ਨੇ ਕੰਪਨੀ ਦੇ ਬੋਰਡ ਵਲੋਂ ਸ਼ੁਰੂ ਕੀਤੀ ਗਈ ਸੁਤੰਤਰ ਜਾਂਚ 'ਚ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ। ਨਾਲ ਹੀ ਅਪੀਲ ਕੀਤੀ ਕਿ ਉਸ ਦੇ ਨਿੱਜੀ ਫ਼ੈਸਲਿਆਂ ਲਈ ਉਸ ਦੇ ਪਰਿਵਾਰ ਨੂੰ ਪਰੇਸ਼ਾਨ ਨਾ ਕੀਤਾ ਜਾਵੇ ਅਤੇ ਉਸ ਦੀ ਨਿੱਜਤਾ ਦਾ ਸਤਿਕਾਰ ਕੀਤਾ ਜਾਵੇ।

Nvidia ਬੋਰਡ ਨੇ ਬਿਠਾਈ ਸੁਤੰਤਰ ਜਾਂਚ: Nvidia ਦੇ ਬੋਰਡ ਨੇ ਇੱਕ ਅਧਿਕਾਰਤ ਬਿਆਨ ਜਾਰੀ ਕਰ ਕੇ ਸੁਤੰਤਰ ਜਾਂਚ ਸ਼ੁਰੂ ਕਰਨ ਦੀ ਪੁਸ਼ਟੀ ਕੀਤੀ। ਬੋਰਡ ਨੇ ਕਿਹਾ ਕਿ ਫ਼ਿਲਹਾਲ ਅਜਿਹਾ ਕੋਈ ਸੰਕੇਤ ਜਾਂ ਆਧਾਰ ਨਹੀਂ ਮਿਲਿਆ ਜਿਸ ਤੋਂ ਇਹ ਲੱਗੇ ਕਿ ਦੇਸ਼ ਦੀ ਰਾਸ਼ਟਰੀ ਸੁਰੱਖਿਆ ਜਾਂ ਕੰਪਨੀ ਦੀਆਂ ਗੁਪਤ ਤਕਨੀਕੀ ਜਾਣਕਾਰੀਆਂ ਨਾਲ ਕੋਈ ਸਮਝੌਤਾ ਹੋਇਆ ਹੈ। ਇਸ ਦੇ ਬਾਵਜੂਦ ਸਾਰੇ ਉਪਲਬੱਧ ਤੱਥਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ। ਬਾਹਰੀ ਕਾਨੂੰਨੀ ਮਾਹਿਰਾਂ ਦੀ ਮਦਦ ਨਾਲ ਸੁਤੰਤਰ ਡਾਇਰੈਕਟਰਾਂ ਦੀ ਇੱਕ ਕਮੇਟੀ ਇਸ ਜਾਂਚ ਦੀ ਨਿਗਰਾਨੀ ਕਰੇਗੀ। ਬੋਰਡ ਨੇ ਹੁਆਂਗ ਅਤੇ ਉਨ੍ਹਾਂ ਦੀ ਅਗਵਾਈ 'ਤੇ ਆਪਣਾ ਭਰੋਸਾ ਵੀ ਕਾਇਮ ਰੱਖਿਆ ਹੈ।

ਦੂਜੇ ਪਾਸੇ ਇਸ ਪੂਰੇ ਮਾਮਲੇ ਬਾਰੇ ਪੁੱਛੇ ਗਏ ਸਵਾਲ 'ਤੇ US ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਟਿੱਪਣੀ ਕਰਨ ਤੋਂ ਇਨਕਾਰ ਕਰਦਿਆਂ ਇਸ ਨੂੰ ਕੰਪਨੀ ਦਾ ਅੰਦਰੂਨੀ ਕੌਰਪੋਰੇਟ ਮਾਮਲਾ ਦੱਸਿਆ।

ਮੈਗਾਸਪੀਡ ਨਾਲ ਆਮ ਕਾਰੋਬਾਰੀ ਸਬੰਧ ਹੋਣ ਦਾ ਦਾਅਵਾ: ਵਿਵਾਦਾਂ ਦੇ ਕੇਂਦਰ 'ਚ ਆਈ ਕੰਪਨੀ ਮੈਗਾਸਪੀਡ ਪਹਿਲਾਂ ਤੋਂ ਹੀ US ਵਣਜ ਵਿਭਾਗ ਦੀ ਜਾਂਚ ਦੇ ਘੇਰੇ 'ਚ ਰਹੀ ਹੈ। ਜਾਂਚ ਕੀਤੀ ਜਾ ਰਹੀ ਸੀ ਕਿ ਕੀ ਇਹ ਕੰਪਨੀ US ਪਾਬੰਦੀਆਂ ਨੂੰ ਦਰਕਿਨਾਰ ਕਰ ਕੇ ਚੀਨ ਨੂੰ Nvidia ਦੀਆਂ ਚਿਪਸ ਹਾਸਿਲ ਕਰਨ 'ਚ ਮਦਦ ਕਰ ਰਹੀ ਸੀ। ਇਸ ਮੁੱਦੇ 'ਤੇ ਸਫ਼ਾਈ ਦਿੰਦਿਆਂ ਜੈਨਸਨ ਹੁਆਂਗ ਨੇ ਕਿਹਾ ਕਿ ਮੈਗਾਸਪੀਡ ਅਤੇ ਉਸ ਦੇ ਅਧਿਕਾਰੀਆਂ ਨਾਲ Nvidia ਦੇ ਸਬੰਧ ਪੂਰੀ ਤਰ੍ਹਾਂ ਆਮ ਅਤੇ ਪੇਸ਼ੇਵਰ ਸਨ। ਉਨ੍ਹਾਂ ਕਿਹਾ ਕਿ ਕੰਪਨੀ ਨੇ ਆਪਣੀਆਂ GPU ਚਿਪਸ ਦੀ ਸਪਲਾਈ ਅਤੇ ਤਾਇਨਾਤੀ ਦਾ ਪੂਰਾ ਹਿਸਾਬ ਰੱਖਿਆ ਹੈ।

ਵਧੇਰੇ ਦੁੱਧ ਉਤਪਾਦਨ ਅਤੇ ਕਿਸਾਨਾਂ ਦੀ ਖ਼ੁਸ਼ਹਾਲੀ ਲਈ ਵਿਗਿਆਨਕ ਢੰਗ ਨਾਲ ਪਸ਼ੂ ਪ੍ਰਬੰਧਨ ਬੇਹੱਦ ਜ਼ਰੂਰੀ: ਗੁਰਮੀਤ ਸਿੰਘ ਖੁੱਡੀਆਂ

➢ ਵੈਟਰਨਰੀ ਅਫ਼ਸਰਾਂ ਨੂੰ ਬਿਮਾਰੀਆਂ ਦੀ ਰੋਕਥਾਮ, ਵਿਗਿਆਨਕ ਖ਼ੁਰਾਕ ਅਤੇ ਪਸ਼ੂ ਫਾਰਮਾਂ ਦੀ ਸਫ਼ਾਈ ਤੇ ਜੈਵਿਕ ਸੁਰੱਖਿਆ ਨੂੰ ਤਰਜੀਹ ਦੇਣ ਦਾ ਸੱਦਾ ➢ ਸੂਬਾ-ਪੱਧਰੀ ਤਕਨੀਕੀ ਸੈਮੀਨਾਰ ਦੌਰਾਨ ਆਧੁਨਿਕ ਡੇਅਰੀ ਫਾਰਮਿੰਗ, ਬਿਮਾਰੀਆਂ ਦੀ ਰੋਕਥਾਮ ਅਤੇ ਪ੍ਰਜਨਣ ਸਮਰੱਥਾ 'ਤੇ ਜ਼ੋਰ

ਚੰਡੀਗੜ੍ਹ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੀ ਡੇਅਰੀ ਆਰਥਿਕਤਾ ਨੂੰ ਹੋਰ ਮਜ਼ਬੂਤ ਕਰਨ ਅਤੇ ਪਸ਼ੂਆਂ ਦੇ ਵਿਗਿਆਨਕ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ ਪਸ਼ੂ ਪਾਲਣ ਵਿਭਾਗ ਵੱਲੋਂ ਇੱਥੇ ਕਿਸਾਨ ਭਵਨ ਵਿਖੇ ਵੈਟਰਨਰੀ ਅਫ਼ਸਰਾਂ ਲਈ ਰਾਜ-ਪੱਧਰੀ ਤਕਨੀਕੀ ਸੈਮੀਨਾਰ ਕਰਵਾਇਆ ਗਿਆ। ÷ਆਧੁਨਿਕ ਪਸ਼ੂ-ਪਾਲਣ ਪ੍ਰਬੰਧਨ: ਪੋਸ਼ਣ, ਬਿਮਾਰੀਆਂ ਦੀ ਰੋਕਥਾਮ, ਪ੍ਰਜਨਣ ਅਤੇ ਫਾਰਮਾਂ ਦੀ ਸਫਾਈ÷ ਵਿਸ਼ੇ ਹੇਠ ਕਰਵਾਏ ਗਏ ਇਸ ਸੈਮੀਨਾਰ ਦੀ ਪ੍ਰਧਾਨਗੀ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕੀਤੀ।



ਸੈਮੀਨਾਰ ਨੂੰ ਸੰਬੋਧਨ ਕਰਦਿਆਂ ਸ. ਖੁੱਡੀਆਂ ਨੇ ਵੈਟਰਨਰੀ ਅਫ਼ਸਰਾਂ ਨੂੰ ਰਵਾਇਤੀ ਇਲਾਜ ਪ੍ਰਣਾਲੀ ਤੋਂ ਅੱਗੇ ਵਧਦਿਆਂ ਪਸ਼ੂਆਂ ਦੀ ਸਿਹਤ ਸੰਭਾਲ ਪ੍ਰਤੀ ਸਰਗਰਮ ਅਤੇ ਰੋਕਥਾਮ ਆਧਾਰਤ ਪਹੁੰਚ ਅਪਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਵੈਟਰਨਰੀ ਅਫਸਰ ਵਿਗਿਆਨਕ ਤਰੱਕੀ ਅਤੇ ਪੇਂਡੂ ਖੁਸ਼ਹਾਲੀ ਵਿਚਕਾਰ ਇੱਕ ਅਹਿਮ ਕੜੀ ਵਜੋਂ ਕੰਮ ਕਰਦੇ ਹਨ ਅਤੇ ਆਧੁਨਿਕ ਵੈਟਰਨਰੀ ਜਾਣਕਾਰੀ ਰਾਹੀਂ ਡੇਅਰੀ ਕਿਸਾਨਾਂ ਨੂੰ ਲਾਭ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਸਾਨਾਂ ਨੂੰ ਵਿਗਿਆਨਕ ਤੌਰ 'ਤੇ ਸੰਤੁਲਿਤ ਖੁਰਾਕਾਂ, ਸੁਧਰੀ ਜੈਨੇਟਿਕ ਸਮਰੱਥਾ, ਕੁਸ਼ਲ ਪ੍ਰਜਨਨ ਪ੍ਰਬੰਧਨ, ਫਾਰਮ ਦੀ ਸੁਚੱਜੀ ਸਫਾਈ ਅਤੇ ਵਿਆਪਕ ਟੀਕਾਕਰਨ ਕਵਰੇਜ ਵੱਲ ਸੇਧ ਦੇਣ ਲਈ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਪਸ਼ੂਆਂ ਦੀ ਸਿਹਤ ਦੀ ਸੁਰੱਖਿਆ, ਦੁੱਧ ਉਤਪਾਦਕਤਾ ਵਿੱਚ ਸੁਧਾਰ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਲਈ ਸਮੇਂ ਸਿਰ ਰੋਕਥਾਮ ਸਿਹਤ ਸੰਭਾਲ ਅਤੇ ਬਿਹਤਰ ਪਸ਼ੂ ਪ੍ਰਬੰਧਨ ਅਭਿਆਸ ਜ਼ਰੂਰੀ ਹਨ।

ਪਸ਼ੂ ਪਾਲਣ ਮੰਤਰੀ ਨੇ ਵੈਟਰਨਰੀ ਸੇਵਾਵਾਂ ਨੂੰ ਮਜ਼ਬੂਤ ਕਰਨ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਜ਼ਮੀਨੀ ਪੱਧਰ 'ਤੇ ਕੁਸ਼ਲ ਸੇਵਾਵਾਂ ਪ੍ਰਦਾਨ ਕਰਨ, 'ਰਾਸ਼ਟਰੀ ਪਸ਼ੂ ਰੋਗ ਕੰਟਰੋਲ ਪ੍ਰੋਗਰਾਮ' (ਐਨਏਡੀਸੀਪੀ) ਤਹਿਤ ਸਖ਼ਤ 'ਸੇਰੋ-ਮਾਨੀਟਰਿੰਗ' ਪ੍ਰੋਟੋਕੋਲ ਲਾਗੂ ਕਰਨ ਅਤੇ ਲੈਬ ਖੋਜਾਂ ਨੂੰ ਫਾਰਮ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਤਕਨੀਕੀ ਸੈਸ਼ਨਾਂ ਵਿੱਚ ਡੇਅਰੀ ਪਸ਼ੂ ਪ੍ਰਬੰਧਨ ਦੇ ਮੁੱਖ ਪਹਿਲੂਆਂ 'ਤੇ ਉੱਘੇ ਵੈਟਰਨਰੀ ਮਾਹਿਰਾਂ ਦੁਆਰਾ ਵਿਸਤ੍ਰਿਤ ਵਿਚਾਰ-ਵਟਾਂਦਰਾ ਕੀਤਾ ਗਿਆ। ਡਾ. ਜੀਵਨ ਗੁਪਤਾ ਨੇ ਡੇਅਰੀ ਫਾਰਮਾਂ ਦੀ ਲੰਬੇ ਸਮੇਂ ਦੀ ਸਥਿਰਤਾ ਅਤੇ ਮੁਨਾਫੇ ਨੂੰ ਯਕੀਨੀ ਬਣਾਉਣ ਲਈ ਪ੍ਰਭਾਵਸ਼ਾਲੀ ਲਾਗਤ ਪ੍ਰਬੰਧਨ ਅਤੇ ਪਸ਼ੂਆਂ ਨੂੰ ਬਿਮਾਰੀਆਂ ਤੋਂ ਬਚਾਉਣ ਦੀ ਮਹੱਤਤਾ ਨੂੰ ਉਜਾਗਰ ਕੀਤਾ। ਅਕਸਰ ਨਜ਼ਰਅੰਦਾਜ਼ ਕੀਤੀਆਂ ਚਿੰਤਾਵਾਂ ਜਿਵੇਂ ਕਿ ਸਬ-ਕਲੀਨਿਕਲ ਅਨੀਮੀਆ, ਰੁਮਿਨਲ ਪੀਐਚ ਵਿੱਚ ਉਤਰਾਅ-ਚੜ੍ਹਾਅ ਅਤੇ ਫੀਡ ਅਤੇ ਪਾਣੀ ਵਿੱਚ ਮਾਈਕੋਟੌਕਸਿਨ ਪ੍ਰਦੂਸ਼ਣ ਵੱਲ ਧਿਆਨ ਦਿੰਦਿਆਂ, ਉਨ੍ਹਾਂ ਸਿਹਤ ਸਬੰਧੀ ਮੁੱਦਿਆਂ ਦਾ ਸ਼ੁਰੂਆਤ ਵਿੱਚ ਹੀ ਪਤਾ ਲਗਾਉਣ ਲਈ ਸਮੇਂ-ਸਮੇਂ 'ਤੇ ਹੀਮੋਗਲੋਬਿਨ (ਐਚਬੀ) ਪ੍ਰੋਫਾਈਲਿੰਗ ਦੀ ਸਿਫਾਰਸ਼ ਕੀਤੀ। ਉਨ੍ਹਾਂ ਟਿੱਕ ਵੈਕਟਰਾਂ ਨੂੰ ਕੰਟਰੋਲ ਕਰਨ ਅਤੇ ਹੀਮੋਪ੍ਰੋਟੋਜੋਆਨ ਬਿਮਾਰੀਆਂ ਨੂੰ ਰੋਕਣ ਲਈ ਫਲੇਮ ਗਨ ਦੁਆਰਾ ਥਰਮਲ ਰੋਗਾਣੂ-ਮੁਕਤ ਕਰਨ ਸਮੇਤ ਪ੍ਰਭਾਵਸ਼ਾਲੀ ਟਿੱਕ-ਕੰਟਰੋਲ ਉਪਾਵਾਂ 'ਤੇ ਵੀ ਜ਼ੋਰ ਦਿੱਤਾ।

ਡਾ. ਰਵਿੰਦਰ ਗਰੇਵਾਲ ਨੇ ਰੁਮੀਨੈਂਟ ਪੋਸ਼ਣ 'ਤੇ ਬੋਲਦਿਆਂ ਕਿਹਾ ਕਿ ਵੱਧ ਉਤਪਾਦਕਤਾ ਵਾਲੇ ਪਸ਼ੂਆਂ ਦੀ ਜੈਨੇਟਿਕ ਸੰਭਾਵਨਾ ਦਾ ਵਿਗਿਆਨਕ ਤੌਰ 'ਤੇ ਤਿਆਰ ਕੀਤੇ ਅਤੇ ਪੜਾਅ-ਵਿਸ਼ੇਸ਼ ਪੋਸ਼ਣ ਰਾਹੀਂ ਹੀ ਪੂਰੀ ਤਰ੍ਹਾਂ ਪਤਾ ਲਗਾਇਆ ਜਾ ਸਕਦਾ ਹੈ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਵੱਛੇ ਅਤੇ ਵੱਛੀ ਪਾਲਣ ਦੌਰਾਨ ਪੋਸ਼ਣ ਸਬੰਧੀ ਕਮੀਆਂ ਭਵਿੱਖ ਵਿੱਚ ਦੁੱਧ ਚੁੰਘਾਉਣ ਦੀ ਕਾਰਗੁਜ਼ਾਰੀ 'ਤੇ ਮਾੜਾ ਪ੍ਰਭਾਵ ਪਾ ਸਕਦੀਆਂ ਹਨ। ਵੱਛੇ ਦੇ ਜਨਮ ਤੋਂ ਤਿੰਨ ਹਫ਼ਤੇ ਪਹਿਲਾਂ ਅਤੇ ਤਿੰਨ ਹਫ਼ਤੇ ਬਾਅਦ ਛੇ-ਹਫ਼ਤਿਆਂ ਦੇ ਮਹੱਤਵਪੂਰਨ ਸਮੇਂ ਨੂੰ ਉਜਾਗਰ ਕਰਦਿਆਂ, ਉਨ੍ਹਾਂ ਨੇ ਕੀਟੋਸਿਸ, ਫੈਟੀ ਲਿਵਰ ਸਿੰਡਰੋਮ ਅਤੇ ਹਾਈਪੋਕੈਲਸੀਮੀਆ ਵਰਗੇ ਪਾਚਕ ਵਿਕਾਰਾਂ ਨੂੰ ਘੱਟ ਕਰਨ ਲਈ ਅਨੁਸ਼ਾਸਿਤ ਪੋਸ਼ਣ ਪ੍ਰਬੰਧਨ 'ਤੇ ਜ਼ੋਰ ਦਿੱਤਾ।

ਪ੍ਰਜਨਨ ਕੁਸ਼ਲਤਾ ਅਤੇ ਪਸ਼ੂ ਉਤਪਾਦਕਤਾ 'ਤੇ ਵਿਚਾਰ ਕਰਦਿਆਂ, ਡਾ. ਕਰਨਬੀਰ ਸਿੰਘ ਭਿੰਡਰ ਨੇ ਪ੍ਰਜਨਨ ਕਾਰਜਕੁਸ਼ਲਤਾ ਅਤੇ ਡੇਅਰੀ ਫਾਰਮਾਂ ਦੀ ਆਰਥਿਕ ਵਿਹਾਰਕਤਾ ਵਿਚਕਾਰ ਸਬੰਧਾਂ ਨੂੰ ਉਜਾਗਰ ਕੀਤਾ। ਉਨ੍ਹਾਂ ਯੂਟਰਿਨ ਵਿਕਾਰ ਦੇ ਪ੍ਰਬੰਧਨ, ਗਰਭ ਧਾਰਨ ਦੀ ਦਰ ਵਿੱਚ ਸੁਧਾਰ ਕਰਨ ਅਤੇ ਵੱਛੇ ਤੋਂ ਗਰਭ ਅਵਸਥਾ ਦੇ ਅੰਤਰਾਲ ਨੂੰ ਘਟਾਉਣ ਲਈ ਸਮੇਂ ਸਿਰ ਪੋਸਟਪਾਰਟਮ ਜਾਂਚ ਅਤੇ ਸ਼ੁਰੂਆਤੀ ਡਾਇਗਨੌਸਟਿਕ ਦਖਲ ਦੀ ਵਕਾਲਤ ਕੀਤੀ। ਉਨ੍ਹਾਂ ਦੱਸਿਆ ਕਿ ਪ੍ਰਤੀ ਸਾਲ ਪ੍ਰਤੀ ਗਾਂ ਪ੍ਰਤੀ ਇੱਕ ਵੱਛੇ ਦੇ ਉਤਪਾਦਕਤਾ ਟੀਚੇ ਨੂੰ ਪ੍ਰਾਪਤ ਕਰਨ ਲਈ ਕੁਸ਼ਲ ਪ੍ਰਜਨਨ ਪ੍ਰਬੰਧਨ ਜ਼ਰੂਰੀ ਹੈ। ਡਾ. ਹਰਸ਼ਿਤ ਸੇਠੀ ਨੇ ਰਾਸ਼ਟਰੀ ਰੋਗ ਕੰਟਰੋਲ ਪ੍ਰੋਗਰਾਮ (ਐਨਡੀਸੀਪੀ) ਅਧੀਨ ਪਸ਼ੂਆਂ ਦੇ ਟੀਕਾਕਰਨ ਦੇ ਮਿਆਰਾਂ 'ਤੇ ਚਰਚਾ ਕੀਤੀ, ਵਿਸ਼ੇਸ਼ ਤੌਰ 'ਤੇ ਮੂੰਹ-ਖੁਰ ਦੀ ਬਿਮਾਰੀ (ਐਫਐਮਡੀ) ਲਈ ਟੀਕਾਕਰਨ ਅਤੇ ਸੇਰੋਮੋਨੀਟਰਿੰਗ ਲਈ ਮਿਆਰੀ ਸੰਚਾਲਨ ਪ੍ਰਕਿਰਿਆਵਾਂ 'ਤੇ ਧਿਆਨ ਕੇਂਦ੍ਰਤ ਕੀਤਾ। ਉਨ੍ਹਾਂ ਫੀਲਡ ਵਾਇਰਸ ਗਤੀਵਿਧੀ ਦੀ ਨਿਗਰਾਨੀ ਵਿੱਚ ਡੀਆਈਵੀਏ ਡਾਇਗਨੌਸਟਿਕਸ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਅਤੇ ਐਫਐਮਡੀ ਐਸਏਟੀ-1 ਸੇਰੋਟਾਈਪ ਸਮੇਤ ਵਾਇਰਲ ਸਟਰੇਨ ਦੇ ਸੰਭਾਵੀ ਤੌਰ 'ਤੇ ਪਸ਼ੂਆਂ ਵਿੱਚ ਦਾਖਲ ਹੋਣ ਵਿਰੁੱਧ ਵਧੇਰੇ ਚੌਕਸੀ ਦੀ ਮੰਗ ਕੀਤੀ। ਉਨ੍ਹਾਂ ਨੇ ਬੀਮਾਰੀਆਂ ਦੇ ਪ੍ਰਸਾਰ ਦੇ ਖ਼ਤਰੇ ਨੂੰ ਘੱਟ ਤੋਂ ਘੱਟ ਕਰਨ ਲਈ ਫਾਰਮ ਪੱਧਰ 'ਤੇ ਜੈਵਿਕ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

ਪਸ਼ੂ ਪਾਲਣ ਵਿਭਾਗ ਨੇ ਕਿਸਾਨਾਂ ਨੂੰ ਸੁਚੱਜਾ ਫਾਰਮ ਰਿਕਾਰਡ ਕਾਇਮ ਰੱਖਣ, ਪੜਾਅ-ਵਿਸ਼ੇਸ਼ ਪੋਸ਼ਣ ਸੰਤੁਲਨ ਅਪਣਾਉਣ ਅਤੇ ਡੇਅਰੀ ਕਲੱਸਟਰਾਂ ਵਿੱਚ 100 ਫੀਸਦ ਟੀਕਾਕਰਨ ਕਵਰੇਜ ਵੱਲ ਕੰਮ ਕਰਨ ਲਈ ਉਤਸ਼ਾਹਿਤ ਕਰਕੇ ਵਿਗਿਆਨਕ ਢੰਗ ਨਾਲ ਪਸ਼ੂ ਪਾਲਣ ਪ੍ਰਬੰਧਨ ਅਮਲਾਂ ਨੂੰ ਤੇਜ਼ ਕਰਨ ਦਾ ਸੰਕਲਪ ਲਿਆ। ਭਾਗ ਲੈਣ ਵਾਲੇ ਵੈਟਰਨਰੀ ਅਫਸਰਾਂ ਨੂੰ ਵੀ ਤਾਕੀਦ ਕੀਤੀ ਗਈ ਕਿ ਉਹ ਬਿਮਾਰੀ ਦੀ ਨਿਗਰਾਨੀ ਨੂੰ ਮਜ਼ਬੂਤ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਵਿਗਿਆਨਕ ਸਿਫ਼ਾਰਸ਼ਾਂ ਜ਼ਮੀਨੀ ਪੱਧਰ 'ਤੇ ਕਿਸਾਨਾਂ ਤੱਕ ਪਹੁੰਚ ਸਕਣ। ਸੈਮੀਨਾਰ ਦੇ ਅੰਤ ਵਿੱਚ ਪ੍ਰਬੰਧਕੀ ਲੀਡਰਸ਼ਿਪ ਅਤੇ ਵੈਟਰਨਰੀ ਅਫਸਰਾਂ ਵੱਲੋਂ ਪਸ਼ੂਆਂ ਦੀ ਸਿਹਤ ਸੰਭਾਲ ਵਿੱਚ ਤੇਜ਼ੀ ਲਿਆਉਣ, ਫੀਲਡ ਪੱਧਰੀ ਬਿਮਾਰੀਆਂ ਦੀ ਨਿਗਰਾਨੀ ਵਿੱਚ ਸੁਧਾਰ ਕਰਨ ਅਤੇ ਬਿਹਤਰ ਪਸ਼ੂ ਭਲਾਈ, ਵਧੇਰੇ ਦੁੱਧ ਉਤਪਾਦਕਤਾ ਅਤੇ ਪੰਜਾਬ ਦੇ ਡੇਅਰੀ ਸੈਕਟਰ ਦੀ ਆਰਥਿਕ ਸਥਿਰਤਾ ਲਈ ਆਧੁਨਿਕ ਡੇਅਰੀ ਫਾਰਮਿੰਗ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਲਈ ਸਮੂਹਿਕ ਵਚਨਬੱਧਤਾ ਪ੍ਰਗਟਾਈ।

ਗੁਰਮੀਤ ਖੁੱਡੀਆਂ ਨੇ ਪਸ਼ੂ ਪਾਲਣ ਵਿਭਾਗ ਵਿੱਚ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ

ਇਸੇ ਦੌਰਾਨ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਪਸ਼ੂ ਪਾਲਣ ਵਿਭਾਗ ਵਿੱਚ ਦੋ ਕਲਰਕਾਂ ਅਤੇ ਇੱਕ ਦਰਜਾ ਚਾਰ ਕਰਮਚਾਰੀ ਨੂੰ ਨਿਯੁਕਤੀ ਪੱਤਰ ਸੌਂਪੇ।

ਸ. ਖੁੱਡੀਆਂ ਨੇ ਨਵ-ਨਿਯੁਕਤ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਬਿਨਾਂ ਕਿਸੇ ਸਿਫ਼ਾਰਿਸ਼ ਜਾਂ ਪੱਖਪਾਤ ਦੇ ਨਿਰੋਲ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦੇਣ ਲਈ ਵਚਨਬੱਧ ਹੈ। ਉਨ੍ਹਾਂ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਪੰਜਾਬ ਦੇ ਲੋਕਾਂ ਦੀ ਇਮਾਨਦਾਰੀ ਅਤੇ ਪੂਰੀ ਲਗਨ ਨਾਲ ਸੇਵਾ ਕਰਨ ਅਤੇ 'ਰੰਗਲਾ ਪੰਜਾਬ' ਸਿਰਜਣ ਦੇ ਮਿਸ਼ਨ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਸ਼ੈਰੀ ਕਲਸੀ ਦੀ ਅਗਵਾਈ ਵਿੱਚ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਹੋਏ ਸ਼ਾਮਿਲ



ਬਟਾਲਾ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀਆਂ ਵਿਕਾਸ ਅਤੇ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਵਾਰਡ ਨੰਬਰ 20 ਵਿਚੋਂ ਕਾਂਗਰਸ ਪਾਰਟੀ ਦੇ ਵੱਖ-ਵੱਖ ਪਰਿਵਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਹਨ।

ਮਾਸਟਰ ਕੁਲਵੰਤ ਸਿੰਘ ਦੇ ਯਤਨਾਂ ਸਦਕਾ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਪਰਿਵਾਰਾਂ ਦਾ ਸਵਾਗਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਲੋਕਾਂ ਦਾ ਵਧਦਾ ਪਿਆਰ ਅਤੇ ਵਿਸ਼ਵਾਸ ਬਟਾਲਾ ਵਿੱਚ ਆਮ ਆਦਮੀ ਪਾਰਟੀ ਦੀ ਲੋਕਪੱਖੀ ਨੀਤੀਆਂ ਅਤੇ ਸਰਬਪੱਖੀ ਵਿਕਾਸ ਕਾਰਜਾਂ ਦੀ ਗਵਾਹੀ ਭਰਦਾ ਹੈ, ਜਿਸ ਸਦਕਾ ਆਪ ਪਰਿਵਾਰ ਦਾ ਕਾਫਲਾ ਦਿਨੋ ਦਿਨ ਵੱਧ ਰਿਹਾ ਹੈ।

ਗੱਲਬਾਤ ਦੌਰਾਨ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਕਰੀਬ ਸਾਢੇ ਚਾਰ ਸਾਲਾਂ ਦੇ ਅੰਦਰ ਬਟਾਲਾ ਸ਼ਹਿਰ ਸਮੇਤ ਸਮੁੱਚੇ ਹਲਕੇ ਵਿੱਚ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਕਰਵਾਏ ਗਏ ਹਨ।

ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਬਟਾਲਾ ਵਿੱਚ ਖੁੱਲ੍ਹੀਆਂ ਤੇ ਨਵੀਆਂ ਸੜਕਾਂ, ਪੱਕੀਆਂ ਗਲੀਆਂ, ਸੁੰਦਰ ਅਤੇ ਖੁੱਲ੍ਹੇ ਚੌਂਕ, ਸੀ.ਸੀ.ਟੀ.ਵੀ ਕੈਮਰੇ, ਸੁੰਦਰ ਐਂਟਰੀ ਗੇਟ, ਟ੍ਰੈਫਿਕ ਲਾਈਟਾਂ, ਸਟ੍ਰੀਟ ਲਾਈਟਾਂ ਅਤੇ ਹਾਈ-ਮਾਸਟ ਲਾਈਟਾਂ, ਮੁਫ਼ਤ ਮੈਡੀਕਲ ਸਹੂਲਤ ਲਈ ਪਿੰਡਾਂ ਅਤੇ ਸ਼ਹਿਰਾਂ ਵਿੱਚ ਬਣੇ ਮੁਹੱਲਾ ਕਲੀਨਿਕ ਸਫਲਤਾਪੂਰਵਕ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਟ੍ਰੈਫਿਕ ਦੀ ਸਮੱਸਿਆ ਨੂੰ ਦੇਖਦੇ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਇੱਕ ਥਾਂ 'ਤੇ ਹੀ ਪੂਰਾ ਕਰਨ ਲਈ ਤੰਗ ਜਗ੍ਹਾ ਤੋਂ ਬਾਹਰ ਕੱਢ ਕੇ ਬਣਾਈ ਨਵੀਂ ਤਹਿਸੀਲ ਬਣਾਈ ਗਈ, ਨਾਲ ਹੀ ਬਣ ਰਿਹਾ ਨਵਾਂ ਐੱਸ ਐੱਸ ਪੀ ਦਫ਼ਤਰ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ।

ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਸੇ ਤਰ੍ਹਾਂ ਪਿੰਡਾਂ ਵਿੱਚ ਪੱਕੀਆਂ ਸੜਕਾਂ, ਪੱਕੇ ਸੂਏ, ਨੌਜਵਾਨਾਂ ਲਈ ਵਧੀਆ ਖੇਡ ਮੈਦਾਨ, ਨਵੇਂ ਜਿੰਮ ਅਤੇ ਖੇਡਾਂ ਨਾਲ ਜੁੜੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵਲੋਂ ਹਰ ਵਰਗ ਦੀ ਭਲਾਈ ਲਈ ਲੋਕਪੱਖੀ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ। ਹਰ ਵਰਗ ਨੂੰ 600 ਯੂਨਿਟ ਮੁਫ਼ਤ ਬਿਜਲੀ, ਮਹਿਲਾਵਾਂ ਨੂੰ 1000-1500 ਰੁਪਏ ਮਹੀਨਾਵਾਰ ਸਹਾਇਤਾ,ਸਿੱਖਿਆ ਦੇ ਖੇਤਰ ਵਿੱਚ ਸੁਧਾਰ,ਸਕੂਲ ਆਫ਼ ਐਮੀਨੈਂਸ ਅਤੇ 10 ਲੱਖ ਦੇ ਮੈਡੀਕਲ ਕਾਰਡ ਵਰਗੀਆਂ ਸਰਕਾਰੀ ਸਹੂਲਤਾਂ, ਸ਼ਰਧਾਲੂਆਂ ਲਈ ਮੁਫ਼ਤ ਤੀਰਥ ਯਾਤਰਾ ਬੱਸਾਂ ਵੀ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜੀਆਂ ਹਨ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ।

5 ਪਿੰਡਾਂ ਨੂੰ ਸਟੀਲ ਟੈਂਕਰ ਕਮ ਫਾਇਰ ਬ੍ਰਿਗੇਡ ਪੰਪ ਮੁਹੱਈਆ ਕਰਵਾਏ



ਫ਼ਤਹਿਗੜ੍ਹ ਸਾਹਿਬ, 14 ਨਵੰਬਰ
-ਜੀ. ਐਸ. ਰੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਪਿੰਡਾਂ ਵਿੱਚ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਮੁੱਖ ਰੱਖਦਿਆਂ ਪੰਜ ਪਿੰਡਾਂ ਹਿੰਦੂਪੁਰ, ਰਜਿੰਦਰਗੜ੍ਹ, ਈਸਰਹੇਲ, ਰਾਮਪੁਰ ਨੌ ਆਬਾਦ ਅਤੇ ਖਰੌੜਾ ਨੂੰ ਸਟੀਲ ਟੈਂਕਰ ਕਮ ਫਾਇਰ ਬ੍ਰਿਗੇਡ ਪੰਪ ਮੁਹੱਈਆ ਕਰਵਾਏ ਗਏ ਹਨ। ਇਨ੍ਹਾਂ ਟੈਂਕਰਾਂ ਦੀ ਮਿਆਦ 10 ਸਾਲ ਹੈ ਅਤੇ ਐਮਰਜੈਂਸੀ ਦੀ ਸਥਿਤੀ ਵਿੱਚ ਇਹ ਅੱਗ ਬੁਝਾਉਣ ਵਾਲੀ ਫਾਇਰ ਬ੍ਰਿਗੇਡ ਗੱਡੀ ਵਜੋਂ ਕੰਮ ਕਰਨਗੇ।

ਇਸ ਮੌਕੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਪਿੰਡਾਂ ਦਾ ਸਰਬਪੱਖੀ ਵਿਕਾਸ ਕਰਨ ਦੇ ਨਾਲ-ਨਾਲ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਅਤੇ ਸੁਰੱਖਿਆ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਅੱਗ ਲੱਗਣ ਵਰਗੀਆਂ ਅਣਸੁਖਾਵੀਆਂ ਘਟਨਾਵਾਂ ਸਮੇਂ ਇਹ ਟੈਂਕਰ ਬੇਹੱਦ ਲਾਹੇਵੰਦ ਸਾਬਤ ਹੋਣਗੇ ਅਤੇ ਪਿੰਡ ਵਾਸੀਆਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨ ਵਿੱਚ ਮਦਦ ਕਰਨਗੇ। ਇਸ ਤੋਂ ਇਲਾਵਾ ਲੰਗਰ ਲਗਾਉਣ ਸਮੇਂ ਇਹਨਾਂ ਦੀ ਆਮ ਤੌਰ ਤੇ ਲੋੜ ਰਹਿੰਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਹਲਕਾ ਫਤਿਹਗੜ੍ਹ ਸਾਹਿਬ ਦੇ ਕਈ ਪਿੰਡਾਂ ਨੂੰ ਪਾਣੀ ਵਾਲੇ ਟੈਂਕਰ ਮੁਹੱਈਆ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਕਾਸ ਕਾਰਜਾਂ ਦੀ ਲੜੀ ਲਗਾਤਾਰ ਜਾਰੀ ਰਹੇਗੀ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਹਰ ਸੰਭਵ ਸਹੂਲਤ ਮੁਹੱਈਆ ਕਰਵਾਈ ਜਾਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਵਿੰਦਰ ਸਿੰਘ ਡੇਰਾ, ਜਗਜੀਤ ਸਿੰਘ ਰਿਊਣਾ, ਗੁਰਨਾਇਬ ਸਿੰਘ ਹਿੰਦੂਪੁਰ, ਸੁਖਬੀਰ ਸਿੰਘ ਇਸਰਹੇਲ, ਬੀਕਰ ਸਿੰਘ ਰਜਿੰਦਰਗੜ੍ਹ, ਬਲਜਿੰਦਰ ਸਿੰਘ ਰਜਿੰਦਰਗੜ੍ਹ, ਸਤਨਾਮ ਸਿੰਘ ਖਰੌੜਾ, ਅਵਤਾਰ ਸਿੰਘ ਖਰੌੜਾ, ਜਗਜੋਤ ਸਿੰਘ ਸਾਧੂਗੜ੍ਹ, ਲਖਵਿੰਦਰ ਸਿੰਘ ਜਾਗੋ, ਵਿਕਰਮਜੀਤ ਸਿੰਘ ਵਿੱਕੀ ਵਾਈਸ ਚੇਅਰਮੈਨ ਬਲੋਕ ਖੇੜਾ, ਸਤਬੀਰ ਸਿੰਘ, ਪੀਏ ਸਤੀਸ਼ ਲਟੌਰ ਆਦਿ ਵੀ ਹਾਜਰ ਸਨ।

ਗੁਰਦਾਸਪੁਰ ਅਤੇ ਓਟ ਸੈਂਟਰ ਧਾਰੀਵਾਲ ਵਿਖੇ ਨਸ਼ਾ ਪੀੜਤਾਂ ਨੂੰ ਸਕਿਲ ਪ੍ਰੋਗਰਾਮ ਦੀ ਜਾਣਕਾਰੀ ਦਿੱਤੀ ਗਈ

ਗੁਰਦਾਸਪੁਰ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਡਿਪਟੀ ਕਮਿਸ਼ਨਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਜਿਥੇ ਡਰੱਗ ਹਾਟਸਪਾਟ ਖੇਤਰ ਵਿਚ ਸੀ.ਸੀ.ਟੀ.ਵੀ ਕੈਮਰੇ ਲਗਾਉਣ ਸਮੇਤ ਵੱਖ-ਵੱਖ ਵਿਕਾਸ ਕੰਮ ਕਰਵਾਏ ਜਾ ਰਹੇ ਹਨ, ਉਸ ਦੇ ਨਾਲ ਨਸ਼ੇ ਦੇ ਜਾਲ ਵਿਚ ਫਸੇ ਵਿਅਕਤੀਆਂ ਦੇ ਮੁੜ ਵਸੇਬੇ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ।

ਨਰੇਸ਼ ਕੁਮਾਰ,ਜ਼ਿਲ੍ਹਾ ਰੁਜਗਾਰ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਬਿਊਰੋ ਕਾਰੋਬਾਰ ਦੀ ਟੀਮ ਵਲੋਂ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਮੁੜ ਵਸੇਬਾ ਸੈਂਟਰ ਅਤੇ ਓਟ ਸੈਂਟਰ ਧਾਰੀਵਾਲ ਦਾ ਦੌਰਾ ਕੀਤਾ ਗਿਆ। ਸਕਿਲ ਡਿਵਲਪਮੈਂਟ ਤੋਂ ਬੀ ਐਮ ਐਮ ਮਨਪ੍ਰੀਤ ਸਿੰਘ, ਜ਼ਿਲ੍ਹਾ ਰੋਜਗਾਰ ਦਫਤਰ ਤੋਂ ਗਗਨ ਧਾਲੀਵਾਲ ਵੱਲੋਂ ਨਸ਼ਾ ਪੀੜਤਾਂ ਨੂੰ ਮਿਲਕੇ ਉਨਾਂ ਦੀ ਕਾਂਉਸਲਿੰਗ ਕੀਤੀ ਗਈ ਅਤੇ ਸਕਿਲ ਡਿਵੈਪਮੈਂਟ ਮਿਸ਼ਨ ਤਹਿਤ ਸਕਿਲ ਟਰੇਨਿੰਗ ਪ੍ਰੋਗਰਾਮ ਦੀ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ ਅਤੇ ਨਸ਼ਾ ਪੀੜਤਾਂ ਵੱਲੋਂ ਵੀ ਸਕਿਲ ਡਿਵੈਲਪਮੈਂਟ ਦੇ ਸਬੰਧ ਵਿਚ ਪੂਰੀ ਰੁਚੀ ਜਾਣਕਾਰੀ ਲਈ ਗਈ।

ਇਸ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵਾਂ, ਨਸ਼ਾ ਛੱਡਣ ਲਈ ਉਪਲਬਧ ਇਲਾਜ ਸੇਵਾਵਾਂ ਅਤੇ ਨਸ਼ਾ ਪੀੜਤ ਵਿਅਕਤੀਆਂ ਦੀ ਮਦਦ ਕਰਨ ਬਾਰੇ ਜਾਗਰੂਕ ਕੀਤਾ ਗਿਆ।

ਜ਼ਿਲ੍ਹਾ ਰੋਜਗਾਰ ਅਫਸਰ ਗੁਰਦਾਸਪੁਰ ਨੇ ਅੱਗੇ ਦਸਿਆ ਪੀੜਤਾਂ ਨੂੰ ਨਸ਼ੇ ਦੇ ਰਾਹ ਨੂੰ ਛੱਡ ਕੇ ਕੋਈ ਨਾ ਕੋਈ ਸਕਿੱਲ ਪ੍ਰਾਪਤ ਕਰਕੇ ਕੋਈ ਚੰਗਾ ਰੋਜ਼ਗਾਰ ਜਾਂ ਸਵੈ-ਰੁਜ਼ਗਾਰ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਉਨ੍ਹਾਂ ਅੱਗੇ ਦੱਸਿਆ ਕਿ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਬੇਰੋਜ਼ਗਾਰ ਪ੍ਰਾਰਥੀਆਂ ਦੇ ਰੁਜ਼ਗਾਰ ਸਬੰਧੀ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਜਿਵੇਂ ਕਿ ਜਿਹੜੇ ਪ੍ਰਾਰਥੀ ਭਵਿੱਖ ਦੇ ਕਰੀਅਰ ਸਬੰਧੀ ਜਾਣਕਾਰੀ ਲੈਣੀ ਚਾਹੁੰਦੇ ਹਨ, ਉਨ੍ਹਾਂ ਦੀ ਮੁਫ਼ਤ ਕਰੀਅਰ ਕਾਊਂਸਲਿੰਗ ਕੀਤੀ ਜਾਂਦੀ ਹੈ। ਜੋ ਪ੍ਰਾਰਥੀ ਨੌਕਰੀਆਂ ਸਬੰਧੀ ਜਾਣਕਾਰੀ ਪ੍ਰਾਪਤ ਕਰਨੀ ਚਾਹੁੰਦੇ ਹਨ, ਉਨ੍ਹਾਂ ਨੂੰ ਇਸ ਦਫ਼ਤਰ ਦੇ ਪਲੇਸਮੈਂਟ ਸੈੱਲ ਦੁਆਰਾ ਨੌਕਰੀਆਂ ਦੇਣ ਦੇ ਉਪਰਾਲੇ ਕੀਤੇ ਜਾਂਦੇ ਹਨ। ਇਸ ਤੋਂ ਇਲਾਵਾ ਜਿਹੜੇ ਪ੍ਰਾਰਥੀ ਸਵੈ-ਰੁਜ਼ਗਾਰ ਸਕੀਮਾਂ ਤਹਿਤ ਲੋਨ ਲੈ ਕੇ ਆਪਣਾ ਕਾਰੋਬਾਰ ਸ਼ੁਰੂ ਕਰਨਾ ਚਾਹੁੰਦੇ ਹਨ, ਉਨ੍ਹਾਂ ਨੂੰ ਸਵੈ-ਰੁਜ਼ਗਾਰ ਸਕੀਮਾਂ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਜ਼ਿਲ੍ਹਾ ਰੁਜ਼ਗਾਰ ਅਤੇ ਕਾਰੋਬਾਰ ਬਿਊਰੋ, ਕਮਰਾ ਨੰਬਰ 217,ਬੀ ਬਲਾਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਵਿਜ਼ਟ ਕਰਕੇ ਇਨ੍ਹਾਂ ਸਾਰੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰ ਸਕਦੇ ਹਨ।



ਹਰਿਆਣਾ ਖ਼ਬਰਨਾਮਾ



ਵਿਧਾਨ ਸਭਾ ਚੋਣਾਂ ਤੋਂ ਬਾਅਦ ਨਸ਼ਾ ਕਾਰੋਬਾਰੀ ਪੰਜਾਬ ਛੱਡ ਕੇ ਭੱਜ ਜਾਣਗੇ : ਨਾਇਬ ਸਿੰਘ ਸੈਣੀ



ਚੰਡੀਗੜ੍ਹ, 14 ਨਵੰਬਰ
--ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਫਰਵਰੀ ਵਿੱਚ ਹੋਣ ਵਾਲੀਆਂ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਇੱਥੋਂ ਦੇ ਨਸ਼ਾ ਕਾਰੋਬਾਰੀ ਜਾਂ ਤਾਂ ਇਹ ਕੰਮ ਛੱਡ ਦੇਣਗੇ ਜਾਂ ਫਿਰ ਸੂਬਾ ਛੱਡ ਦੇਣਗੇ। ਪੰਜਾਬ ਅਤੇ ਹਰਿਆਣਾ ਵਿੱਚ ਨਸ਼ੇ ਦੇ ਸੌਦਾਗਰ ਨਹੀਂ ਰਹਿਣ ਦਿੱਤੇ ਜਾਣਗੇ। ਪੰਜਾਬ ਦੇ ਲੋਕਾਂ ਨੇ ਮਨ ਬਣਾ ਲਿਆ ਹੈ ਕਿ ਇਸ ਵਾਰ ਪੰਜਾਬ ਵਿੱਚ ਚੁਟਕਲਿਆਂ ਵਾਲੀ ਨਹੀਂ ਸਗੋਂ ਨਰਿੰਦਰ ਮੋਦੀ ਦੀ ਵਿਕਾਸ ਵਾਲੀ ਸਰਕਾਰ ਬਣਾਉਣਗੇ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਹ ਗੱਲ ਸ਼ੁੱਕਰਵਾਰ ਨੂੰ ਪੰਜਾਬ ਦੇ ਜਲੰਧਰ ਵਿਖੇ ਆਯੋਜਿਤ ਜਨ ਸਭਾ ਨੂੰ ਸੰਬੋਧਨ ਕਰਦਿਆਂ ਕਹੀ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਵਾਅਦਾ ਕੀਤਾ ਸੀ ਕਿ ਛੇ ਮਹੀਨਿਆਂ ਵਿੱਚ ਨਸ਼ਾ ਖਤਮ ਕਰ ਦਿੱਤਾ ਜਾਵੇਗਾ, ਪਰ ਇੱਥੇ ਹਰ ਰੋਜ਼ ਨਸ਼ੇ ਦੀ ਦਲਦਲ ਵਧਦੀ ਗਈ ਜਿਸ ਵਿੱਚ ਇੱਥੋਂ ਦੀ ਨੌਜਵਾਨ ਪੀੜ੍ਹੀ ਧਸਦੀ ਚਲੀ ਗਈ, ਪਰ ਸਰਕਾਰ ਕੋਲ ਨਸ਼ਾ ਖਤਮ ਕਰਨ ਲਈ ਨਾ ਤਾਂ ਕੋਈ ਨੀਤੀ ਹੈ ਅਤੇ ਨਾ ਹੀ ਨੀਅਤ ਹੈ।

ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ 2029 ਤੱਕ ਦੇਸ਼ ਵਿੱਚੋਂ ਨਸ਼ੇ ਨੂੰ ਜੜ੍ਹੋਂ ਖਤਮ ਕਰਨ ਦਾ ਸੰਕਲਪ ਲਿਆ ਹੈ, ਜਿਸ ਨੂੰ ਪੂਰਾ ਕਰਨ ਲਈ ਰਾਸ਼ਟਰੀ ਪੱਧਰ 'ਤੇ ਮਜ਼ਬੂਤ ਨੀਤੀ ਬਣਾਈ ਜਾ ਰਹੀ ਹੈ। ਇਸ ਤਰ੍ਹਾਂ ਦੇ ਵੱਡੇ ਸੰਕਲਪਾਂ ਨੂੰ ਸਿਰਫ਼ ਭਾਜਪਾ ਸਰਕਾਰ ਹੀ ਪੂਰਾ ਕਰ ਸਕਦੀ ਹੈ। ਆਮ ਆਦਮੀ ਪਾਰਟੀ ਅਤੇ ਕਾਂਗਰਸ ਸਿਰਫ਼ ਝੂਠੇ ਵਾਅਦਿਆਂ ਦੇ ਸਹਾਰੇ ਵੋਟਾਂ ਲੈਣਾ ਹੀ ਜਾਣਦੀਆਂ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪਿਛਲੀਆਂ ਚੋਣਾਂ ਵਿੱਚ ਵਾਅਦਾ ਕੀਤਾ ਸੀ ਕਿ ਪੰਜਾਬ ਦੇ 25 ਲੱਖ ਨੌਜਵਾਨਾਂ ਨੂੰ ਨੌਕਰੀਆਂ ਦੇਣਗੇ, ਪਰ ਅੱਜ ਮੁੱਖ ਮੰਤਰੀ ਟੈਲੀਵਿਜ਼ਨ 'ਤੇ ਮਾਣ ਨਾਲ ਦੱਸਦੇ ਹਨ ਕਿ ਉਨ੍ਹਾਂ ਨੇ ਆਪਣੇ ਕਾਰਜਕਾਲ ਵਿੱਚ 60 ਹਜ਼ਾਰ ਨੌਕਰੀਆਂ ਦਿੱਤੀਆਂ ਹਨ। ਇਹ ਨੌਕਰੀਆਂ ਵੀ ਪ੍ਰਭਾਵਸ਼ਾਲੀ ਲੋਕਾਂ ਦੇ ਬੱਚਿਆਂ ਨੂੰ ਭ੍ਰਿਸ਼ਟਾਚਾਰ ਦੇ ਸਹਾਰੇ ਮਿਲੀਆਂ ਹਨ, ਜਿਸ ਨਾਲ ਮਿਹਨਤੀ ਅਤੇ ਗਰੀਬ ਨੌਜਵਾਨਾਂ ਦੇ ਸੁਪਨਿਆਂ ਨੂੰ ਸਰਕਾਰ ਨੇ ਰੋਲ ਦਿੱਤਾ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੱਸਣ ਕਿ ਉਨ੍ਹਾਂ ਨੇ ਪੰਜਾਬ ਵਿੱਚ ਕਿੰਨੇ ਮੁਹੱਲਾ ਕਲੀਨਿਕ ਖੋਲ੍ਹੇ, ਇਨ੍ਹਾਂ ਵਿੱਚ ਕਿੰਨੇ ਲੋਕਾਂ ਦਾ ਮੁਫ਼ਤ ਇਲਾਜ ਹੋਇਆ ਅਤੇ ਲੋਕਾਂ ਨੂੰ ਇੱਥੇ ਕੀ-ਕੀ ਸਹੂਲਤਾਂ ਮਿਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਹਰਿਆਣਾ ਦੀ 3 ਕਰੋੜ ਆਬਾਦੀ ਵਿੱਚੋਂ ਡੇਢ ਕਰੋੜ ਲੋਕਾਂ ਦੇ ਆਯੁਸ਼ਮਾਨ ਕਾਰਡ ਬਣਵਾਏ ਗਏ ਹਨ, ਜਿਨ੍ਹਾਂ ਨੂੰ ਹਰ ਸਾਲ 5 ਲੱਖ ਰੁਪਏ ਦੇ ਮੁਫ਼ਤ ਇਲਾਜ ਦੀ ਸਹੂਲਤ ਹੈ। ਇਸ ਤਹਿਤ ਹੁਣ ਤੱਕ 40 ਲੱਖ ਲੋਕਾਂ ਨੇ ਮੁਫ਼ਤ ਇਲਾਜ ਕਰਵਾਇਆ ਹੈ ਜਿਸ 'ਤੇ ਕੇਂਦਰ ਅਤੇ ਸੂਬਾ ਸਰਕਾਰ ਵੱਲੋਂ 6000 ਕਰੋੜ ਰੁਪਏ ਖਰਚ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਚੋਣਾਂ ਤੋਂ ਪਹਿਲਾਂ ਭਾਜਪਾ ਨੇ ਔਰਤਾਂ ਨੂੰ 2100 ਰੁਪਏ ਪ੍ਰਤੀ ਮਹੀਨਾ ਆਰਥਿਕ ਸਹਾਇਤਾ ਦੇਣ ਦਾ ਸੰਕਲਪ ਲਿਆ ਸੀ, ਜਿਸ ਨੂੰ ਸਰਕਾਰ ਬਣਦਿਆਂ ਹੀ 'ਦੀਨਦਿਆਲ ਲਾਡੋ ਲਕਸ਼ਮੀ ਯੋਜਨਾ' ਬਣਾ ਕੇ ਪੂਰਾ ਕੀਤਾ ਗਿਆ। ਸਰਕਾਰ ਨੇ ਆਪਣੇ ਪਹਿਲੇ ਹੀ ਬਜਟ ਵਿੱਚ ਇਸ ਲਈ 5000 ਕਰੋੜ ਰੁਪਏ ਅਤੇ ਦੂਜੇ ਬਜਟ ਵਿੱਚ 6500 ਕਰੋੜ ਰੁਪਏ ਦਾ ਪ੍ਰਬੰਧ ਕੀਤਾ। ਹੁਣ ਤੱਕ ਇਸ ਤਹਿਤ 10 ਲੱਖ ਤੋਂ ਵੱਧ ਔਰਤਾਂ ਨੂੰ 2500 ਕਰੋੜ ਰੁਪਏ ਦੀ ਸਹਾਇਤਾ ਦਿੱਤੀ ਜਾ ਚੁੱਕੀ ਹੈ, ਜਦੋਂਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਨੇ 5 ਸਾਲ ਪਹਿਲਾਂ ਔਰਤਾਂ ਨੂੰ 1000 ਰੁਪਏ ਦੇਣ ਦਾ ਵਾਅਦਾ ਕੀਤਾ ਸੀ ਜਿਸ ਨੂੰ ਹੁਣ ਚੋਣਾਂ ਸਿਰ 'ਤੇ ਆਉਣ ਵੇਲੇ ਵੋਟਾਂ ਲੈਣ ਦੀ ਨੀਅਤ ਨਾਲ ਲਾਗੂ ਕੀਤਾ ਗਿਆ ਹੈ।

ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਚੁਟਕਲਿਆਂ ਦੀ ਸਰਕਾਰ ਬਣ ਕੇ ਰਹਿ ਗਈ ਹੈ। ਪਰ ਜਨਤਾ ਹੁਣ ਸਮਝਣ ਲੱਗੀ ਹੈ ਕਿ ਚੁਟਕਲਿਆਂ ਨਾਲ ਸਿਨੇਮਾਘਰ ਤਾਂ ਚੱਲ ਸਕਦੇ ਹਨ, ਸਰਕਾਰ ਨਹੀਂ ਚੱਲਦੀ। ਅੱਜ ਪੰਜਾਬ ਦੀ ਜਨਤਾ ਨੂੰ ਮਿਲ ਕੇ ਫੈਸਲਾ ਕਰਨਾ ਹੈ ਕਿ ਪੰਜਾਬ ਨੂੰ ਗੁੰਮਰਾਹ ਕਰਨ ਵਾਲਿਆਂ ਨੂੰ ਵੋਟ ਦੀ ਸੱਟ ਨਾਲ ਸਬਕ ਸਿਖਾਉਣਾ ਹੈ ਅਤੇ ਸੂਬੇ ਨੂੰ ਵਿਕਾਸ ਦੇ ਰਾਹ 'ਤੇ ਅੱਗੇ ਵਧਾਉਣ ਲਈ ਇੱਥੇ ਨਰਿੰਦਰ ਮੋਦੀ ਦੀ ਡਬਲ ਇੰਜਣ ਸਰਕਾਰ ਬਣਾਉਣੀ ਹੈ।

ਮੁੱਖ ਮੰਤਰੀ ਨੇ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਵੀ ਮਾਨ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਇੱਥੇ ਅਮਨ-ਚੈਨ ਕਾਇਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਇੱਥੇ ਵੀ ਹਰਿਆਣਾ ਦੀਆਂ ਨੀਤੀਆਂ ਨੂੰ ਲਾਗੂ ਕੀਤਾ ਜਾਵੇਗਾ, ਜਿੱਥੇ ਕਿਸਾਨਾਂ ਦੀਆਂ ਸਾਰੀਆਂ 24 ਫਸਲਾਂ ਨੂੰ ਐਮ.ਐਸ.ਪੀ. 'ਤੇ ਖਰੀਦਿਆ ਜਾਂਦਾ ਹੈ ਅਤੇ ਨੌਜਵਾਨਾਂ ਨੂੰ ਬਿਨਾਂ ਪਰਚੀ-ਬਿਨਾਂ ਖਰਚੀ ਦੇ ਨੌਕਰੀਆਂ ਮਿਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਹਰਿਆਣਾ ਵਿੱਚ 2 ਲੱਖ ਮਿਹਨਤੀ ਅਤੇ ਯੋਗ ਨੌਜਵਾਨਾਂ ਨੂੰ ਨੌਕਰੀਆਂ ਦਿੱਤੀਆਂ ਗਈਆਂ ਹਨ ਜਦੋਂਕਿ ਪੰਜਾਬ ਵਿੱਚ ਜ਼ਿਆਦਾਤਰ ਭਰਤੀਆਂ ਅਦਾਲਤੀ ਕੇਸਾਂ ਵਿੱਚ ਫਸੀਆਂ ਹੋਈਆਂ ਹਨ। ਕਦੇ ਨੰਬਰ-ਇੱਕ ਰਿਹਾ ਪੰਜਾਬ ਅੱਜ ਸਰਕਾਰ ਦੀਆਂ ਗਲਤੀਆਂ ਕਾਰਨ ਵਿਕਾਸ ਦੇ ਮਾਮਲੇ ਵਿੱਚ ਬਹੁਤ ਪਛੜ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਭਾਜਪਾ ਸਰਕਾਰ ਵੱਲੋਂ ਗਰੀਬ ਪਰਿਵਾਰਾਂ ਨੂੰ 500 ਰੁਪਏ ਵਿੱਚ ਗੈਸ ਸਿਲੰਡਰ ਮੁਹੱਈਆ ਕਰਵਾਏ ਜਾ ਰਹੇ ਹਨ। ਪਿਛਲੇ 12 ਸਾਲਾਂ ਵਿੱਚ 1.60 ਲੱਖ ਪਰਿਵਾਰਾਂ ਨੂੰ ਰਹਿਣ ਲਈ ਮਕਾਨ ਦਿੱਤੇ ਗਏ ਹਨ। ਜਿਨ੍ਹਾਂ ਲੋਕਾਂ ਕੋਲ ਮਕਾਨ ਬਣਾਉਣ ਲਈ ਜ਼ਮੀਨ ਨਹੀਂ ਸੀ, ਉਨ੍ਹਾਂ ਨੂੰ ਪੇਂਡੂ ਖੇਤਰਾਂ ਵਿੱਚ 100 ਗਜ਼ ਅਤੇ ਸ਼ਹਿਰੀ ਖੇਤਰਾਂ ਵਿੱਚ 30 ਗਜ਼ ਦੇ ਪਲਾਟ ਵੀ ਦਿੱਤੇ ਗਏ ਹਨ। ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀ ਜਨਤਾ ਭਾਜਪਾ ਨੂੰ ਵੋਟ ਦੇ ਕੇ ਇੱਥੋਂ ਦੇ ਵਿਕਾਸ ਨੂੰ ਚੁਣੇ।

ਸਰਕਾਰ ਵੱਲੋਂ 'ਪੰਜਾਬ ਦਾ ਕਰੋੜਪਤੀ' ਪ੍ਰੋਗਰਾਮ ਦੀ ਸ਼ੁਰੂਆਤ; 10 ਹਜ਼ਾਰ ਬੱਚਿਆਂ ਨੂੰ ਮਿਲਣਗੇ ਇਨਾਮ

ਚੰਡੀਗੜ੍ਹ, 14 ਨਵੰਬਰ
--ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਨੇ ਸੂਬੇ ਦੇ ਨੌਜਵਾਨ ਵਰਗ ਨੂੰ ਆਪਣੇ ਨਾਲ ਜੋੜਨ ਦੀ ਖ਼ਾਸ ਮੁਹਿੰਮ ਵਜੋਂ 'ਪੰਜਾਬ ਦਾ ਕਰੋੜਪਤੀ' ਪ੍ਰੋਗਰਾਮ ਦਾ ਆਗਾਜ਼ ਕੀਤਾ ਹੈ। ਇਹ ਇੱਕ ਸਵਾਲ-ਜਵਾਬ (ਕੁਇਜ਼) ਆਧਾਰਿਤ ਮੁਕਾਬਲਾ ਹੈ। ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਬਾਰੇ ਜਾਣੂ ਕਰਵਾਉਣ ਲਈ ਅਤੇ ਨੌਜਵਾਨਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਹੋਰ ਅੱਗੇ ਲਿਆਉਣ ਲਈ ਇਹ ਪਹਿਲ ਕਦਮੀ ਕੀਤੀ ਜਾ ਰਹੀ ਹੈ॥

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪ੍ਰਸਿੱਧ ਟੀਵੀ ਸ਼ੋਅ 'ਕੌਣ ਬਣੇਗਾ ਕਰੋੜਪਤੀ' ਦੇ ਪੈਟਰਨ 'ਤੇ ਤਿਆਰ ਕੀਤੇ ਗਏ ਇਸ ਵਿਸ਼ੇਸ਼ ਪੋਰਟਲ ਨੂੰ ਲਾਂਚ ਕੀਤਾ ਗਿਆ। ਕੁੱਲ 11 ਪੜਾਵਾਂ ਵਾਲੇ ਇਸ ਮੁਕਾਬਲੇ ਦੇ ਸ਼ੁਰੂਆਤੀ ਨੌਂ ਗੇੜ ਆਨਲਾਈਨ ਮਾਧਿਅਮ ਰਾਹੀਂ ਮੁਕੰਮਲ ਹੋਣਗੇ, ਜਦਕਿ ਇਨ੍ਹਾਂ ਵਿੱਚੋਂ ਚੁਣੇ ਗਏ ਉਮੀਦਵਾਰਾਂ ਲਈ ਅੰਤਿਮ ਦੋ ਪੜਾਅ ਆਫ਼ਲਾਈਨ (ਸਿੱਧੀ ਹਾਜ਼ਰੀ ਵਿੱਚ) ਕਰਵਾਏ ਜਾਣਗੇ।

ਇਸ ਮੁਕਾਬਲੇ ਵਿੱਚ 15 ਤੋਂ 30 ਸਾਲ ਤੱਕ ਦੇ ਨੌਜਵਾਨ ਹਿੱਸਾ ਲੈ ਸਕਣਗੇ। ਸੂਬੇ ਦੇ ਇਤਿਹਾਸ, ਸੱਭਿਆਚਾਰ ਅਤੇ ਭੂਗੋਲ 'ਤੇ ਕੇਂਦਰਿਤ ਹੋਣ ਕਾਰਨ ਇਹ ਪ੍ਰੋਗਰਾਮ ਨੌਜਵਾਨਾਂ ਨੂੰ ਆਪਣੀ ਖੇਤਰੀ ਪਛਾਣ ਨਾਲ ਜੋੜਨ ਦਾ ਵੀ ਇੱਕ ਜ਼ਰੀਆ ਬਣੇਗਾ।

ਮੁੱਖ ਮੰਤਰੀ ਵੱਲੋਂ ਸਾਂਝੀ ਕੀਤੀ ਜਾਣਕਾਰੀ ਮੁਤਾਬਕ ਪੋਰਟਲ 'ਤੇ 50 ਹਜ਼ਾਰ ਸਵਾਲਾਂ ਦਾ ਖ਼ਜ਼ਾਨਾ (ਬੈਂਕ) ਅਪਲੋਡ ਕੀਤਾ ਗਿਆ ਹੈ। 15 ਤੋਂ 30 ਸਾਲ ਦੀ ਉਮਰ ਹੱਦ ਵਾਲੇ ਉਮੀਦਵਾਰ ਇਸ ਲਈ ਯੋਗ ਹਨ। ਹਰੇਕ ਸਵਾਲ ਦੇ ਚਾਰ ਸੰਭਾਵੀ ਉੱਤਰ ਦਿੱਤੇ ਜਾਣਗੇ ਅਤੇ ਅਗਲੇ ਪੜਾਅ ਵਿੱਚ ਪਹੁੰਚਣ ਲਈ ਭਾਗੀਦਾਰਾਂ ਨੂੰ ਹਰ ਪੱਧਰ ਪਾਰ ਕਰਨਾ ਲਾਜ਼ਮੀ ਹੋਵੇਗਾ।

ਮੁੱਖ ਮੰਤਰੀ ਭਗਵੰਤ ਮਾਨ ਨੇ ਆਖਿਆ ਕਿ ਜਿਵੇਂ-ਜਿਵੇਂ ਮੁਕਾਬਲਾ ਅਗਲੇ ਪੜਾਵਾਂ ਵੱਲ ਵਧੇਗਾ, ਸਵਾਲਾਂ ਦਾ ਪੱਧਰ ਵੀ ਔਖਾ ਹੁੰਦਾ ਜਾਵੇਗਾ। ਉਨ੍ਹਾਂ ਭਰੋਸਾ ਦਿੱਤਾ ਕਿ ਇਸ ਵਿੱਚ ਪੁੱਛੇ ਜਾਣ ਵਾਲੇ ਸਵਾਲ ਸੂਬੇ ਦੀਆਂ ਵੱਖ-ਵੱਖ ਸਰਕਾਰੀ ਭਰਤੀ ਪ੍ਰੀਖਿਆਵਾਂ ਦੇ ਪੈਟਰਨ ਨਾਲ ਮਿਲਦੇ-ਜੁਲਦੇ ਹਨ।

ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਯੋਜਨਾ ਪਿੱਛੇ ਤਿੰਨ ਮੁੱਖ ਟੀਚੇ ਹਨ—ਵਿਦਿਆਰਥੀਆਂ ਨੂੰ ਆਰਥਿਕ ਤੌਰ 'ਤੇ ਕਮਾਈ ਕਰਨ ਦੇ ਸਮਰੱਥ ਬਣਾਉਣਾ, ਉਨ੍ਹਾਂ ਦੇ ਆਮ ਗਿਆਨ ਵਿੱਚ ਵਾਧਾ ਕਰਨਾ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਵਿੱਚ ਸਹਾਈ ਹੋਣਾ।

30 ਸਾਲਾਂ ਵਿੱਚ ਸਰਕਾਰੀ ਸਕੂਲਾਂ ਦੀ ਬਦਲੀ ਤਸਵੀਰ, ਹੁਣ ਪ੍ਰੀਖਿਆ ਨਤੀਜਾ 94 ਫੀਸਦੀ ਤੱਕ ਪਹੁੰਚਿਆ : ਮਹੀਪਾਲ ਢਾਂਡਾ



ਚੰਡੀਗੜ੍ਹ, 14 ਨਵੰਬਰ
--ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਾਈ ਦੇ ਪੱਧਰ ਨੂੰ ਲੈ ਕੇ ਬਣੀ ਧਾਰਨਾ ਹੁਣ ਬਦਲ ਰਹੀ ਹੈ। ਸਾਲ 2013-14 ਵਿੱਚ ਸਰਕਾਰੀ ਸਕੂਲਾਂ ਦਾ ਪ੍ਰੀਖਿਆ ਨਤੀਜਾ 32 ਤੋਂ 38 ਫੀਸਦੀ ਤੱਕ ਰਹਿੰਦਾ ਸੀ, ਜੋ ਹੁਣ ਵਧ ਕੇ 90 ਤੋਂ 94 ਫੀਸਦੀ ਤੱਕ ਪਹੁੰਚ ਗਿਆ ਹੈ। ਲਗਭਗ 30 ਸਾਲਾਂ ਬਾਅਦ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਨਜ਼ਰੀਆ ਬਦਲਣ ਲੱਗਾ ਹੈ।

ਮੰਤਰੀ ਸ਼ੁੱਕਰਵਾਰ ਨੂੰ ਗਨੌਰ (ਸੋਨੀਪਤ) ਦੇ ਰਾਜਕੀ ਮਾਡਲ ਸੰਸਕ੍ਰਿਤੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਆਯੋਜਿਤ ਸਾਲਾਨਾ ਵਿੱਦਿਅਕ ਮੇਲੇ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਲਗਾਤਾਰ ਬਿਹਤਰ ਹੋ ਰਹੀ ਹੈ। ਹੁਣ ਇਹ ਧਾਰਨਾ ਟੁੱਟ ਰਹੀ ਹੈ ਕਿ ਸਰਕਾਰੀ ਸਕੂਲਾਂ ਵਿੱਚ ਚੰਗੀ ਪੜ੍ਹਾਈ ਨਹੀਂ ਹੁੰਦੀ।

ਉਨ੍ਹਾਂ ਕਿਹਾ ਕਿ ਅੱਜ ਦੇਸ਼ ਅਤੇ ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਜੋ ਕ੍ਰਾਂਤੀਕਾਰੀ ਬਦਲਾਅ ਆ ਰਿਹਾ ਹੈ, ਉਸ ਦਾ ਪੂਰਾ ਸਿਹਰਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਦੂਰਦਰਸ਼ੀ ਅਗਵਾਈ ਨੂੰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸਿੱਖਿਆ ਨੀਤੀ ਨੇ ਸਦੀਆਂ ਪੁਰਾਣੀ ਰਵਾਇਤੀ ਅਤੇ ਰੱਟਾ ਲਗਾ ਕੇ ਪੜ੍ਹਨ ਦੀ ਸਿੱਖਿਆ ਪ੍ਰਣਾਲੀ ਨੂੰ ਬਦਲ ਕੇ ਅਜਿਹੀ ਵਿਵਸਥਾ ਨੂੰ ਜਨਮ ਦਿੱਤਾ ਹੈ, ਜੋ ਵਿਦਿਆਰਥੀ ਦੀਆਂ ਅੰਦਰੂਨੀ ਸਮਰੱਥਾਵਾਂ ਨੂੰ ਉਭਾਰਦੀ ਹੈ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਮੋਦੀ ਦੀ ਅਗਵਾਈ ਵਿੱਚ 'ਸਕਿੱਲ ਇੰਡੀਆ' ਅਤੇ 'ਡਿਜੀਟਲ ਇੰਡੀਆ' ਵਰਗੀਆਂ ਮੁਹਿੰਮਾਂ ਨੇ ਸਾਡੇ ਨੌਜਵਾਨਾਂ ਨੂੰ ਨੌਕਰੀ ਭਾਲਣ ਵਾਲਿਆਂ ਤੋਂ ਬਦਲ ਕੇ ਨੌਕਰੀਆਂ ਪੈਦਾ ਕਰਨ ਵਾਲੇ ਬਣਨ ਦੀ ਪ੍ਰੇਰਣਾ ਦਿੱਤੀ ਹੈ। ਅੱਜ ਦੇਸ਼ ਦਾ ਨੌਜਵਾਨ ਤਕਨੀਕੀ ਤੌਰ 'ਤੇ ਸਮਰੱਥ ਹੋ ਰਿਹਾ ਹੈ ਅਤੇ ਭਾਰਤੀ ਗਿਆਨ ਪਰੰਪਰਾ ਦੇ ਨਾਲ-ਨਾਲ ਆਧੁਨਿਕ ਵਿਗਿਆਨ ਵੱਲ ਵੀ ਕਦਮ ਵਧਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਹਰਿਆਣਾ ਸਰਕਾਰ ਸਿੱਖਿਆ ਅਤੇ ਨੌਜਵਾਨਾਂ ਦੇ ਉਥਾਨ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਸੂਬੇ ਦੇ ਵਿਕਾਸ ਦਾ ਆਧਾਰ ਸਾਡੇ ਨੌਜਵਾਨ ਹਨ।

ਇਸ ਦੌਰਾਨ ਸਿੱਖਿਆ ਮੰਤਰੀ ਨੇ ਵਿਦਿਆਰਥੀਆਂ ਦੇ ਸਵਾਲ ਪੁੱਛਣ ਦੇ ਢੰਗ, ਆਤਮ-ਵਿਸ਼ਵਾਸ ਅਤੇ ਰਾਜਨੀਤਿਕ-ਸਮਾਜਿਕ ਮੁੱਦਿਆਂ ਦੀ ਸਮਝ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਵਿੱਚ ਅਗਵਾਈ ਦੀ ਸਮਰੱਥਾ, ਤਰਕਸ਼ੀਲ ਸੋਚ ਅਤੇ ਲੋਕਤੰਤਰੀ ਪ੍ਰਣਾਲੀ ਦੀ ਸਮਝ ਵਿਕਸਿਤ ਕਰਦੀਆਂ ਹਨ।

ਇਸ ਮੌਕੇ ਵਿਧਾਇਕ ਦੇਵੇਂਦਰ ਸਿੰਘ ਕਾਦਿਆਨ, ਜ਼ਿਲ੍ਹਾ ਸਿੱਖਿਆ ਅਧਿਕਾਰੀ ਨਵੀਨ ਗੁਲੀਆ, ਬੀ.ਈ.ਓ. ਸੁਰਜੀਤ ਘਣਘਸ, ਬੀ.ਆਰ.ਸੀ. ਆਜ਼ਾਦ ਦਹੀਆ, ਸਕੂਲ ਦੇ ਪ੍ਰਿੰਸੀਪਲ ਜਗਬੀਰ ਦੇਸ਼ਵਾਲ, ਮਾਈਰਾਮ ਕੌਸ਼ਿਕ, ਤਰੁਣ ਦੇਵੀਦਾਸ, ਤਰੁਣ ਕੌਸ਼ਿਕ ਅਤੇ ਪਵਨ ਕੁਮਾਰ ਮੌਜੂਦ ਸਨ।

ਸਮਰਸਤਾ ਸੰਕਲਪ ਯਾਤਰਾ ਦਾ ਚੌਥਾ ਪੜਾਅ 18 ਨਵੰਬਰ ਤੋਂ, ਹਰਿਆਣਾ ਦੇ ਅੱਠ ਜ਼ਿਲ੍ਹਿਆਂ ਵਿੱਚੋਂ ਲੰਘੇਗੀ ਯਾਤਰਾ : ਡਾ. ਅਰਚਨਾ ਗੁਪਤਾ

25, 26 ਅਤੇ 28 ਨਵੰਬਰ ਨੂੰ ਹਰਿਆਣਾ ਵਿੱਚੋਂ ਲੰਘੇਗੀ ਯਾਤਰਾ, ਕੁਰੂਕਸ਼ੇਤਰ ਵਿੱਚ ਵਿਸ਼ਾਲ ਧਰਮ ਸਭਾ ਅਤੇ ਸੋਨੀਪਤ ਤੇ ਫਰੀਦਾਬਾਦ ਵਿੱਚ ਹੋਣਗੇ ਜ਼ਿਲ੍ਹਾ ਪੱਧਰੀ ਪ੍ਰੋਗਰਾਮ



ਕੁਰੂਕਸ਼ੇਤਰ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸੰਤ ਸ਼੍ਰੋਮਣੀ ਗੁਰੂ ਰਵਿਦਾਸ ਮਹਾਰਾਜ ਜੀ ਦੀ 650ਵੀਂ ਜਨਮ ਵਰ੍ਹੇਗੰਢ ਦੇ ਸਬੰਧ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਚਲਾਈ ਜਾ ਰਹੀ ਸਮਰਸਤਾ ਸੰਕਲਪ ਮੁਹਿੰਮ ਦੇ ਚੌਥੇ ਪੜਾਅ ਦੀ ਸ਼ੁਰੂਆਤ 18 ਨਵੰਬਰ ਤੋਂ ਹੋਵੇਗੀ। ਇਸ ਤਹਿਤ ਜਲੰਧਰ ਤੋਂ ਕਾਸ਼ੀ ਤੱਕ ਕੱਢੀ ਜਾਣ ਵਾਲੀ ਸਮਰਸਤਾ ਸੰਕਲਪ ਯਾਤਰਾ 25, 26 ਅਤੇ 28 ਨਵੰਬਰ ਨੂੰ ਹਰਿਆਣਾ ਦੇ ਅੱਠ ਜ਼ਿਲ੍ਹਿਆਂ ਵਿੱਚੋਂ ਲੰਘੇਗੀ। ਯਾਤਰਾ ਦੌਰਾਨ ਕੁਰੂਕਸ਼ੇਤਰ ਵਿੱਚ ਵਿਸ਼ਾਲ ਧਰਮ ਸਭਾ ਅਤੇ ਸੋਨੀਪਤ ਤੇ ਫਰੀਦਾਬਾਦ ਵਿੱਚ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਕਰਵਾਏ ਜਾਣਗੇ। ਯਾਤਰਾ ਵਿੱਚ ਭਾਜਪਾ ਵਰਕਰਾਂ ਦੇ ਨਾਲ-ਨਾਲ ਸੰਤਾਂ, ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੇ ਨੁਮਾਇੰਦਿਆਂ, ਪਤਵੰਤੇ ਨਾਗਰਿਕਾਂ ਅਤੇ ਆਮ ਲੋਕਾਂ ਦੀ ਵਿਆਪਕ ਭਾਗੀਦਾਰੀ ਯਕੀਨੀ ਬਣਾਈ ਜਾਵੇਗੀ।

ਕੁਰੂਕਸ਼ੇਤਰ ਸਥਿਤ ਭਾਜਪਾ ਦੇ ਜ਼ਿਲ੍ਹਾ ਦਫ਼ਤਰ ਗੀਤਾ ਕਮਲ ਵਿਖੇ ਭਾਜਪਾ ਹਰਿਆਣਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਦੀ ਪ੍ਰਧਾਨਗੀ ਹੇਠ ਸਮਰਸਤਾ ਸੰਕਲਪ ਯਾਤਰਾ ਦੀਆਂ ਤਿਆਰੀਆਂ ਸਬੰਧੀ ਸੂਬਾ ਪੱਧਰੀ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਵਿੱਚ ਭਾਜਪਾ ਦੇ ਕੌਮੀ ਮੀਤ ਪ੍ਰਧਾਨ ਅਤੇ ਭਾਜਪਾ ਅਨੁਸੂਚਿਤ ਜਾਤੀ ਮੋਰਚੇ ਦੇ ਸਾਬਕਾ ਕੌਮੀ ਪ੍ਰਧਾਨ ਲਾਲ ਸਿੰਘ ਆਰੀਆ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਇਸ ਮੌਕੇ ਕੈਬਨਿਟ ਮੰਤਰੀ ਕ੍ਰਿਸ਼ਨ ਲਾਲ ਪੰਵਾਰ, ਵਿਪੁਲ ਗੋਇਲ ਅਤੇ ਕ੍ਰਿਸ਼ਨ ਬੇਦੀ, ਸੂਬਾ ਜਨਰਲ ਸਕੱਤਰ (ਸੰਗਠਨ) ਪਵਨ ਰਾਣਾ, ਸੂਬਾ ਜਨਰਲ ਸਕੱਤਰ ਸੱਤਿਆ ਪ੍ਰਕਾਸ਼ ਜਰਾਵਤਾ ਅਤੇ ਗੋਪਾਲ ਸ਼ਰਮਾ, ਸੂਬਾ ਮੀਤ ਪ੍ਰਧਾਨ ਅਸ਼ੋਕ ਗੁਰਜਰ ਅਤੇ ਸਾਬਕਾ ਸੰਸਦ ਮੈਂਬਰ ਸੁਨੀਤਾ ਦੁੱਗਲ ਸਮੇਤ ਦਸ ਜ਼ਿਲ੍ਹਿਆਂ ਦੇ ਸੀਨੀਅਰ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ।

ਲਗਭਗ ਦੋ ਘੰਟੇ ਚੱਲੀ ਇਸ ਵਰਕਸ਼ਾਪ ਦੌਰਾਨ ਯਾਤਰਾ ਦੇ ਰੂਟ ਨਾਲ ਜੁੜੇ ਜ਼ਿਲ੍ਹਿਆਂ ਦੇ ਜ਼ਿਲ੍ਹਾ ਪ੍ਰਧਾਨਾਂ, ਜ਼ਿਲ੍ਹਾ ਇੰਚਾਰਜਾਂ, ਲੋਕ ਨੁਮਾਇੰਦਿਆਂ ਅਤੇ ਸੀਨੀਅਰ ਵਰਕਰਾਂ ਨਾਲ ਯਾਤਰਾ ਦੇ ਸਵਾਗਤ, ਜਨ ਸਭਾਵਾਂ, ਸਮਾਜਿਕ ਭਾਗੀਦਾਰੀ, ਪ੍ਰਚਾਰ-ਪ੍ਰਸਾਰ ਅਤੇ ਹੋਰ ਪ੍ਰਬੰਧਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।

ਭਾਜਪਾ ਹਰਿਆਣਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਤਿਆਰੀਆਂ ਦੀ ਸਮੀਖਿਆ ਕਰਦਿਆਂ ਅਹੁਦੇਦਾਰਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਅਤੇ ਸਾਰੇ ਪ੍ਰਬੰਧ ਆਪਸੀ ਤਾਲਮੇਲ ਨਾਲ ਸਮੇਂ ਸਿਰ ਮੁਕੰਮਲ ਕਰਨ 'ਤੇ ਜ਼ੋਰ ਦਿੱਤਾ।

ਡਾ. ਅਰਚਨਾ ਗੁਪਤਾ ਨੇ ਦੱਸਿਆ ਕਿ ਭਾਰਤੀ ਜਨਤਾ ਪਾਰਟੀ ਕੌਮੀ ਪੱਧਰ 'ਤੇ ਸੰਤ ਸ਼੍ਰੋਮਣੀ ਗੁਰੂ ਰਵਿਦਾਸ ਮਹਾਰਾਜ ਜੀ ਦੀ 650ਵੀਂ ਜਨਮ ਵਰ੍ਹੇਗੰਢ ਨੂੰ ਸਮਰਸਤਾ ਸੰਕਲਪ ਮੁਹਿੰਮ ਵਜੋਂ ਮਨਾ ਰਹੀ ਹੈ।

ਇਸੇ ਲੜੀ ਤਹਿਤ 18 ਨਵੰਬਰ ਨੂੰ ਡੇਰਾ ਸੱਚਖੰਡ ਬੱਲਾਂ, ਜਲੰਧਰ ਤੋਂ ਸਮਰਸਤਾ ਸੰਕਲਪ ਯਾਤਰਾ ਦੀ ਸ਼ੁਰੂਆਤ ਹੋਵੇਗੀ। ਇਹ 18 ਦਿਨਾਂ ਦੀ ਯਾਤਰਾ ਲਗਭਗ 2558 ਕਿਲੋਮੀਟਰ ਦਾ ਸਫ਼ਰ ਤੈਅ ਕਰਦਿਆਂ ਗੁਰੂ ਰਵਿਦਾਸ ਮਹਾਰਾਜ ਜੀ ਦੀ ਜਨਮ ਭੂਮੀ ਸੀਰ ਗੋਵਰਧਨਪੁਰ, ਕਾਸ਼ੀ ਵਿਖੇ ਸਮਾਪਤ ਹੋਵੇਗੀ।

ਉਨ੍ਹਾਂ ਦੱਸਿਆ ਕਿ ਇਹ ਯਾਤਰਾ ਪੰਜਾਬ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਉੱਤਰਾਖੰਡ, ਹਰਿਆਣਾ, ਦਿੱਲੀ ਅਤੇ ਉੱਤਰ ਪ੍ਰਦੇਸ਼ ਵਿੱਚੋਂ ਲੰਘੇਗੀ। ਯਾਤਰਾ ਦੌਰਾਨ 19 ਵੱਡੀਆਂ ਧਰਮ ਸਭਾਵਾਂ ਅਤੇ 28 ਜ਼ਿਲ੍ਹਾ ਪੱਧਰੀ ਪ੍ਰੋਗਰਾਮ ਕਰਵਾਏ ਜਾਣਗੇ।

ਵੱਖ-ਵੱਖ ਥਾਵਾਂ 'ਤੇ ਸੰਤਾਂ, ਸਮਾਜਿਕ ਸੰਸਥਾਵਾਂ, ਧਾਰਮਿਕ ਅਦਾਰਿਆਂ ਅਤੇ ਸਮਾਜ ਦੇ ਪਤਵੰਤੇ ਵਿਅਕਤੀਆਂ ਨੂੰ ਸੱਦਾ ਦਿੱਤਾ ਜਾਵੇਗਾ, ਤਾਂ ਜੋ ਮੁਹਿੰਮ ਵਿੱਚ ਸਮਾਜ ਦੇ ਹਰ ਵਰਗ ਦੀ ਵਿਆਪਕ ਭਾਗੀਦਾਰੀ ਯਕੀਨੀ ਬਣਾਈ ਜਾ ਸਕੇ।

ਡਾ. ਅਰਚਨਾ ਗੁਪਤਾ ਨੇ ਕਿਹਾ ਕਿ ਇਸ ਯਾਤਰਾ ਦਾ ਮੁੱਖ ਉਦੇਸ਼ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਿੱਤੇ ਸਮਾਜਿਕ ਸਮਰਸਤਾ, ਬਰਾਬਰੀ, ਭਾਈਚਾਰੇ ਅਤੇ ਮਨੁੱਖਤਾ ਦੀ ਭਲਾਈ ਦੇ ਸੰਦੇਸ਼ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਹੈ।

25 ਨਵੰਬਰ ਨੂੰ ਹਰਿਆਣਾ ਵਿੱਚ ਦਾਖਲ ਹੋਵੇਗੀ ਯਾਤਰਾ, ਕੁਰੂਕਸ਼ੇਤਰ ਵਿੱਚ ਵਿਸ਼ਾਲ ਧਰਮ ਸਭਾ ਨੂੰ ਸੰਬੋਧਨ ਕਰਨਗੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਭਾਜਪਾ ਹਰਿਆਣਾ ਦੀ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ ਨੇ ਦੱਸਿਆ ਕਿ ਸਮਰਸਤਾ ਸੰਕਲਪ ਯਾਤਰਾ 25 ਨਵੰਬਰ ਨੂੰ ਸਹਾਰਨਪੁਰ ਤੋਂ ਯਮੁਨਾਨਗਰ ਦੇ ਰਸਤੇ ਹਰਿਆਣਾ ਵਿੱਚ ਦਾਖਲ ਹੋਵੇਗੀ। ਇਸ ਤੋਂ ਬਾਅਦ ਯਾਤਰਾ ਅੰਬਾਲਾ ਹੁੰਦੀ ਹੋਈ ਕੁਰੂਕਸ਼ੇਤਰ ਪਹੁੰਚੇਗੀ, ਜਿੱਥੇ ਸ਼ਾਮ ਚਾਰ ਵਜੇ ਵਿਸ਼ਾਲ ਧਰਮ ਸਭਾ ਕਰਵਾਈ ਜਾਵੇਗੀ।

ਇਸ ਧਰਮ ਸਭਾ ਨੂੰ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੰਬੋਧਨ ਕਰਨਗੇ। ਹਰਿਆਣਾ ਦੀ ਸਰਹੱਦ 'ਤੇ ਲਗਭਗ 500 ਮੋਟਰਸਾਈਕਲਾਂ ਨਾਲ ਯਾਤਰਾ ਦਾ ਸਵਾਗਤ ਕਰਨ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ 26 ਨਵੰਬਰ ਨੂੰ ਯਾਤਰਾ ਕੁਰੂਕਸ਼ੇਤਰ ਤੋਂ ਕਰਨਾਲ, ਪਾਣੀਪਤ ਅਤੇ ਸੋਨੀਪਤ ਹੁੰਦੀ ਹੋਈ ਮੇਰਠ ਵੱਲ ਰਵਾਨਾ ਹੋਵੇਗੀ।

ਇਸ ਤੋਂ ਬਾਅਦ 28 ਨਵੰਬਰ ਨੂੰ ਯਾਤਰਾ ਦਿੱਲੀ ਤੋਂ ਫਰੀਦਾਬਾਦ ਅਤੇ ਪਲਵਲ ਹੁੰਦੀ ਹੋਈ ਮਥੁਰਾ ਵੱਲ ਰਵਾਨਾ ਹੋਵੇਗੀ। ਕੁਰੂਕਸ਼ੇਤਰ ਵਿੱਚ ਵਿਸ਼ਾਲ ਧਰਮ ਸਭਾ ਤੋਂ ਇਲਾਵਾ ਸੋਨੀਪਤ ਅਤੇ ਫਰੀਦਾਬਾਦ ਵਿੱਚ ਵੀ ਜ਼ਿਲ੍ਹਾ ਪੱਧਰੀ ਪ੍ਰੋਗਰਾਮ ਕਰਵਾਏ ਜਾਣਗੇ।

ਡਾ. ਅਰਚਨਾ ਗੁਪਤਾ ਨੇ ਦੱਸਿਆ ਕਿ ਕੁਰੂਕਸ਼ੇਤਰ ਤੋਂ ਯਾਤਰਾ ਦੀ ਰਵਾਨਗੀ ਤੋਂ ਪਹਿਲਾਂ ਕਈ ਵਿਸ਼ੇਸ਼ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਨ੍ਹਾਂ ਵਿੱਚ ਸਫ਼ਾਈ ਮੁਹਿੰਮ, ਅਨੁਸੂਚਿਤ ਜਾਤੀ ਸਮਾਜ ਦੇ 150 ਤੋਂ 200 ਪਤਵੰਤੇ ਵਿਅਕਤੀਆਂ ਨਾਲ ਸਮਰਸਤਾ ਸੰਵਾਦ ਅਤੇ ਮੰਦਰ ਵਿੱਚ ਗੁਰੂ ਰਵਿਦਾਸ ਮਹਾਰਾਜ ਜੀ ਦੀ ਤਸਵੀਰ ਦੀ ਸਥਾਪਨਾ ਤੇ ਪੂਜਾ ਵਰਗੇ ਪ੍ਰੋਗਰਾਮ ਸ਼ਾਮਲ ਹੋਣਗੇ।

ਯਾਤਰਾ ਦੇ ਰਸਤੇ ਵਿੱਚ ਆਉਣ ਵਾਲੇ ਮਹਾਨ ਵਿਅਕਤੀਆਂ ਦੇ ਸਮਾਰਕਾਂ ਅਤੇ ਬੁੱਤਾਂ 'ਤੇ ਫੁੱਲ ਭੇਟ ਕਰਕੇ ਉਨ੍ਹਾਂ ਦੇ ਯੋਗਦਾਨ ਨੂੰ ਯਾਦ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਮਰਸਤਾ ਸੰਕਲਪ ਯਾਤਰਾ ਸਿਰਫ਼ ਇੱਕ ਧਾਰਮਿਕ ਸਮਾਗਮ ਨਹੀਂ, ਸਗੋਂ ਸਮਾਜਿਕ ਸਦਭਾਵਨਾ, ਬਰਾਬਰੀ ਅਤੇ ਭਾਈਚਾਰੇ ਦਾ ਸੰਦੇਸ਼ ਲੋਕਾਂ ਤੱਕ ਪਹੁੰਚਾਉਣ ਦਾ ਇੱਕ ਮਹੱਤਵਪੂਰਨ ਉਪਰਾਲਾ ਹੈ।

ਉਨ੍ਹਾਂ ਅਹੁਦੇਦਾਰਾਂ ਨੂੰ ਅਪੀਲ ਕੀਤੀ ਕਿ ਯਾਤਰਾ ਵਿੱਚ ਸੰਤਾਂ, ਸਮਾਜਿਕ ਅਤੇ ਧਾਰਮਿਕ ਸੰਸਥਾਵਾਂ, ਬੁੱਧੀਜੀਵੀਆਂ, ਪਤਵੰਤੇ ਨਾਗਰਿਕਾਂ ਅਤੇ ਆਮ ਲੋਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਯਕੀਨੀ ਬਣਾਈ ਜਾਵੇ, ਤਾਂ ਜੋ ਗੁਰੂ ਰਵਿਦਾਸ ਮਹਾਰਾਜ ਜੀ ਦਾ ਸੰਦੇਸ਼ ਸਮਾਜ ਦੇ ਹਰ ਵਰਗ ਤੱਕ ਪਹੁੰਚ ਸਕੇ।

ਡਾ. ਅਰਚਨਾ ਗੁਪਤਾ ਨੇ ਸਾਰੇ ਅਹੁਦੇਦਾਰਾਂ ਅਤੇ ਪਾਰਟੀ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਨਿਰਧਾਰਤ ਜ਼ਿੰਮੇਵਾਰੀਆਂ ਪੂਰੀ ਨਿਸ਼ਠਾ, ਸਮਰਪਣ ਅਤੇ ਆਪਸੀ ਤਾਲਮੇਲ ਨਾਲ ਨਿਭਾਉਣ। ਵਰਕਸ਼ਾਪ ਦੌਰਾਨ ਸੂਬਾ ਅਤੇ ਜ਼ਿਲ੍ਹਾ ਪੱਧਰ 'ਤੇ ਯਾਤਰਾ ਦੀਆਂ ਤਿਆਰੀਆਂ, ਸਵਾਗਤੀ ਪ੍ਰੋਗਰਾਮਾਂ, ਜਨ ਸਭਾਵਾਂ ਅਤੇ ਹੋਰ ਪ੍ਰਬੰਧਾਂ ਸਬੰਧੀ ਜ਼ਿੰਮੇਵਾਰੀਆਂ ਵੀ ਤੈਅ ਕੀਤੀਆਂ ਗਈਆਂ।

ਗੁਰੂ ਰਵਿਦਾਸ ਮਹਾਰਾਜ ਜੀ ਦੇ ਬੇਗਮਪੁਰਾ ਦੇ ਵਿਚਾਰਾਂ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਯਾਤਰਾ ਦਾ ਉਦੇਸ਼ : ਲਾਲ ਸਿੰਘ ਆਰੀਆ ਸੂਬਾ ਪੱਧਰੀ ਵਰਕਸ਼ਾਪ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਾਜਪਾ ਦੇ ਕੌਮੀ ਮੀਤ ਪ੍ਰਧਾਨ ਲਾਲ ਸਿੰਘ ਆਰੀਆ ਨੇ ਕਿਹਾ ਕਿ ਸੰਤ ਸ਼੍ਰੋਮਣੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਜੀਵਨ ਅਤੇ ਫ਼ਲਸਫ਼ਾ ਸਮਾਜਿਕ ਬਰਾਬਰੀ, ਨਿਆਂ, ਭਾਈਚਾਰੇ ਅਤੇ ਮਨੁੱਖੀ ਮਾਣ-ਸਨਮਾਨ ਦਾ ਡੂੰਘਾ ਸੰਦੇਸ਼ ਦਿੰਦਾ ਹੈ।

ਉਨ੍ਹਾਂ ਕਿਹਾ ਕਿ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਕਲਪਿਆ ਗਿਆ ਬੇਗਮਪੁਰਾ ਇੱਕ ਅਜਿਹੇ ਆਦਰਸ਼ ਸਮਾਜ ਦੀ ਕਲਪਨਾ ਹੈ, ਜਿੱਥੇ ਕਿਸੇ ਵੀ ਤਰ੍ਹਾਂ ਦਾ ਡਰ, ਵਿਤਕਰਾ ਜਾਂ ਅਨਿਆਂ ਨਾ ਹੋਵੇ ਅਤੇ ਹਰ ਵਿਅਕਤੀ ਨੂੰ ਬਰਾਬਰ ਮਾਣ-ਸਨਮਾਨ ਅਤੇ ਅਧਿਕਾਰ ਪ੍ਰਾਪਤ ਹੋਣ।

ਲਾਲ ਸਿੰਘ ਆਰੀਆ ਨੇ ਕਿਹਾ ਕਿ ਸਮਰਸਤਾ ਸੰਕਲਪ ਯਾਤਰਾ ਦਾ ਮੁੱਖ ਉਦੇਸ਼ ਗੁਰੂ ਰਵਿਦਾਸ ਮਹਾਰਾਜ ਜੀ ਦੇ ਇਨ੍ਹਾਂ ਮਹਾਨ ਵਿਚਾਰਾਂ ਨੂੰ ਸਮਾਜ ਦੇ ਹਰ ਵਰਗ ਤੱਕ ਪਹੁੰਚਾਉਣਾ ਅਤੇ ਸਮਾਜਿਕ ਸਮਰਸਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਹੈ।

ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਗੁਰੂ ਰਵਿਦਾਸ ਮਹਾਰਾਜ ਜੀ ਦੀ ਵਿਰਾਸਤ ਅਤੇ ਸਿੱਖਿਆਵਾਂ ਨੂੰ ਸਨਮਾਨ ਦੇਣ ਲਈ ਕਈ ਮਹੱਤਵਪੂਰਨ ਪਹਿਲਕਦਮੀਆਂ ਕੀਤੀਆਂ ਗਈਆਂ ਹਨ।

ਮੱਧ ਪ੍ਰਦੇਸ਼ ਦੇ ਸਾਗਰ ਸਥਿਤ ਬੜਤੂਮਾ ਵਿਖੇ ਸੰਤ ਰਵਿਦਾਸ ਮੰਦਰ ਦਾ ਨਿਰਮਾਣ ਅਤੇ ਹਰਿਆਣਾ ਦੇ ਉਮਰੀ ਵਿਖੇ ਪ੍ਰਸਤਾਵਿਤ ਸਥਾਨ ਦਾ ਵਿਕਾਸ ਵੀ ਇਸੇ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਹਨ। ਲਾਲ ਸਿੰਘ ਆਰੀਆ ਨੇ ਦੱਸਿਆ ਕਿ ਸਮਰਸਤਾ ਸੰਕਲਪ ਮੁਹਿੰਮ ਦੇ ਪਹਿਲੇ ਪੜਾਅ ਦੀ ਸ਼ੁਰੂਆਤ 29 ਜੁਲਾਈ ਨੂੰ ਗੁਰੂ ਪੂਰਨਿਮਾ ਦੇ ਮੌਕੇ 'ਤੇ ਕਾਸ਼ੀ ਤੋਂ ਕੀਤੀ ਗਈ ਸੀ।

ਇਸ ਦੌਰਾਨ 131 ਥਾਵਾਂ ਤੋਂ ਰੱਥ ਰਵਾਨਾ ਕੀਤੇ ਗਏ ਅਤੇ ਗੁਰੂ ਰਵਿਦਾਸ ਮਹਾਰਾਜ ਜੀ ਦੀ ਜਨਮ ਭੂਮੀ ਦੀ ਪਵਿੱਤਰ ਮਿੱਟੀ ਨੂੰ ਕਲਸ਼ਾਂ ਵਿੱਚ ਇਕੱਠਾ ਕਰਕੇ ਵੱਖ-ਵੱਖ ਥਾਵਾਂ ਤੱਕ ਪਹੁੰਚਾਇਆ ਗਿਆ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਬਾਅਦ ਦੇਸ਼ ਭਰ ਵਿੱਚ 51 ਹਜ਼ਾਰ ਥਾਵਾਂ 'ਤੇ ਸਮਰਸਤਾ ਦੀਪ ਮੁਹਿੰਮ ਤਹਿਤ ਦੀਪ ਉਤਸਵ ਪ੍ਰੋਗਰਾਮ ਕਰਵਾਏ ਗਏ।

ਸੰਤ ਸੰਪਰਕ ਮੁਹਿੰਮ ਰਾਹੀਂ ਵੀ ਸੰਤ ਸਮਾਜ ਅਤੇ ਵੱਖ-ਵੱਖ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਨਾਲ ਸੰਵਾਦ ਸਥਾਪਿਤ ਕੀਤਾ ਗਿਆ।

ਉਨ੍ਹਾਂ ਕਿਹਾ ਕਿ ਹੁਣ ਮੁਹਿੰਮ ਦੇ ਚੌਥੇ ਪੜਾਅ ਤਹਿਤ ਸਮਰਸਤਾ ਸੰਕਲਪ ਯਾਤਰਾ ਕੱਢੀ ਜਾ ਰਹੀ ਹੈ, ਜਿਸ ਦਾ ਉਦੇਸ਼ ਗੁਰੂ ਰਵਿਦਾਸ ਮਹਾਰਾਜ ਜੀ ਦੇ ਬਰਾਬਰੀ, ਸਮਾਜਿਕ ਨਿਆਂ, ਭਾਈਚਾਰੇ ਅਤੇ ਸਮਰਸਤਾ ਦੇ ਸੰਦੇਸ਼ ਨੂੰ ਦੇਸ਼ ਭਰ ਵਿੱਚ ਵਿਆਪਕ ਪੱਧਰ 'ਤੇ ਲੋਕਾਂ ਤੱਕ ਪਹੁੰਚਾਉਣਾ ਹੈ।

ਕਿਸਾਨਾਂਦੀ ਆਮਦਨ ਵਿੱਚ ਵਾਧਾ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਿਆ

ਚੰਡੀਗੜ੍ਹ, 14 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਸਰਕਾਰ ਵੱਲੋਂ ਸੂਬੇ ਦੇ ਕਿਸਾਨਾਂ ਨੂੰ ਉੱਨਤ ਅਤੇ ਸਿਹਤਮੰਦ ਪਨੀਰੀ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਆਮਦਨ ਵਿੱਚ ਵਾਧਾ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਚੁੱਕਿਆ ਗਿਆ ਹੈ।

ਬਾਗਬਾਨੀ ਵਿਭਾਗ, ਹਰਿਆਣਾ ਦੇ ਬੁਲਾਰੇ ਨੇ ਦੱਸਿਆ ਕਿ ਵਿਭਾਗ ਅਧੀਨ ਆਉਂਦੇ ਸਬਜ਼ੀ ਉੱਤਮਤਾ ਕੇਂਦਰ, ਘਰੌਂਡਾ ਵਿਖੇ ਹਾੜ੍ਹੀ ਦੇ ਸੀਜ਼ਨ ਦੀਆਂ ਸਬਜ਼ੀਆਂ ਜਿਵੇਂ ਕਿ ਤਰਬੂਜ਼, ਖਰਬੂਜ਼ਾ, ਖੀਰਾ, ਸ਼ਿਮਲਾ ਮਿਰਚ ਅਤੇ ਹੋਰ ਸਾਰੀਆਂ ਵੇਲਾਂ ਵਾਲੀਆਂ ਸਬਜ਼ੀਆਂ ਦੀ ਪਨੀਰੀ ਤਿਆਰ ਕਰਨ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਸ ਪਹਿਲਕਦਮੀ ਤਹਿਤ ਕਿਸਾਨ ਆਪਣੇ ਖੇਤ ਨਾਲ ਸਬੰਧਤ ਸਬਜ਼ੀ ਦੀ ਫ਼ਸਲ ਦਾ ਬੀਜ ਲੈ ਕੇ ਇਸ ਕੇਂਦਰ ਵਿਖੇ ਆਪਣੀ ਸਿਹਤਮੰਦ ਪਨੀਰੀ ਤਿਆਰ ਕਰਵਾਉਣ ਲਈ ਸੰਪਰਕ ਕਰ ਸਕਦੇ ਹਨ। ਕੇਂਦਰ ਵੱਲੋਂ ਨਿਰਧਾਰਿਤ ਸਮਾਂ-ਸੀਮਾ ਵਿੱਚ ਕਿਸਾਨਾਂ ਨੂੰ ਸਿਹਤਮੰਦ ਪਨੀਰੀ ਮੁਹੱਈਆ ਕਰਵਾਈ ਜਾਵੇਗੀ ਅਤੇ ਵਿਭਾਗੀ ਨਿਯਮਾਂ ਅਨੁਸਾਰ ਕੰਮ ਮੁਕੰਮਲ ਹੋਣ 'ਤੇ ਸਬਸਿਡੀ ਦੀ ਰਾਸ਼ੀ ਡੀ.ਬੀ.ਟੀ. ਰਾਹੀਂ ਸਿੱਧੇ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਈ ਜਾਵੇਗੀ।

ਕੇਂਦਰ ਵਿਖੇ ਸਥਿਤ ਹਾਈ-ਟੈੱਕ ਗ੍ਰੀਨ ਹਾਊਸ ਦਾ ਕੁੱਲ ਆਕਾਰ 1792 ਵਰਗ ਮੀਟਰ ਹੈ, ਅਤੇ ਉਪਲਬਧ ਥਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕਿਸਾਨਾਂ ਦੀ ਪਨੀਰੀ ਦੀ ਬੁਕਿੰਗ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਕੀਤੀ ਜਾਵੇਗੀ। ਸਬਜ਼ੀਆਂ ਦੀ ਪਨੀਰੀ ਦੀ ਬੁਕਿੰਗ ਲਈ ਲੋੜੀਂਦੇ ਦਸਤਾਵੇਜ਼ਾਂ ਵਿੱਚ ਆਧਾਰ ਕਾਰਡ, ਪੈਨ ਕਾਰਡ, ਬੈਂਕ ਪਾਸਬੁੱਕ ਜਾਂ ਚੈੱਕ ਦੀ ਕਾਪੀ, ਪਰਿਵਾਰ ਪਹਿਚਾਣ ਪੱਤਰ, ਮੇਰੀ ਫ਼ਸਲ ਮੇਰਾ ਬਿਓਰਾ ਅਤੇ ਪਾਸਪੋਰਟ ਸਾਈਜ਼ ਫੋਟੋ ਆਦਿ ਸ਼ਾਮਲ ਹਨ।

